ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 7 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੧ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ਹਾਈਕੋਰਟ ਨੇ ਪੰਜਾਬ ਦੇ ਮੁੱਖ ਸਕੱਤਰ ਨੂੰ ਅਪਰਾਧਿਕ ਮਾਣਹਾਨੀ ਦਾ ਨੋਟਿਸ ਕੀਤਾ ਜਾਰੀ

**ਚੰਡੀਗੜ੍ਹ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ (ਡੀ. ਏ.) ਦੇ ਮਾਮਲੇ ਵਿੱਚ ਅੱਜ ਹਾਈਕੋਰਟ 'ਚ ਸੁਣਵਾਈ ਹੋਈ, ਜਿਸ ਦੌਰਾਨ ਹਾਈਕੋਰਟ ਨੇ ਸਰਕਾਰ ਨੂੰ ਤਿੱਖੀ ਝਾੜ ਪਾਈ। ਹਾਈਕੋਰਟ ਨੇ ਸੁਣਵਾਈ ਦੌਰਾਨ ਪੰਜਾਬ ਸਰਕਾਰ ਨੂੰ ਵੱਡਾ ਝਟਕਾ ਦਿੰਦਿਆਂ ਮੁੱਖ ਸਕੱਤਰ ਖਿਲਾਫ਼ ਅਪਰਾਧਿਕ ਮਾਣਹਾਨੀ ਨੋਟਿਸ ਜਾਰੀ ਕੀਤਾ ਹੈ ਅਤੇ ਸ਼ੁੱਕਰਵਾਰ (9 ਅਕਤੂਬਰ) ਤੱਕ ਜਵਾਬ ਦੇਣ ਲਈ ਕਿਹਾ ਹੈ। ਜਾਣਕਾਰੀ ਅਨੁਸਾਰ, ਮਾਮਲੇ ਦੀ ਸੁਣਵਾਈ ਦੌਰਾਨ ਮੁਲਾਜ਼ਮਾਂ ਦੇ ਵਕੀਲ ਨੇ ਹਾਈ ਕੋਰਟ ਨੂੰ ਦੱਸਿਆ ਕਿ ਪੰਜਾਬ ਸਰਕਾਰ ਦੀ ਸੁਪਰੀਮ ਕੋਰਟ ਵਿੱਚ ਅਪੀਲ ਵਿਚੋਂ ਖਾਮੀਆਂ ਅਜੇ ਤੱਕ ਦੂਰ ਨਹੀਂ ਕੀਤੇ ਗਏ ਹਨ। ਨਾਲ ਹੀ, ਪਾਵਰ ਆਫ਼ ਅਟਾਰਨੀ 'ਤੇ ਦਸਤਖਤ ਵੀ ਨਹੀਂ ਕੀਤੇ ਗਏ ਹਨ, ਜਿਸ ਨਾਲ ਇਹ ਸਪੱਸ਼ਟ ਹੈ ਕਿ ਸਰਕਾਰ ਗੁੰਮਰਾਹ ਕਰ ਰਹੀ ਹੈ। ਦੂਜੇ ਪਾਸੇ, ਪੰਜਾਬ ਸਰਕਾਰ ਵੱਲੋਂ ਅੱਜ ਸੁਪਰੀਮ ਕੋਰਟ ਦੇ ਸੀਨੀਅਰ ਵਕੀਲ ਵਿਕਾਸ ਸਿੰਘ ਪੇਸ਼ ਹੋਏ। ਚੀਫ਼ ਜਸਟਿਸ ਨੇ ਪੰਜਾਬ ਸਰਕਾਰ ਨੂੰ ਕਿਹਾ, "ਤੁਸੀਂ ਵਾਰ-ਵਾਰ ਕਹਿ ਰਹੇ ਹੋ ਕਿ ਅਸੀਂ ਹਾਈ ਕੋਰਟ ਦੇ ਹੁਕਮਾਂ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਹੈ, ਪਰ ਸੁਣਵਾਈ ਕਿਉਂ ਨਹੀਂ ਹੋ ਰਹੀ ?" ਅਦਾਲਤ ਨੇ ਕਿਹਾ, ਤੁਸੀਂ ਇੱਕ ਦੋਸ਼ਪੂਰਨ (ਡਿਫੈਕਟਿਵ) ਅਪੀਲ ਦਾਇਰ ਕੀਤੀ, ਤਾਂ ਇਸਦੀ ਸੁਣਵਾਈ ਕਿਵੇਂ ਹੋਵੇਗੀ ? ਅਪੀਲ 1 ਸਤੰਬਰ ਨੂੰ ਦਾਇਰ ਕੀਤੀ ਗਈ ਸੀ, ਅਤੇ ਅੱਜ 6 ਅਕਤੂਬਰ ਹੈ। ਅਦਾਲਤ ਨੇ ਕਿਹਾ ਕਿ ਸਰਕਾਰ ਜਾਣ-ਬੁੱਝ ਕੇ ਕੇਸ ਵਿੱਚ ਦੇਰੀ ਕਰ ਰਹੀ ਹੈ ਅਤੇ ਪੰਜਾਬ ਦੇ ਲੱਖਾਂ ਕਰਮਚਾਰੀ ਦੇਖ ਰਹੇ ਹਨ ਕਿ ਸਰਕਾਰ ਉਨ੍ਹਾਂ ਨਾਲ ਕੀ ਕਰ ਰਹੀ ਹੈ।

## ਹੋਰਮੁਜ਼ 'ਚ ਇਕ ਵਾਰ ਫ਼ਿਰ

# ਭਾਰਤੀਆਂ ਨਾਲ ਭਰੇ ਜਹਾਜ਼ 'ਤੇ ਹੋ ਗਿਆ ਹਮਲਾ !

**ਤਹਿਰਾਨ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਇਰਾਨ ਤੇ ਅਮਰੀਕਾ ਵਿਚਾਲੇ ਜਾਰੀ ਜੰਗ ਕਾਰਨ ਮਿਡਲ ਈਸਟ 'ਚ ਹਾਲਾਤ ਲਗਾਤਾਰ ਤਣਾਅਪੂਰਨ ਬਣੇ ਹੋਏ ਹਨ। ਇਸੇ ਦੌਰਾਨ ਓਮਾਨ ਦੇ ਤੱਟ ਨੇੜੇ ਹੋਰਮੁਜ਼ 'ਚੋਂ ਲੰਘ ਰਹੇ ਇਕ ਵਪਾਰਕ ਜਹਾਜ਼ MT On Peace, ਜਿਸ 'ਤੇ ਪਨਾਮਾ ਦਾ ਝੰਡਾ ਲੱਗਿਆ ਹੋਇਆ ਸੀ, 'ਤੇ ਮਿਜ਼ਾਈਲ ਹਮਲਾ ਕੀਤਾ ਗਿਆ ਹੈ। ਇਸ ਹਮਲੇ 'ਚ ਜਹਾਜ਼ ਸਵਾਰ 11 ਭਾਰਤੀ ਨਾਗਰਿਕਾਂ ਸਮੇਤ ਕੁੱਲ 12 ਕ੍ਰੂ ਮੈਂਬਰ ਜ਼ਖ਼ਮੀ ਹੋ ਗਏ ਹਨ। ਭਾਰਤੀ ਵਿਦੇਸ਼ ਮੰਤਰਾਲੇ ਨੇ ਇਸ ਹਮਲੇ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ ਹੈ ਅਤੇ ਖੇਤਰ 'ਚ ਸ਼ਾਂਤੀ ਲਈ ਅਜਿਹੇ ਹਮਲਿਆਂ ਨੂੰ ਤੁਰੰਤ ਰੋਕਣ ਦੀ ਅਪੀਲ ਕੀਤੀ ਹੈ ਵਿਦੇਸ਼ ਮੰਤਰਾਲੇ ਅਨੁਸਾਰ, ਜਹਾਜ਼ 'ਤੇ ਸਵਾਰ ਕੁੱਲ 19 ਕ੍ਰੂ ਮੈਂਬਰਾਂ 'ਚੋਂ 17 ਭਾਰਤੀ ਨਾਗਰਿਕ ਹਨ। ਹਮਲੇ 'ਚ ਜ਼ਖ਼ਮੀ ਹੋਏ 12 ਮੈਂਬਰਾਂ ਵਿੱਚੋਂ 11 ਭਾਰਤੀ ਹਨ। ਓਮਾਨੀ ਅਧਿਕਾਰੀਆਂ ਦੀ ਮਦਦ ਨਾਲ ਜ਼ਖ਼ਮੀ ਕ੍ਰੂ



ਮੈਂਬਰਾਂ ਨੂੰ ਜਹਾਜ਼ ਤੋਂ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ ਅਤੇ ਉਨ੍ਹਾਂ ਨੂੰ ਓਮਾਨ ਦੇ 'ਖਾਸਬ' ਵਿਖੇ ਮੈਡੀਕਲ ਸਹਾਇਤਾ ਦਿੱਤੀ ਜਾ ਰਹੀ ਹੈ। ਭਾਰਤ ਨੇ ਇਸ ਮਦਦ ਲਈ ਓਮਾਨ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਹੈ। ਇਸ ਹਮਲੇ ਦੀ ਨਿੰਦਾ ਕਰਦੇ ਹੋਏ ਭਾਰਤੀ ਵਿਦੇਸ਼ ਮੰਤਰਾਲੇ ਨੇ ਕਿਹਾ, "ਖੇਤਰ ਵਿੱਚ ਵਪਾਰਕ ਜਹਾਜ਼ਾਂ ਦੀ ਆਵਾਜਾਈ, ਕ੍ਰੂ ਮੈਂਬਰਾਂ ਅਤੇ ਨਾਗਰਿਕ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਣਾ ਤੁਰੰਤ ਰੋਕਿਆ ਜਾਣਾ ਚਾਹੀਦਾ ਹੈ। ਅੰਤਰਰਾਸ਼ਟਰੀ ਸਮੁੰਦਰੀ ਰਸਤਿਆਂ 'ਚ ਵਪਾਰ ਅਤੇ ਆਵਾਜਾਈ ਦੀ ਸੁਰੱਖਿਆ ਬਹਾਲ ਕੀਤੀ ਜਾਣੀ ਚਾਹੀਦੀ ਹੈ।" ਜ਼ਿਕਰਯੋਗ ਹੈ ਕਿ ਇਹ ਪਹਿਲੀ ਵਾਰ ਨਹੀਂ ਹੈ, ਜਦੋਂ ਇਸ ਖੇਤਰ 'ਚ ਜਹਾਜ਼ਾਂ ਨੂੰ ਨਿਸ਼ਾਨਾ ਬਣਾਇਆ ਗਿਆ ਹੋਵੇ। ਇਸ ਤੋਂ ਪਹਿਲਾਂ 3 ਅਕਤੂਬਰ ਨੂੰ ਵੀ ਹੋਰਮੁਜ਼ 'ਚ ਕੁਵੈਤ ਦਾ ਝੰਡਾ ਲੱਗੇ ਟੈਂਕਰ 'ਐੱਮ.ਟੀ. ਕਾਜ਼ੀਮਾ III' 'ਤੇ ਹਮਲਾ ਹੋਇਆ ਸੀ, ਜਿੱਥੋਂ ਓਮਾਨੀ ਅਧਿਕਾਰੀਆਂ ਅਤੇ ਭਾਰਤੀ ਦੂਤਾਵਾਸ ਦੇ ਤਾਲਮੇਲ ਨਾਲ 5 ਭਾਰਤੀ ਨਾਗਰਿਕਾਂ ਨੂੰ ਸੁਰੱਖਿਅਤ ਬਚਾਇਆ ਗਿਆ ਸੀ। ਫਿਲਾਹਲ ਇਸ ਤਾਜ਼ਾ ਹਮਲੇ ਨੇ ਇਕ ਵਾਰ ਫ਼ਿਰ ਤੋਂ ਹੋਰਮੁਜ਼ ਤੋਂ ਲੰਘਣ ਵਾਲੇ ਜਹਾਜ਼ਾਂ ਲਈ ਖ਼ਤਰੇ ਦੀ ਘੰਟੀ ਵਜਾ ਦਿੱਤੀ ਹੈ।

## ਬਹਿਰੀਨ ਵਾਲੀ ਬੀਬੀ ਦੇ ਮਾਮਲੇ 'ਚ SGPC ਦੀ ਵੱਡੀ ਕਾਰਵਾਈ, 2 ਹੋਰ ਮੁਅੱਤਲ, 1 ਦਾ ਤਬਾਦਲਾ

**ਅੰਮ੍ਰਿਤਸਰ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬਹਿਰੀਨ ਵਾਲੀ ਬੀਬੀ ਦੇ ਮਾਮਲੇ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਤਿੰਨ ਹੋਰ ਕਰਮਚਾਰੀਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਹੈ। ਜਾਣਕਾਰੀ ਅਨੁਸਾਰ ਜਾਂਚ ਕਮੇਟੀ ਦੀ ਸਿਫ਼ਾਰਸ਼ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੋ ਕਰਮਚਾਰੀਆਂ ਨੂੰ ਮੁਅੱਤਲ ਕਰ ਦਿੱਤਾ ਹੈ ਜਦਕਿ ਇੱਕ ਦਾ ਤਬਾਦਲਾ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ਜ਼ਿੰਮੇਵਾਰੀ 'ਚ ਕੁਤਾਹੀ ਕਰਨ ਦੇ ਦੋਸ਼ 'ਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਾਬਕਾ ਮੈਨੇਜਰ ਮਲਕੀਤ ਸਿੰਘ ਅਤੇ ਰਜਿਸਟਰਾਂ 'ਚ ਛੇੜਛਾੜ ਕਰਕੇ ਗਲਤ ਇੰਦਰਾਜ ਦਰਜ ਕਰਨ ਵਾਲੇ ਸਰਾਂ ਦੇ ਇੰਚਾਰਜ ਅਮਰੀਕ ਸਿੰਘ ਨੂੰ ਡਿਊਟੀ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਸਰਾਂ 'ਚ ਹੈਲਪਰ ਵਜੋਂ ਡਿਊਟੀ ਨਿਭਾ ਰਹੇ ਪ੍ਰਭਜੋਤ ਸਿੰਘ ਦਾ ਤਬਾਦਲਾ ਕੀਤਾ ਗਿਆ ਹੈ। ਇਸ ਮਾਮਲੇ 'ਚ ਵਿਭਾਗੀ ਜਾਂਚ ਜਾਰੀ ਰੱਖਣ ਦੇ ਵੀ ਆਦੇਸ਼ ਦਿੱਤੇ ਗਏ ਹਨ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਗਈਆਂ ਸਨ ਅਤੇ ਇੱਕ ਡਰਾਈਵਰ ਨੂੰ ਵੀ ਮੁਅੱਤਲ ਕੀਤਾ ਗਿਆ ਸੀ।




## ਹਰਮਨਪ੍ਰੀਤ ਕੌਰ ਨੇ ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨੀ ਛੱਡੀ

**ਨਵੀਂ ਦਿੱਲੀ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਵਿਸ਼ਵ ਕੱਪ ਜੇਤੂ ਕਪਤਾਨ ਹਰਮਨਪ੍ਰੀਤ ਕੌਰ ਨੇ ਇੱਕ ਵੱਡਾ ਫੈਸਲਾ ਲਿਆ ਹੈ। ਉਨ੍ਹਾਂ ਨੇ ਅੱਜ ਤਿੰਨੋਂ ਫਾਰਮੈਟਾਂ ਵਿੱਚ ਭਾਰਤੀ ਟੀਮ ਦੀ ਕਪਤਾਨੀ ਛੱਡਣ ਦੇ ਆਪਣੇ ਫੈਸਲੇ ਦਾ ਐਲਾਨ ਕੀਤਾ ਹੈ। ਸੋਸ਼ਲ ਮੀਡੀਆ 'ਤੇ ਇੱਕ ਭਾਵੁਕ ਸੰਦੇਸ਼ ਸਾਂਝਾ ਕਰਦੇ ਹੋਏ ਹਰਮਨਪ੍ਰੀਤ ਨੇ ਕਿਹਾ ਕਿ ਇਹ ਫੈਸਲਾ ਉਸਦੇ ਲਈ ਆਸਾਨ ਨਹੀਂ ਸੀ, ਪਰ ਹੁਣ ਉਹ ਇੱਕ ਖਿਡਾਰੀ ਦੇ ਰੂਪ ਵਿੱਚ ਅੱਗੇ ਵਧਣਾ ਚਾਹੁੰਦੀ ਹੈ। ਆਪਣੇ ਸੰਦੇਸ਼ ਵਿੱਚ ਹਰਮਨਪ੍ਰੀਤ ਨੇ ਲਿਖਿਆ "ਅੱਜ ਮੈਂ ਸਾਰੇ ਫਾਰਮੈਟਾਂ ਵਿੱਚ ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨੀ ਛੱਡ ਰਹੀ ਹਾਂ। ਇਹ ਕੋਈ ਆਸਾਨ ਫੈਸਲਾ ਨਹੀਂ ਹੈ। ਇਹ ਆਪਣੇ ਨਾਲ ਸਾਲਾਂ ਦੀਆਂ ਯਾਦਾਂ, ਭਾਵਨਾਵਾਂ, ਕੁਰਬਾਨੀਆਂ ਅਤੇ ਪਲਾਂ ਨੂੰ ਲੈ ਕੇ ਆਉਂਦਾ ਹੈ ਜੋ ਮੇਰੀ ਬਾਕੀ ਜ਼ਿੰਦਗੀ ਲਈ ਮੇਰੇ ਨਾਲ ਰਹਿਣਗੇ।" 37 ਸਾਲਾ ਹਰਮਨਪ੍ਰੀਤ ਨੇ ਪੰਜ ਟੈਸਟ, 51 ਵਨਡੇ ਅਤੇ 155 ਟੀ-20 ਅੰਤਰਰਾਸ਼ਟਰੀ ਮੈਚਾਂ ਵਿੱਚ ਭਾਰਤ ਦੀ ਕਪਤਾਨੀ ਕੀਤੀ ਹੈ। ਕਪਤਾਨ ਵਜੋਂ ਉਨ੍ਹਾਂ ਦਾ ਆਖਰੀ ਕੰਮ ਪਿਛਲੇ ਮਹੀਨੇ ਨਿਸ਼ਿਨ ਵਿੱਚ ਭਾਰਤੀ ਟੀਮ ਨੂੰ ਲਗਾਤਾਰ ਦੂਜੇ ਏਸ਼ੀਆਈ ਖੇਡਾਂ ਦੇ ਸੋਨ ਤਗਮੇ ਲਈ ਅਗਵਾਈ ਕਰਨਾ ਸੀ। ਹਰਮਨਪ੍ਰੀਤ ਦਾ ਕਪਤਾਨੀ ਛੱਡਣ ਦਾ ਫੈਸਲਾ ਉਸ ਸਮੇਂ ਆਇਆ ਹੈ ਜਦੋਂ ਉਸਨੇ ਭਾਰਤੀ ਟੀਮ ਦੀ ਉਪ-ਕਪਤਾਨ ਸਮ੍ਰਿਤੀ ਮੰਧਾਨਾ ਅਤੇ ਮੁੱਖ ਕੋਚ ਅਮੋਲ ਮਜ਼ੂਮਦਾਰ ਨਾਲ ਗੁਹਾਟੀ ਵਿੱਚ ਬੀਸੀਸੀਆਈ ਸਕੱਤਰ ਦੇਵਜੀਤ ਸੈਕੀਆ ਨਾਲ ਮੁਲਾਕਾਤ ਕਰਕੇ ਭਾਰਤੀ ਮਹਿਲਾ ਟੀਮ ਲਈ ਭਵਿੱਖ ਦੇ ਰੋਡਮੈਪ 'ਤੇ ਚਰਚਾ ਕੀਤੀ। ਹਰਮਨਪ੍ਰੀਤ ਨੇ ਕਿਹਾ ਕਿ ਉਸਨੇ ਭਾਰਤੀ ਮਹਿਲਾ ਕ੍ਰਿਕਟ ਅਤੇ ਟੀਮ ਲਈ ਆਪਣਾ ਸਭ ਕੁਝ ਦੇ ਦਿੱਤਾ। ਕਈ ਮੌਕਿਆਂ 'ਤੇ ਉਸਨੇ ਟੀਮ ਦੀ ਖ਼ਾਤਰ ਆਪਣੇ ਨਿੱਜੀ ਪ੍ਰਦਰਸ਼ਨ, ਵਿਕਾਸ ਅਤੇ ਨਿੱਜੀ ਇੱਛਾਵਾਂ ਨੂੰ ਇੱਕ ਪਾਸੇ ਰੱਖਿਆ। ਉਸਨੇ ਲਿਖਿਆ "ਮੈਂ ਆਪਣਾ ਖ਼ੂਨ, ਪਸੀਨਾ ਅਤੇ ਸਮਾਂ ਇਸ ਟੀਮ ਅਤੇ ਭਾਰਤੀ ਮਹਿਲਾ ਕ੍ਰਿਕਟ ਨੂੰ ਦਿੱਤਾ ਹੈ। ਕਈ ਵਾਰ, ਮੈਂ ਆਪਣੀ ਖੇਡ ਦਾ ਇੱਕ ਹਿੱਸਾ ਅਤੇ ਨਿੱਜੀ ਇੱਛਾਵਾਂ ਨੂੰ ਵੀ ਇੱਕ ਪਾਸੇ ਰੱਖ ਦਿੱਤਾ ਕਿਉਂਕਿ ਮੇਰਾ ਮੰਨਣਾ ਸੀ ਕਿ ਟੀਮ ਪਹਿਲਾਂ ਆਉਂਦੀ ਹੈ।" ਉਸਨੇ ਕਪਤਾਨ ਵਜੋਂ ਲਏ ਗਏ ਫੈਸਲਿਆਂ ਬਾਰੇ ਉਸ ਆਲੋਚਨਾ ਦਾ ਵੀ ਜ਼ਿਕਰ ਕੀਤਾ ਜੋ ਉਸਨੂੰ ਹੋਈ ਸੀ। ਹਰਮਨਪ੍ਰੀਤ ਨੇ ਕਿਹਾ ਕਿ ਬਹੁਤ ਸਾਰੇ ਫੈਸਲੇ ਮੁਸ਼ਕਲ ਸਨ ਅਤੇ ਹਮੇਸ਼ਾ ਸਮਝ ਨਹੀਂ ਆਉਂਦੇ ਸਨ, ਪਰ ਉਸਦਾ ਸਿਰਫ ਇੱਕ ਉਦੇਸ਼ ਸੀ - ਟੀਮ ਨੂੰ ਬਿਹਤਰ ਬਣਾਉਣਾ ਅਤੇ ਹੋਰ ਖਿਡਾਰੀਆਂ ਨੂੰ ਤਰੱਕੀ ਦਾ ਮੌਕਾ ਦੇਣਾ। ਹਰਮਨਪ੍ਰੀਤ ਨੇ ਭਾਰਤੀ ਟੀਮ ਨਾਲ ਆਪਣੇ ਸਫ਼ਰ ਦੇ ਉਤਰਾਅ-ਚੜ੍ਹਾਅ ਨੂੰ ਯਾਦ ਕੀਤਾ। ਉਸਨੇ ਕਿਹਾ ਕਿ ਉਸਨੇ ਨਿਰਾਸ਼ਾ, ਦਿਲ ਟੁੱਟਣਾ, ਆਲੋਚਨਾ ਅਤੇ ਔਖੇ ਸਮੇਂ ਦੇਖੇ ਹਨ, ਪਰ ਜਿੱਤ, ਜਸ਼ਨ ਅਤੇ ਦੇਸ਼ ਦੀ ਨੁਮਾਇੰਦਗੀ ਕਰਨ ਦਾ ਮਾਣ ਵੀ ਦੇਖਿਆ ਹੈ। ਉਸਨੇ ਲਿਖਿਆ "ਮੈਂ ਸਭ ਤੋਂ ਮਾੜੇ ਸਮੇਂ, ਦਿਲ ਟੁੱਟਣਾ, ਆਲੋਚਨਾ ਅਤੇ ਸ਼ੱਕ ਵੀ ਦੇਖੇ ਹਨ। ਮੈਂ ਸਭ ਤੋਂ ਉੱਚੇ ਪਲ, ਜਿੱਤ, ਜਸ਼ਨ ਅਤੇ ਦੇਸ਼ ਦੀ ਨੁਮਾਇੰਦਗੀ ਕਰਨ ਦਾ ਮਾਣ ਵੀ ਦੇਖਿਆ ਹੈ।" ਵਿਸ਼ਵ ਕੱਪ ਜਿੱਤ ਤੋਂ ਬਾਅਦ ਕਪਤਾਨੀ ਛੱਡਣ ਦਾ ਉਸਦਾ ਫੈਸਲਾ ਇਸ ਲਈ ਵੀ ਖਾਸ ਹੈ ਕਿਉਂਕਿ ਉਹ ਹੁਣ ਮੰਨਦੀ ਹੈ ਕਿ ਟੀਮ ਸਹੀ ਰਸਤੇ 'ਤੇ ਹੈ। ਹਰਮਨਪ੍ਰੀਤ ਨੇ ਕਿਹਾ ਕਿ ਉਹ ਕਪਤਾਨੀ ਛੱਡਣ ਬਾਰੇ ਭਾਵੁਕ ਹੈ, ਪਰ ਉਸਦੇ ਮਨ 'ਚ ਸ਼ਾਂਤੀ ਹੈ।"



## ਨਾਈਜੀਰੀਆ 'ਚ ਜਹਾਜ਼ ਹਾਦਸੇ 'ਚ 32 ਲੋਕਾਂ ਦੀ ਮੌਤ




**ਨਾਈਜ਼ੀਰੀਆ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਨਾਈਜੀਰੀਆ ਵਿੱਚ ਇੱਕ ਦੁਖਦਾਈ ਜਹਾਜ਼ ਹਾਦਸੇ ਵਿੱਚ 32 ਲੋਕਾਂ ਦੀ ਮੌਤ ਹੋ ਗਈ ਹੈ। ਬਚਾਅ ਅਤੇ ਰਾਹਤ ਟੀਮਾਂ ਨੂੰ ਤੱਟਵਰਤੀ ਸ਼ਹਿਰ ਇਗਬੋਕੋਡਾ ਨੇੜੇ ਹਾਦਸਾਗ੍ਰਸਤ ਜਹਾਜ਼ ਦਾ ਮਲਬਾ ਮਿਲਿਆ ਹੈ। ਲਾਸ਼ਾਂ ਨੂੰ ਬਰਾਮਦ ਕਰਕੇ ਮੁਰਦਾਘਰ ਵਿੱਚ ਰੱਖ ਦਿੱਤੀਆਂ ਗਈਆਂ ਹਨ। ਦੇਸ਼ ਦੇ ਹਵਾਬਾਜ਼ੀ ਮੰਤਰੀ, ਫੇਸਟਸ ਕੀਮੋ, ਨੇ ਹਾਦਸੇ ਦੀ ਪੁਸ਼ਟੀ ਕੀਤੀ ਹੈ, ਅਤੇ ਰਾਸ਼ਟਰਪਤੀ ਬੋਲਾ ਟੀਨੂਬੂ ਨੇ ਤਿੰਨ ਦਿਨਾਂ ਦੇ ਸੋਗ ਦੀ ਮਿਆਦ ਦਾ ਐਲਾਨ ਕੀਤਾ ਹੈ। ਹਵਾਬਾਜ਼ੀ ਮੰਤਰੀ ਫੇਸਟਸ ਕੀਮੋ ਦੇ ਅਨੁਸਾਰ, ਬੇਨਿਨ ਸਿਟੀ ਤੋਂ ਲਾਗੋਸ ਜਾ ਰਿਹਾ ਹਵਾਈ ਸੈਨਾ ਦਾ ATS-DB ਜਹਾਜ਼ ਸਥਾਨਕ ਸਮੇਂ ਅਨੁਸਾਰ ਸਵੇਰੇ 8:13 ਵਜੇ ਹਵਾਈ ਆਵਾਜਾਈ ਕੰਟਰੋਲਰਾਂ ਨਾਲ ਸੰਪਰਕ ਟੁੱਟ ਗਿਆ। ਜਹਾਜ਼ ਦੇ ਲਾਪਤਾ ਹੋਣ ਤੋਂ ਤੁਰੰਤ ਬਾਅਦ ਇੱਕ ਖੋਜ ਮੁਹਿੰਮ ਸ਼ੁਰੂ ਕੀਤੀ ਗਈ ਸੀ, ਅਤੇ ਮਲਬਾ ਦੱਖਣ-ਪੱਛਮੀ ਓਂਡੋ ਰਾਜ ਦੇ ਇਗਬੋਕੋਡਾ ਸ਼ਹਿਰ ਵਿੱਚ ਮਿਲਿਆ ਸੀ। ਹਾਦਸੇ ਵਿੱਚ 25 ਯਾਤਰੀਆਂ ਅਤੇ 7 ਚਾਲਕ ਦਲ ਦੇ ਮੈਂਬਰਾਂ ਦੀ ਮੌਤ ਹੋ ਗਈ। ਰਾਸ਼ਟਰਪਤੀ ਬੋਲਾ ਟੀਨੂਬੂ ਨੇ ਕਿਹਾ ਕਿ ਜਹਾਜ਼ ਹਾਦਸਾ ਹਾਲ ਹੀ ਦੇ ਸਾਲਾਂ ਵਿੱਚ ਨਾਈਜੀਰੀਆ ਵਿੱਚ ਸਭ ਤੋਂ ਭਿਆਨਕ ਹਵਾਈ ਆਫ਼ਤ ਹੈ। ਕੋਈ ਵੀ ਨਹੀਂ ਬਚਿਆ। ਮੈਂ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਆਪਣੀ ਹਮਦਰਦੀ ਪ੍ਰਗਟ ਕਰਦਾ ਹਾਂ। ਹਵਾਈ ਸੈਨਾ ਦੇ ਮੁਖੀ ਨੇ ਮੈਨੂੰ ਹਾਦਸੇ ਬਾਰੇ ਜਾਣਕਾਰੀ ਦਿੱਤੀ ਹੈ, ਅਤੇ ਮੈਂ ਨਾਈਜੀਰੀਆਈ ਹਵਾਈ ਸੈਨਾ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਤੁਰੰਤ ਪੂਰੀ ਜਾਂਚ ਸ਼ੁਰੂ ਕਰਨ ਅਤੇ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਰੋਕਣ ਲਈ ਰਿਪੋਰਟ ਮੰਗੇ।

## ਮੁੱਖ ਮੰਤਰੀ ਦੇ ਓਐਸਡੀ ਨਾਲ ਜੁੜੇ ਮਾਮਲੇ 'ਚ ਸੀਬੀਆਈ ਦੀ ਵੱਡੀ ਕਾਰਵਾਈ




**ਮੋਹਾਲੀ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮੋਹਾਲੀ ਫੇਜ਼-11 'ਚ ਸੀਬੀਆਈ ਦੀ ਛਾਪੇਮਾਰੀ : ਮੁੱਖ ਮੰਤਰੀ ਭਗਵੰਤ ਮਾਨ ਦੇ ਓ. ਐਸ. ਡੀ. ਨਾਲ ਜੁੜੇ ਮਾਮਲੇ 'ਚ ਸੀਬੀਆਈ ਵਲੋਂ ਅੱਜ ਮੋਹਾਲੀ 'ਚ ਵੱਡੀ ਕਾਰਵਾਈ ਕੀਤੀ ਗਈ। ਸੀਬੀਆਈ ਵਲੋਂ ਓ. ਐਸ. ਡੀ. ਰਾਜਬੀਰ ਸਿੰਘ ਘੁੰਮਣ ਦੇ ਭਰਾ ਗੁਰਕਿਰਪਾਲ ਸਿੰਘ ਥਿੰਡ ਦੇ ਘਰ ਛਾਪੇਮਾਰੀ ਕੀਤੀ ਗਈ। ਦਰਅਸਲ ਇਹ ਮਾਮਲਾ ਟ੍ਰਾਂਸਫਰ-ਪੋਸਟਿੰਗ ਅਤੇ ਸਰਕਾਰੀ ਕੰਮਕਾਜ ਵਿੱਚ ਕਥਿਤ ਦਖ਼ਲਅੰਦਾਜ਼ੀ ਨਾਲ ਜੁੜਿਆ ਹੈ। ਪੰਜਾਬ-ਹਰਿਆਣਾ ਹਾਈ ਕੋਰਟ ਵਲੋਂ ਈ. ਡੀ. ਨੂੰ ਦਿੱਤੀ ਜਾਣਕਾਰੀ ਦੇ ਆਧਾਰ 'ਤੇ ਸੀਬੀਆਈ ਨੂੰ ਐਫ. ਆਈ. ਆਰ. ਦਰਜ ਕਰਕੇ ਜਾਂਚ ਕਰਨ ਦੇ ਹੁਕਮ ਦਿੱਤੇ ਸਨ। ਜਾਣਕਾਰੀ ਅਨੁਸਾਰ ਚੰਡੀਗੜ੍ਹ ਸਮੇਤ ਪੰਜਾਬ ਵਿਚ ਮੁੱਖ ਮੰਤਰੀ ਮਾਨ ਦੇ ਦਫਤਰਾਂ 'ਚ ਸੀਬੀਆਈ ਵਲੋਂ ਰੇਡ ਕੀਤੀ ਗਈ ਹੈ। ਇਸਦੇ ਨਾਲ ਹੀ ਘਰਾਚੋਂ 'ਚ ਵੀ ਮੁੱਖ ਮੰਤਰੀ ਦੇ ਟਿਕਾਣਿਆਂ 'ਤੇ ਰੇਡ ਜਾਰੀ ਹੈ। ਦੱਸ ਦੇਈਏ ਕਿ ਸਾਬਕਾ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਐਕਸ 'ਤੇ ਇੱਕ ਪੋਸਟ ਸ਼ੇਅਰ ਕਰਦਿਆ ਲਿਖਿਆ, 'ਚੱਕ ਲੋ ਚੱਕ ਲੋ ਹੋਗੀ'....ਇਸ ਖਬਰ ਨਾਲ ਜੁੜੇ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ । ਇਸ ਰੇਡ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਦੀ ਪਹਿਲੀ ਪ੍ਰਤੀਕਿਰਿਆ ਸਾਹਮਣੇ ਆਈ ਹੈ। ਮੁੱਖ ਮੰਤਰੀ ਨੇ ਪੋਸਟ ਸ਼ੇਅਰ ਕਰਦਿਆਂ ਲਿਖਿਆ, "ਭਾਜਪਾ ਵਲੋਂ ਪੰਜਾਬ ਦੀਆਂ ਚੋਣਾਂ ਦੀ ਤਿਆਰੀ ਸ਼ੁਰੂ...ਮੇਰੇ ਕੈਂਪ ਦਫਤਰ 'ਚ ਸੀਬੀਆਈ ਦੀ ਰੇਡ ਕੀਤੀ ਗਈ। ਉਨ੍ਹਾਂ ਲਿਖਿਆ, ਹੁਣ ਪੰਜਾਬ ਵਿਚ ਈ. ਡੀ. ਤੇ ਸੀਬੀਆਈ ਦੀ ਦੁਰਵਰਤੋਂ ਕੀਤੀ ਜਾਵੇਗੀ ਤਾਂ ਕਿ ਮੈਨੂੰ ਤੇ ਪੰਜਾਬ ਸਰਕਾਰ ਨੂੰ ਬਦਨਾਮ ਕੀਤਾ ਜਾ ਸਕੇ। ਉਨ੍ਹਾਂ ਲਿਖਿਆ, ਲੋਕਾਂ ਵਲੋਂ ਮਿਲਦੇ ਪਿਆਰ ਨੂੰ ਦੇਖ ਕੇ ਭਾਜਪਾ ਘਬਰਾਹਟ ਵਿਚ ਹੈ।"

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ

# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ



ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪਰਮੇਸ਼ਰ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for **AWAZE QAUM** Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

# ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

## ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**
**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

DHAN DHAN SRI GURU NANAK DEV JI
PARKASH PURAB

SANDWELL

# NAGAR KIRTAN

# ਨਗਰ ਕੀਰਤਨ



## SUNDAY 1ST NOVEMBER 2026

| | | | |
|---|---|---|---|
| **GURDWARA GURU HAR RAI SAHIB JI**<br>George Street, West Bromwich | START 9:00AM | ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ<br>ਜਰੋਜ ਸਟਰੀਟ, ਵੈਸਟ ਬ੍ਰਮਮਿਚ | ਅਰੰਭਤਾ: ੯:੦੦ ਵਜੇ |
| **GURU NANAK GURDWARA**<br>Edward Street, West Bromwich | 11:00AM | ਗੁਰੂ ਨਾਨਕ ਗੁਰਦੁਆਰਾ<br>ਏਡਵਰਡ ਸਟਰੀਟ, ਵੈਸਟ ਬ੍ਰਮਮਿਚ | ੧੧:੦੦ ਵਜੇ |
| **GURDWARA AMRIT PARCHAR DHARMIK DIWAN**<br>Birmingham Road, Oldbury | 1:00PM | ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ<br>ਬ੍ਰਮਿੰਘਮ ਰੋਡ, ਓਲਡਬਰੀ | ੧:੦੦ ਵਜੇ |
| **GURDWARA GURU MANEYO GRANTH**<br>Popes Lane, Oldbury | 2:00PM | ਗੁਰਦੁਆਰਾ ਗੁਰੂ ਮਾਨਯੋ ਗ੍ਰੰਥ<br>ਪੋਪਸ ਲੇਨ, ਓਲਡਬਰੀ | ੨:੦੦ ਵਜੇ |
| **GURDWARA BABA SANG**<br>St. Paul's Road, Smethwick | 3:15PM | ਗੁਰਦੁਆਰਾ ਬਾਬਾ ਸੰਗ ਜੀ<br>ਸਟ, ਪੋਲਜ ਰੋਡ, ਸਮੇਦਿਕ | ੩:੧੫ ਵਜੇ |
| **GURU NANAK GURDWARA SMETHWICK**<br>High Street, Smethwick | 4:00PM | ਗੁਰੂ ਨਾਨਕ ਗੁਰਦੁਆਰਾ<br>ਸਮੇਦਿਕ | ੪:੦੦ ਵਜੇ |

**GURDWARA GURU HAR RAI SAHIB - 0121 553 7219**
**GURU NANAK GURDWARA SMETHWICK - 0121 558 2527**

ਆਵਾਜ਼ਿ ਕੌਮ AWAZE QAUM
International Newspaper & WEB TV

## 'ਆਪ' ਨੂੰ ਵੱਡਾ ਝਟਕਾ, ਡੇਰਾ ਬਾਬਾ ਨਾਨਕ ਦੇ ਸਰਗਰਮ ਆਗੂ

# ਭਾਈ ਸੁਖਵਿੰਦਰ ਸਿੰਘ ਅਗਵਾਨ, ਭਾਈ ਪ੍ਰਗਟ ਸਿੰਘ ਦੀ ਅਗਵਾਈ ਹੇਠ ਬਟਾਲਾ ਵਿਖੇ ਹੋਇਆ ਸਵਾਗਤ







**ਬਟਾਲਾ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਜਾਬ ਭਰ ਵਿੱਚ ਪਾਰਟੀ ਦੀ ਜਥੇਬੰਦਕ ਮਜ਼ਬੂਤੀ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਵਧਾਉਣ ਲਈ ਕੀਤੇ ਜਾ ਰਹੇ ਯਤਨਾਂ ਨੂੰ ਲਗਾਤਾਰ ਹੁੰਗਾਰਾ ਮਿਲ ਰਿਹਾ ਹੈ। ਇਸੇ ਤਹਿਤ ਅੱਜ ਬਟਾਲਾ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਲੀਮਾਨੀ ਬੋਰਡ ਤੇ ਤਾਲਮੇਲ ਕਮੇਟੀ ਤੋਂ ਸ. ਸੁਖਵਿੰਦਰ ਸਿੰਘ ਅਗਵਾਨ ਕੋਆਰਡੀਨੇਟਰ ਇੰਚਾਰਜ, ਸਰਦਾਰ ਪ੍ਰਗਟ ਸਿੰਘ ਰਈਆ, ਮੈਂਬਰ ਤੇ ਜਿਲ੍ਹਾ ਪ੍ਰਧਾਨ ਗੁਰਦਾਸਪੁਰ ਦਿਹਾਤੀ ਤੋਂ ਸ੍. ਮਨਜਿੰਦਰ ਸਿੰਘ ਬੱਲ ਦੀ ਅਗਵਾਈ ਹੇਠ ਇੱਕ ਮਹੱਤਵਪੂਰਨ ਪ੍ਰੈਸ ਕਾਨਫਰੰਸ ਹੋਈ, ਜਿਸ ਦੌਰਾਨ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਮੌਜੂਦਾ ਵਿਧਾਇਕ ਸ੍. ਗੁਰਦੀਪ ਸਿੰਘ ਰੰਧਾਵਾ ਦੇ ਪਰਿਵਾਰਿਕ ਮੈਂਬਰ ਅਤੇ ਆਮ ਆਦਮੀ ਪਾਰਟੀ ਦੇ ਸਰਗਰਮ ਆਗੂ ਸ੍. ਗੁਰਿੰਦਰਜੀਤ ਸਿੰਘ ਪੱਡਾ ਨੇ ਆਮ ਆਦਮੀ ਪਾਰਟੀ ਦਾ ਪੱਲਾ ਛੱਡ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ, ਤੇ ਆਗੂਆਂ ਨੇ ਉਹਨਾਂ ਨੂੰ ਪਾਰਟੀ ਚਿੰਨ ਦੇ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਕੀਤਾ। ਅਤੇ ਪਾਰਟੀ ਆਗੂਆਂ ਵੱਲੋਂ ਸ੍. ਗੁਰਿੰਦਰਜੀਤ ਸਿੰਘ ਪੱਡਾ, ਕਾਬਲ ਸਿੰਘ ਭਗਵਾਨਪੁਰ, ਇੰਦਰਜੀਤ ਸਿੰਘ ਪੱਡਾ, ਗੁਰਪ੍ਰੀਤ ਸਿੰਘ ਸ਼ਾਹਪੁਰ ਜਾਜਨ, ਸਤਨਾਮ ਸਿੰਘ ਪੱਡਾ, ਉਪਕਾਰ ਸਿੰਘ ਗੁਰਾਇਆ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਖੋਦੇ ਬੇਟ ਤੇ ਜਗਦੀਪ ਸਿੰਘ ਦਕੋਹਾ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਪਾਰਟੀ ਵਿੱਚ ਉਨ੍ਹਾਂ ਦੀਆਂ ਸੇਵਾਵਾਂ ਅਤੇ ਤਜਰਬੇ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਆਗੂਆਂ ਨੇ ਕਿਹਾ, ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਫ਼ ਸਿਆਸੀ ਪਾਰਟੀ ਵਜੋਂ ਹੀ ਨਹੀਂ, ਸਗੋਂ ਪੰਜਾਬ ਦੇ ਹੱਕਾਂ, ਪੰਜਾਬੀਅਤ, ਪੰਜਾਬ ਦੀਆਂ ਸਮੱਸਿਆਵਾਂ ਅਤੇ ਲੋਕਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣ ਵਾਲੀ ਜਥੇਬੰਦੀ ਵਜੋਂ ਆਪਣੀ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਰਵਾਇਤੀ ਸਿਆਸੀ ਵਾਅਦਿਆਂ ਤੋਂ ਅੱਕ ਚੁੱਕੇ ਹਨ ਅਤੇ ਹੁਣ ਉਹ ਅਜਿਹੀ ਸਿਆਸੀ ਧਿਰ ਦੀ ਭਾਲ ਵਿੱਚ ਹਨ ਜੋ ਪੰਜਾਬ ਦੇ ਹਿੱਤਾਂ ਨੂੰ ਪਹਿਲ ਦੇਵੇ ਅਤੇ ਲੋਕਾਂ ਦੇ ਦੁੱਖ-ਦਰਦ ਨੂੰ ਸਮਝਦੇ ਹੋਏ ਉਨ੍ਹਾਂ ਦੀ ਆਵਾਜ਼ ਬਣੇ। ਆਗੂਆਂ ਨੇ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਅਤੇ ਪੰਜਾਬ ਪ੍ਰਤੀ ਸਪੱਸ਼ਟ ਸੋਚ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਸਿਆਸੀ ਪਾਰਟੀਆਂ ਨਾਲ ਜੁੜੇ ਆਗੂ ਅਤੇ ਵਰਕਰ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਲਗਾਤਾਰ ਜੁੜ ਰਹੇ ਹਨ, ਜੋ ਪਾਰਟੀ ਲਈ ਵੱਡੇ ਉਤਸ਼ਾਹ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਡੇਰਾ ਬਾਬਾ ਨਾਨਕ ਵਰਗੇ ਮਹੱਤਵਪੂਰਨ ਹਲਕੇ ਵਿੱਚ ਸ੍. ਗੁਰਿੰਦਰਜੀਤ ਸਿੰਘ ਪੱਡਾ ਤੇ ਹੋਰ ਸਾਥੀਆਂ ਦਾ ਪਾਰਟੀ ਨਾਲ ਜੁੜਨਾ ਜਥੇਬੰਦਕ ਤੌਰ 'ਤੇ ਅਹਿਮ ਕਦਮ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਹਲਕੇ ਵਿੱਚ ਹੋਰ ਮਜ਼ਬੂਤ ਕਰਨ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਪਾਰਟੀ ਆਗੂਆਂ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਮੁਹਿੰਮ ਨੂੰ ਪਿੰਡ-ਪਿੰਡ ਅਤੇ ਵਾਰਡ-ਵਾਰਡ ਤੱਕ ਲੈ ਕੇ ਜਾਣ ਲਈ ਪਾਰਟੀ ਦੇ ਆਗੂ ਅਤੇ ਵਰਕਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ ਅਤੇ ਲੋਕਾਂ ਵੱਲੋਂ ਮਿਲ ਰਿਹਾ ਪਿਆਰ ਅਤੇ ਸਮਰਥਨ ਇਸ ਮੁਹਿੰਮ ਨੂੰ ਹੋਰ ਤਾਕਤ ਦੇ ਰਿਹਾ ਹੈ। ਗੁਰਿੰਦਰਜੀਤ ਸਿੰਘ ਪੱਡਾ ਨੇ ਪ੍ਰੈਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਨਾਲ ਜੁੜ ਕੇ ਬਹੁਤ ਖੁਸ਼ੀ ਮਹਿਸੂਸ ਕਰ ਰਹੇ ਹਨ। ਕਿਉਂਕਿ ਉਹ ਪੰਜਾਬ ਪੱਖੀ ਪਾਰਟੀ ਹੈ ਅਤੇ "2027 - ਹੋਂਦ ਦੀ ਲੜਾਈ" ਜੋ ਪਾਰਟੀ ਦਾ ਮੁੱਖ ਏਜੰਡਾ ਹੈ ਤੋਂ ਬਹੁਤ ਪ੍ਰਭਾਵਿਤ ਹੋਏ ਹਨ੍ਹ ਇਸ ਮੌਕੇ ਮੁੱਖ ਦਫ਼ਤਰ ਸਹਾਇਕ ਸਕੱਤਰ ਭਾਈ ਜਤਿੰਦਰ ਸਿੰਘ ਮਹਿਤਾ ਅਤੇ ਭਾਈ ਜੋਧਬੀਰ ਸਿੰਘ ਜੱਲੂਪੁਰ, ਕੋਆਰਡੀਨੇਟਰ ਯੂਨਿਟ ਦੁਬਈ, ਸਤਿੰਦਰਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਸ਼ਹਿਰੀ, ਪ੍ਰਿਥੀਪਾਲ ਸਿੰਘ ਹਲਕਾ ਇੰਚਾਰਜ ਬਟਾਲਾ, ਅਜੇਪਾਲ ਸਿੰਘ ਐਡਵੋਕੇਟ ਹਲਕਾ ਇੰਚਾਰਜ ਗੁਰਦਾਸਪੁਰ, ਭਾਈ ਕਸ਼ਮੀਰ ਸਿੰਘ, ਭਾਈ ਹਰਪਾਲ ਸਿੰਘ, ਗੁਰਪ੍ਰੀਤ ਸਿੰਘ ਬਟਾਲਾ, ਜਤਿੰਦਰ ਸਿੰਘ, ਦਲਬੀਰ ਸਿੰਘ ਚਾਹਲ, ਮਨਜੀਤ ਸਿੰਘ ਪਾਹੜਾ, ਗੁਰਦੀਪ ਸਿੰਘ, ਗੁਰਪ੍ਰੀਤ ਕੌਰ ਕਵਲਪ੍ਰੀਤ ਕੌਰ ਸਮੇਤ ਪਾਰਟੀ ਦੇ ਹੋਰ ਆਗੂ, ਅਹੁਦੇਦਾਰ ਅਤੇ ਵਰਕਰ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਿੰਦਰਜੀਤ ਸਿੰਘ ਪੱਡਾ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ

## ਜਥੇਦਾਰ ਰੇਸ਼ਮ ਸਿੰਘ ਬੱਬਰ ਦੇ ਭਤੀਜੇ ਭਾਈ ਅਮਰੀਕ ਸਿੰਘ ਦੀ ਅਚਾਨਕ ਮੌਤ 'ਤੇ

# ਪੰਥਕ ਜਥੇਬੰਦੀਆਂ ਜਰਮਨੀ ਵੱਲੋਂ ਦੁੱਖ ਦਾ ਪ੍ਰਗਟਾਵਾ



**ਨਵੀਂ ਦਿੱਲੀ, 6 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)-** ਬੱਬਰ ਖਾਲਸਾ ਜਰਮਨੀ ਦੇ ਜਥੇਦਾਰ ਭਾਈ ਰੇਸ਼ਮ ਸਿੰਘ ਬੱਬਰ ਦੇ ਭਤੀਜੇ ਭਾਈ ਅਮਰੀਕ ਸਿੰਘ ਦੀ ਅਚਾਨਕ ਹੋਈ ਮੌਤ 'ਤੇ ਜਰਮਨੀ ਦੀਆਂ ਵੱਖ-ਵੱਖ ਪੰਥਕ ਜਥੇਬੰਦੀਆਂ ਅਤੇ ਆਗੂਆਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਪੰਥਕ ਆਗੂਆਂ ਨੇ ਪਰਿਵਾਰ ਨਾਲ ਹਮਦਰਦੀ ਸਾਂਝੀ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। ਪੰਥਕ ਆਗੂਆਂ ਅਨੁਸਾਰ ਭਾਈ ਅਮਰੀਕ ਸਿੰਘ ਦੀ ਉਮਰ ਕਰੀਬ 38 ਸਾਲ ਸੀ। ਉਹ ਕੁਝ ਸਮਾਂ ਦੁਬਈ ਰਹਿ ਕੇ ਆਏ ਸਨ, ਜਿੱਥੇ ਉਨ੍ਹਾਂ ਨੂੰ ਕਾਲੇ ਪੀਲੀਏ ਦੀ ਬਿਮਾਰੀ ਹੋ ਗਈ ਸੀ। ਸਿਹਤ ਵਿੱਚ ਕੁਝ ਸੁਧਾਰ ਹੋਣ ਉਪਰੰਤ ਉਹ ਵਾਪਸ ਭਾਰਤ ਆ ਗਏ ਸਨ, ਪਰ ਇੱਥੇ ਅਚਾਨਕ ਤਬੀਅਤ ਮੁੜ ਵਿਗੜ ਜਾਣ ਕਾਰਨ ਬੀਤੀ 3 ਅਕਤੂਬਰ ਨੂੰ ਉਹ ਅਕਾਲ ਚਲਾਣਾ ਕਰ ਗਏ। ਪਰਿਵਾਰ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਭਾਈ ਅਮਰੀਕ ਸਿੰਘ ਦੀ ਅੰਤਿਮ ਅਰਦਾਸ 12 ਅਕਤੂਬਰ, ਦਿਨ ਸੋਮਵਾਰ, ਦੁਪਹਿਰ 12 ਵਜੇ ਉਨ੍ਹਾਂ ਦੇ ਜੱਦੀ ਪਿੰਡ ਸੰਧੂ ਚੱਠਾ ਨੇੜੇ ਪਿੰਡ ਕਾਲਾ ਸੰਘਿਆਂ ਦੇ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ। ਪਰਿਵਾਰ ਵੱਲੋਂ ਸਮੂਹ ਸੰਗਤਾਂ ਨੂੰ ਅੰਤਿਮ ਅਰਦਾਸ ਵਿੱਚ ਹਾਜ਼ਰੀ ਭਰ ਕੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਨ ਦੀ ਅਪੀਲ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਜਥੇਦਾਰ ਭਾਈ ਰੇਸ਼ਮ ਸਿੰਘ ਬੱਬਰ ਦੇ ਭਰਾਤਾ ਭਾਈ ਸ਼ਿੰਗਾਰਾ ਸਿੰਘ ਵੀ ਕਰੀਬ ਦੋ ਸਾਲ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ। ਭਾਈ ਅਮਰੀਕ ਸਿੰਘ ਉਨ੍ਹਾਂ ਦੇ ਇਕਲੌਤੇ ਪੁੱਤਰ ਸਨ ਅਤੇ ਪਰਿਵਾਰ ਵਿਚ ਉਨ੍ਹਾਂ ਦੀਆਂ ਦੋ ਵੱਡੀਆਂ ਭੈਣਾਂ ਵੀ ਹਨ। ਇਸ ਦੁੱਖ ਦੀ ਘੜੀ ਵਿੱਚ ਸਿੱਖ ਫੈਡਰੇਸ਼ਨ ਜਰਮਨੀ ਵੱਲੋਂ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਸੁਖਦੇਵ ਸਿੰਘ ਹੇਰਾਂ, ਭਾਈ ਅਮਰਜੀਤ ਸਿੰਘ ਮੰਗੂਪੁਰ ਅਤੇ ਭਾਈ ਅਵਤਾਰ ਸਿੰਘ ਪੱਡਾ; ਬੱਬਰ ਖਾਲਸਾ ਜਰਮਨੀ ਵੱਲੋਂ ਭਾਈ ਰਜਿੰਦਰ ਸਿੰਘ ਬੱਬਰ ਅਤੇ ਭਾਈ ਅਵਤਾਰ ਸਿੰਘ; ਦਲ ਖਾਲਸਾ ਇੰਟਰਨੈਸ਼ਨਲ ਜਰਮਨੀ ਵੱਲੋਂ ਭਾਈ ਹਰਮੀਤ ਸਿੰਘ ਅਤੇ ਭਾਈ ਅੰਗਰੇਜ਼ ਸਿੰਘ; ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ ਵੱਲੋਂ ਭਾਈ ਹੀਰਾ ਸਿੰਘ ਮੱਤੇਵਾਲ ਅਤੇ ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਜਰਮਨੀ ਵੱਲੋਂ ਭਾਈ ਲਖਵਿੰਦਰ ਸਿੰਘ ਮੱਲ੍ਹੀ ਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਆਪਣੀ ਹਮਦਰਦੀ ਸਾਂਝੀ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਵਿੱਚ "ਉੱਦਮੀ ਹੁਨਰਾਂ ਦੇ ਵਿਕਾਸ ਲਈ" ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ





**ਤਲਵੰਡੀ ਸਾਬੋ, 6 ਅਕਤੂਬਰ (ਗੁਰਜੰਟ ਸਿੰਘ ਨਥੇਹਾ)-** ਭਾਰਤ ਸਰਕਾਰ ਦੇ ਚਲੰਤ ਪ੍ਰੋਗਰਾਮਾਂ ਤਹਿਤ ਗੁਰੂ ਕਾਸ਼ੀ ਯੂਨੀਵਰਸਿਟੀ ਤੇ ਡਿਵੈਲਪਮੈਂਟ ਇੰਨੋਵੇਸ਼ਨ ਕਲਚਰ ਐਂਡ ਇੰਟਰਪੈਨੋਰਸ਼ਿਪ ਵੱਲੋਂ ਇੰਸਟੀਚਿਊਸ਼ਨਜ ਇੰਨੋਵੇਸ਼ਨ ਕੌਂਸਿਲ ਦੇ ਸਹਿਯੋਗ ਨਾਲ ਵਿਦਿਆਰਥੀਆਂ ਵਿੱਚ ਉੱਦਮੀ ਹੁਨਰ ਦੇ ਵਿਕਾਸ ਅਤੇ ਜਾਗਰੂਕਤਾ ਲਈ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਪਹਿਲੇ ਦਿਨ ਵਰਸਿਟੀ ਦੇ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਪੀ.ਐੱਮ.ਸ਼੍ਰੀ. ਸਰਕਾਰੀ. ਸੀਨੀਅਰ. ਸੈਕੰਡਰੀ ਸਕੂਲ ਤਲਵੰਡੀ ਸਾਬੋ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਆਪਣਾ ਤਜ਼ਰਬੇ ਸਾਂਝੇ ਕਰਦੇ ਹੋਏ ਕਿਹਾ ਕਿ ਹੁਣ ਖੇਤੀਬਾੜੀ ਉਤਪਾਦਨ ਦੇ ਨਾਲ-ਨਾਲ ਜਿਨਸਾਂ ਦੇ ਮੁੱਲ ਵਾਧੇ ਲਈ ਨਵੀਂ ਉਦੱਮਤਾ ਅਤੇ ਨਵੀ ਪਹਿਲ-ਕਦਮੀ ਦੀ ਲੋੜ ਹੈ। ਉਹਨਾਂ ਦੱਸਿਆ ਕਿ ਪੰਜਾਬ ਦੇ ਕਿਸਾਨਾਂ ਨੂੰ ਹੁਣ ਖੇਤੀ ਉਤਪਾਦਨ ਦੇ ਨਾਲ ਭੋਜਨ ਪ੍ਰੋਸੈਸਿੰਗ ਵੱਲ ਤੁਰਨ ਦੀ ਲੋੜ ਹੈ। ਉਹਨਾਂ ਭਾਰਤ ਵਿੱਚ ਬਾਜਰੇ, ਮੱਧੂ-ਮੱਖੀ ਪਾਲਣ ਅਤੇ ਮਸਾਲਿਆਂ ਦੇ ਉਤਪਾਦਨ ਨੂੰ ਪ੍ਰੋਤਸਾਹਿਤ ਕਰਨ ਦੀ ਗੱਲ ਆਖੀ। ਉਹਨਾਂ ਖੋਜਾਰਾਥੀਆਂ ਨੂੰ ਸਥਾਨਕ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਨਵੀਆਂ ਤਕਨੀਕਾਂ ਅਤੇ ਸੁਧਰੇ ਬੀਜਾਂ ਦੇ ਇਸਤੇਮਾਲ ਤੇ ਜ਼ੋਰ ਦਿੱਤਾ। ਇਸ ਮੌਕੇ ਲਗਭਗ 50 ਵਿਦਿਆਰਥੀਆਂ ਨੇ ਯੂਨੀਵਰਸਿਟੀ ਕੈਂਪਸ ਦਾ ਦੌਰਾ ਕੀਤਾ, ਉਨ੍ਹਾਂ ਯੂਨੀਵਰਸਿਟੀ ਦੇ ਖੇਤੀਬਾੜੀ ਕਾਲਜ ਦੀਆਂ ਪ੍ਰਯੋਗਸ਼ਾਲਾਵਾਂ , ਸ਼ਿਹਦ ਪ੍ਰੋਸੈਸਿੰਗ ਪਲਾਂਟ ਵਿੱਚ ਚੱਲ ਰਹੀਆਂ ਗਤੀਵਿਧੀਆਂ ਬਾਰੇ ਉਦੱਮੀ ਕੌਸ਼ਲ ਦਾ ਵਿਵਾਹਰਕ ਗਿਆਨ ਪ੍ਰਾਪਤ ਕੀਤਾ। ਉਹਨਾਂ ਨੂੰ ਯੂਨੀਵਰਸਿਟੀ ਦੇ ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਸੰਬੋਧਨ ਕੀਤਾ ਤੇ ਕਿਹਾ ਕਿ ਖੇਤੀਬਾੜੀ ਵਿੱਦਿਆ ਰਾਹੀਂ ਉਹ ਅਨੇਕਾਂ ਖੇਤਰਾਂ ਵਿੱਚ ਰੁਜ਼ਗਾਰ ਪ੍ਰਾਪਤ ਕਰ ਸਕਦੇ ਹਨ ਤੇ ਖੁਦ ਵੀ ਸਟਾਰਟ-ਅੱਪ ਸ਼ੁਰੂ ਕਰਕੇ ਰੁਜ਼ਗਾਰ ਦਾਤਾ ਬਣ ਸਕਦੇ ਹਨ। ਉਨ੍ਹਾਂ ਭੋਜਨ ਸੁਰੱਖਿਆਂ ਵਿੱਚ ਪੰਜਾਬ ਵੱਲੋਂ ਪਾਏ ਯੋਗਦਾਨ ਦਾ ਜ਼ਿਕਰ ਕੀਤਾ ਤੇ ਮਿਹਨਤੀ ਕਿਸਾਨਾਂ, ਸੂਝਵਾਨ ਖੇਤੀ ਵਿਗਿਆਨੀਆਂ ਤੇ ਲੋੜੀਦੀਆਂ ਸਰਕਾਰੀ ਪਾਲਸੀਆਂ ਦੇ ਸੁਮੇਲ ਰਾਹੀਂ ਹਰੀ-ਕ੍ਰਾਂਤੀ ਦੀ ਆਮਦ ਬਾਰੇ ਚਰਚਾ ਕੀਤੀ। ਡਾ. ਬਹਾਦਰਜੀਤ ਸਿੰਘ ਤੇ ਖੁਸ਼ਿਵੰਦਰ ਸਿੰਘ ਨੇ ਰੇਸ਼ਮ ਦੇ ਕੀੜੇ ਪਾਲਣ, ਮੱਧੂ-ਮੱਖੀ ਪਾਲਣ, ਖੁੰਭਾਂ ਦੀ ਖੇਤੀ ਆਦਿ ਸਹਾਇਕ ਧੰਦਿਆਂ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ। ਇਸ ਮੁਹਿੰਮ ਤਹਿਤ ਡਾ. ਵਿਕਾਸ ਗੁਪਤਾ ਕਨਵੀਨਰ ਆਈ.ਆਈ.ਸੀ. ਨੇ ਪੀ.ਐੱਮ. ਸ਼੍ਰੀ. ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਮੌੜ ਦੇ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਸਵੈ-ਉਦਯੋਗ ਅਤੇ ਸਟਾਰਟ-ਅੱਪ ਸ਼ੁਰੂ ਕਰਨ ਦੇ ਨੁਕਤੇ ਸਾਂਝੇ ਕੀਤੇ। ਉਹਨਾਂ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਸ਼ੁਰੂਆਤੀ ਤੌਰ ਤੇ ਸਥਾਨਕ ਪੱਧਰ ਤੇ ਉਹ ਆਪਣੇ ਕੌਸ਼ਲ ਦੇ ਵਿਕਾਸ ਰਾਹੀਂ ਸਹਾਇਕ ਧੰਦੇ ਸ਼ੁਰੂ ਕਰ ਸਕਦੇ ਹਨ। ਉਹਨਾਂ ਵਿਦਿਆਰਥੀਆਂ ਨੂੰ ਰੁਜ਼ਗਾਰ ਮੰਗਣ ਦੀ ਬਜਾਏ ਰੁਜ਼ਗਾਰ ਪ੍ਰਦਾਤਾ ਬਣਨ ਲਈ ਪ੍ਰੇਰਿਤ ਕੀਤਾ। ਗਤੀਵਿਧੀਆਂ ਦੇ ਤਾਲਮੇਲ ਅਤੇ ਸਮੇਂ-ਬੱਧ, ਸੁਚਾਰੂ ਸੰਚਾਲਨ ਲਈ ਇੰਜ. ਸੰਦੀਪ ਸ਼ਰਮਾ, ਕੁਆਰਡੀਨੇਟਰ ਤੇ ਲਵਲੀਨ ਸੱਚਦੇਵਾ, ਡਿਪਟੀ ਡਾਇਰੈਕਟਰ, ਲੋਕ-ਸੰਪਰਕ ਦਾ ਯੋਗਦਾਨ ਸ਼ਲਾਘਾਯੋਗ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

## ਡਾ. ਨ.ਫਸ ਅੰਬਾਲਵੀ ਨੂੰ ਪ੍ਰੋ. ਮੋਹਨ ਸਿੰਘ ਔਜਲਾ ਐਵਾਰਡ 2026 ਨਾਲ ਕੀਤਾ ਸਨਮਾਨਿਤ

**ਹੁਸ਼ਿਆਰਪੁਰ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਜ਼ਿਲ੍ਹਾ ਲੇਖਕ ਮੰਚ ਹੁਸ਼ਿਆਰਪੁਰ ਵੱਲੋਂ ਕਰਵਾਏ ਗਏ 14ਵੇਂ ਆਲ ਇੰਡੀਆ ਮੁਸ਼ਾਇਰੇ ਨੇ ਸ਼ਾਇਰੀ, ਗ.ਜ਼ਲ, ਨਜ਼ਮ ਅਤੇ ਗੀਤਾਂ ਦੀਆਂ ਪੇਸ਼ਕਾਰੀਆਂ ਨਾਲ ਹੁਸ਼ਿਆਰਪੁਰ ਦੇ ਸਾਹਿਤਕ ਮਾਹੌਲ ਨੂੰ ਖ਼ੂਬਸੂਰਤ ਰੰਗਾਂ ਨਾਲ ਭਰ ਦਿੱਤਾ। ਦੇਸ਼ ਦੇ ਵੱਖ-ਵੱਖ ਸੂਬਿਆਂ ਅਤੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੇ ਸ਼ਾਇਰਾਂ ਨੇ ਹਿੰਦੀ, ਪੰਜਾਬੀ ਅਤੇ ਉਰਦੂ ਵਿੱਚ ਆਪਣਾ ਕਲਾਮ ਪੇਸ਼ ਕਰਕੇ ਕਈ ਘੰਟਿਆਂ ਤੱਕ ਸਰੋਤਿਆਂ ਨੂੰ ਬੰਨ੍ਹੀ ਰੱਖਿਆ। ਮੁਸ਼ਾਇਰੇ ਦੌਰਾਨ ਜ਼ਿਲ੍ਹਾ ਲੇਖਕ ਮੰਚ ਦੇ ਕਨਵੀਨਰ ਰਘਵੀਰ ਸਿੰਘ ਟੇਰਕਿਆਨਾ ਵੱਲੋਂ ਇਸ ਸਾਲ ਦਾ ਪ੍ਰੋ. ਮੋਹਨ ਸਿੰਘ ਔਜਲਾ ਐਵਾਰਡ-2026 ਹਰਿਆਣਾ ਦੇ ਨਾਮਵਰ ਲੇਖਕ ਅਤੇ ਅਣਗਿਣਤ ਪੁਸਤਕਾਂ ਦੇ ਰਚੇਤਾ ਡਾ. ਨ.ਫ਼ਸ ਅੰਬਾਲਵੀ ਨੂੰ ਸ਼ਾਇਰਾਂ, ਫ਼ਨਕਾਰਾਂ, ਕਲਾਕਾਰਾਂ ਅਤੇ ਸਾਹਿਤ ਪ੍ਰੇਮੀਆਂ ਦੀ ਹਾਜ਼ਰੀ ਵਿੱਚ ਪ੍ਰਦਾਨ ਕੀਤਾ ਗਿਆ। ਮੁਸ਼ਾਇਰੇ ਵਿੱਚ ਉੱਤਰ ਪ੍ਰਦੇਸ਼ ਤੋਂ ਅਸਰਾਰ ਨਸੀਮੀ ਬਰੇਲੀ, ਏਜਾਜ਼ ਫਾਰੂਕੀ ਇਲਾਹਾਬਾਦ ਅਤੇ ਅਕੀਲ ਅਹਿਮਦ ਜੀਆ ਬਾਰਾਬੰਕੀ, ਰਾਜਸਥਾਨ ਤੋਂ ਡਾ. ਸੰਦੇਸ਼ ਤਿਆਗੀ ਸ੍ਰੀਗੰਗਾਨਗਰ ਤੋਂ ਅਰੁਣ ਤਾਇਰ, ਜੰਮੂ-ਕਸ਼ਮੀਰ ਤੋਂ ਡਾ. ਜਾਵੇਦ ਰਾਹੀ ਅਤੇ ਡਾ. ਅੰਤਰ ਨੀਰਵ ਸਵਾਮੀ, ਹਿਮਾਚਲ ਪ੍ਰਦੇਸ਼ ਤੋਂ ਨਰੇਸ਼ ਨਿਸਾਰ ਕਾਂਗੜਾ, ਦਿੱਲੀ ਤੋਂ ਲਲਿਤ ਚੌਬੇ ਆਰਟਿਸਟ, ਉੱਤਰਾਖੰਡ ਤੋਂ ਪ੍ਰੇਮ ਕੁਮਾਰ ਸਾਹਿਲ, ਹਰਿਆਣਾ ਤੋਂ ਡਾ. ਨ.ਫ਼ਸ ਅੰਬਾਲਵੀ ਤੇ ਅਸ਼ੋਕ ਨੂਰ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਪਹੁੰਚੇ ਸ਼ਾਇਰਾਂ ਨੇ ਆਪਣੇ ਆਪਣੇ ਕਲਾਮ ਪੇਸ਼ ਕੀਤੇ । ਇਸੇ ਤਰ੍ਹਾਂ ਪੰਜਾਬ ਦੇ ਵੱਖ-ਵੱਖ ਇਲਾਕਿਆਂ ਤੋਂ ਡਾ. ਜਨਮੀਤ ਸਿੰਘ, ਡਾ. ਮੁਹੰਮਦ ਰਫ਼ੀ, ਚਰਨਜੀਤ ਜੋਤ, ਬਖ਼ਤੌਰ ਸਿੰਘ ਧਾਲੀਵਾਲ ਉਮਰਾਨੰਗਲ, ਅਜਾਇਬ ਸਿੰਘ ਹੁੰਦਲ, ਜਗਸੀਰ ਜੀਦਾ, ਹਰਸਿਮਰਤ ਕੌਰ, ਮੁਸੱਵਰ ਫਿਰੋਜ਼ਪੁਰੀ, ਪਰਮਜੀਤ ਸਿੰਘ ਵਿਰਕ, ਗੁਰਦਿਆਲ ਰੌਸ਼ਨ, ਡਾ. ਨਰਿੰਦਰ ਐਕਸੀਅਨ ਗਡੈਮ, ਮਹਿੰਦਰ ਸਿੰਘ ਸੋਢੀ, ਰਵਿੰਦਰ ਸਿੰਘ ਸੋਕ, ਜਨਾਬ ਤਰਸੇਮ ਨੂਰ, ਬੀਬਾ ਕੁਲਵੰਤ, ਪ੍ਰੋ. ਅਜੀਤ ਲੰਗੇਰੀ, ਡਾ. ਏ.ਕੇ. ਭੱਲਾ ਅਤੇ ਜਤਿੰਦਰ ਪਨੂੰ ਆਦਿ ਨੇ ਵੀ ਆਪਣੀਆਂ ਰਚਨਾਵਾਂ ਨਾਲ ਸਰੋਤਿਆਂ ਦੀ ਵਾਹ-ਵਾਹ ਖੱਟੀ। ਮੰਚ ਦੇ ਕਨਵੀਨਰ ਰਘਵੀਰ ਸਿੰਘ ਟੇਰਕਿਆਨਾ ਨੇ ਆਪਣੇ ਵਿਲੱਖਣ ਸ਼ਾਇਰਾਨਾ ਅੰਦਾਜ਼ ਵਿੱਚ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਉਨ੍ਹਾਂ ਦੀ ਪੇਸ਼ਕਾਰੀ ਅਤੇ ਸ਼ਾਇਰਾਂ ਦੇ ਕਲਾਮ ਦੌਰਾਨ ਸਰੋਤਿਆਂ ਵੱਲੋਂ ਲਗਾਤਾਰ ਤਾਲੀਆਂ ਅਤੇ ਦਾਦ ਦਿੱਤੀ ਗਈ। ਉਰਦੂ ਦੇ ਨਾਲ-ਨਾਲ ਪੰਜਾਬੀ ਅਤੇ ਹਿੰਦੀ ਦੇ ਸ਼ਾਇਰਾਂ ਨੇ ਵੀ ਆਪਣੀਆਂ ਰਚਨਾਵਾਂ ਰਾਹੀਂ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ। ਰਘਵੀਰ ਸਿੰਘ ਟੇਰਕਿਆਨਾ ਨੇ ਕਿਹਾ ਕਿ ਇਹ ਮੁਸ਼ਾਇਰਾ ਲਗਾਤਾਰ 14ਵੇਂ ਸਾਲ ਵਿੱਚ ਪ੍ਰਵੇਸ਼ ਕਰ ਗਿਆ ਹੈ ਅਤੇ ਮੰਚ ਦਾ ਉਦੇਸ਼ ਸਾਹਿਤ, ਸ਼ਾਇਰੀ ਅਤੇ ਸੱਭਿਆਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਇਸ ਮੁਸ਼ਾਇਰੇ ਨੂੰ ਆਲਮੀ ਪੱਧਰ ਤੱਕ ਲਿਜਾਣ ਲਈ ਵਿਦੇਸ਼ਾਂ ਵਿੱਚ ਵੱਸਦੇ ਸ਼ਾਇਰਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਜਾਵੇਗਾ। ਸਮਾਗਮ ਵਿੱਚ ਜ਼ਿਲ੍ਹਾ ਲੇਖਕ ਮੰਚ ਦੇ ਸਰਗਰਮ ਮੈਂਬਰਾਂ ਤੋਂ ਇਲਾਵਾ ਵੱਖ-ਵੱਖ ਖੇਤਰਾਂ ਨਾਲ ਸਬੰਧਤ ਨਾਮਵਰ ਸ਼ਖ਼ਸੀਅਤਾਂ ਨੇ ਵੀ ਸ਼ਿਰਕਤ ਕੀਤੀ। ਪੰਚਕੂਲਾ ਤੋਂ ਸ਼ੈਲਜਾ ਭੱਲਾ, ਕੁਰਾਲੀ ਤੋਂ ਰਿੰਪਲ ਸ਼ਰਮਾ, ਦਿੱਲੀ ਤੋਂ ਕੁਲਦੀਪ ਸਿੰਘ, ਗੜ੍ਹਦੀਵਾਲਾ ਤੋਂ ਡਾ. ਮੁਝੈਲ ਸਿੰਘ, ਮੀਰਪੁਰ ਤੋਂ ਸਾਬਕਾ ਸਰਪੰਚ ਲਖਵੀਰ ਸਿੰਘ, ਹੁਸ਼ਿਆਰਪੁਰ ਤੋਂ ਕੁਲਵਿੰਦਰ ਜੰਡਾ, ਟਾਂਡਾ ਤੋਂ ਭਗਵਾਨ ਸਿੰਘ ਸੈਣੀ, ਸ਼ਾਹਪੁਰ ਅਰਨਿਆਲਾ ਤੋਂ ਹਰਦਿਆਲ ਸਿੰਘ, ਵਿਜੇਨਗਰ ਤੋਂ ਮਹਿੰਦਰਪਾਲ ਰਾਣਾ, ਚੱਕੋਵਾਲ ਬ੍ਰਹਮਣਾ ਤੋਂ ਐਡਵੋਕੇਟ ਰਵਿੰਦਰ ਸ਼ੇਰਗਿੱਲ, ਟੈਗੋਰ ਨਗਰ ਤੋਂ ਪ੍ਰੋ. ਅਜੀਤ ਸਿੰਘ ਜੱਬਲ, ਜਲੰਧਰ ਤੋਂ ਐਡਵੋਕੇਟ ਹਰੀਸ਼ ਤਿਵਾੜੀ ਅਤੇ ਮੁਕੇਰੀਆਂ ਤੋਂ ਮਾਸਟਰ ਰਮੇਸ਼ ਸਮੇਤ ਵੱਡੀ ਗਿਣਤੀ ਵਿੱਚ ਸਾਹਿਤ ਪ੍ਰੇਮੀ ਅਤੇ ਪਤਵੰਤੇ ਸੱਜਣ ਮੌਜੂਦ ਰਹੇ। ਇਸ ਤੋਂ ਇਲਾਵਾ ਕ੍ਰਾਂਤੀਪਾਲ ਹੈਂਡਰਾਈਟਿੰਗ ਐਕਸਪਰਟ, ਪ੍ਰਿੰਸੀਪਲ ਅਮਰਜੀਤ, ਨਰਿੰਦਰ ਨੈਸ਼ਨਲ ਐਥਲੀਟ, ਐਡਵੋਕੇਟ ਦੀਪਕ ਸ਼ਰਮਾ, ਡੀ.ਐਸ. ਸੰਧੂ, ਸੰਦੀਪ ਹਲ, ਪਲਵਿੰਦਰ ਪਲ੍ਹਵ, ਜਸਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਤ੍ਰਿਪੁਦਮਨ ਭਾਟੀਆ, ਇਕਨੂਰ ਸਿੰਘ ਥਿਆੜਾ, ਪੂਜਾ ਕਲੇਰ, ਹਰਪਾਲ ਸੈਣੀ, ਵਿਕਾਸ ਵਰਮਾ, ਸ਼ਰਨਜੀਤ ਸਿੰਘ, ਐਡਵੋਕੇਟ ਰਾਜੇਸ਼ ਸ਼ਰਮਾ, ਸਤੀਸ਼ ਐਕਾਊਂਟੈਂਟ, ਕੁਲਜਿੰਦਰ ਤੇ ਦਲਜਿੰਦਰ ਯੂਨਾਈਟਿਡ ਇੰਜੀਨਿਅਜ਼, ਆਈ.ਟੀ. ਬੇਨ ਤੋਂ ਮਨਪ੍ਰੀਤ ਰੈਹਸੀ, ਸੰਦੀਪ ਡੋਗਰਾ ਆਦਿ ਹਾਜਰ ਸਨ।

### ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ

# ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦੇ ਛੇਵੇਂ ਦਿਨ ਹੋਏ ਫਸਵੇਂ ਤੇ ਰੋਮਾਂਚਕ ਮੁਕਾਬਲੇ





**ਚੌਂਕ ਮਹਿਤਾ, 6 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ




## ਫਾਈਨਲ ਮੈਚ ਤੋਂ ਇੱਕ ਦਿਨ ਪਹਿਲਾਂ ਵੱਖ-ਵੱਖ ਵਰਗਾਂ ਦੀਆਂ ਟੀਮਾਂ ਨੇ ਦਿਖਾਇਆ ਸ਼ਾਨਦਾਰ ਖੇਡ ਪ੍ਰਦਰਸ਼ਨ

ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਛੇਵੇਂ ਦਿਨ ਫਾਈਨਲ ਤੋਂ ਪਹਿਲਾਂ ਵੱਖ-ਵੱਖ ਵਰਗਾਂ ਦੀਆਂ ਟੀਮਾਂ ਵਿਚਕਾਰ ਫਸਵੇਂ ਅਤੇ ਰੋਮਾਂਚਕ ਮੁਕਾਬਲੇ ਕਰਵਾਏ ਗਏ। ਇਸ ਮੌਕੇ ਖਾਲਸਾ ਅਕੈਡਮੀ ਦੇ ਹੋਣਹਾਰ ਸਾਬਕਾ ਵਿਦਿਆਰਥੀ ਅਤੇ ਅੰਤਰਰਾਸ਼ਟਰੀ ਹਾਕੀ ਖਿਡਾਰੀ ਸਰਦਾਰ ਜਰਮਨਜੀਤ ਸਿੰਘ ਵਿਸ਼ੇਸ਼ ਤੌਰ 'ਤੇ ਸਕੂਲ ਪਹੁੰਚੇ। ਉਨ੍ਹਾਂ ਨੇ ਚੈਂਪੀਅਨਸ਼ਿਪ ਵਿੱਚ ਭਾਗ ਲੈ ਰਹੀਆਂ ਖਿਡਾਰਨਾਂ ਨਾਲ ਮੁਲਾਕਾਤ ਕੀਤੀ, ਉਨ੍ਹਾਂ ਦਾ ਹੌਸਲਾ ਵਧਾਇਆ ਅਤੇ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਆਸ਼ੀਰਵਾਦ ਦਿੱਤਾ। ਆਪਣੇ ਸੰਬੋਧਨ ਦੌਰਾਨ ਸਰਦਾਰ ਜਰਮਨਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਖੇਡਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਆਪਣੇ ਖੇਡ ਸਫ਼ਰ ਬਾਰੇ ਦੱਸਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੀ ਮੁੱਢਲੀ ਸਿੱਖਿਆ ਖਾਲਸਾ ਅਕੈਡਮੀ ਤੋਂ ਹੀ ਪ੍ਰਾਪਤ ਕੀਤੀ ਅਤੇ ਇਸੇ ਅਕੈਡਮੀ ਦੇ ਮੈਦਾਨਾਂ ਵਿੱਚ ਹਾਕੀ ਦੀ ਸਿਖਲਾਈ ਲੈ ਕੇ ਮਿਹਨਤ ਅਤੇ ਲਗਨ ਸਦਕਾ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਪਛਾਣ ਬਣਾਈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਖੇਡਾਂ ਨਾ ਸਿਰਫ਼ ਸਰੀਰਕ ਤੰਦਰੁਸਤੀ ਲਈ ਮਹੱਤਵਪੂਰਨ ਹਨ, ਸਗੋਂ ਇਹ ਅਨੁਸ਼ਾਸਨ, ਟੀਮ-ਭਾਵਨਾ, ਆਤਮ-ਵਿਸ਼ਵਾਸ ਅਤੇ ਮਿਹਨਤ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ। ਉਨ੍ਹਾਂ ਨੇ ਬੱਚਿਆਂ ਨੂੰ ਆਪਣੇ ਟੀਚੇ ਨਿਰਧਾਰਤ ਕਰਕੇ ਪੂਰੀ ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਵੱਖ-ਵੱਖ ਟੀਮਾਂ ਵਿਚਕਾਰ ਰੋਮਾਂਚਕ ਮੁਕਾਬਲੇ ਖੇਡੇ ਗਏ। ਸਰਦਾਰ ਜਰਮਨਜੀਤ ਸਿੰਘ ਵੱਲੋਂ ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ। ਇਸ ਮੌਕੇ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਦੇ ਪ੍ਰਿੰਸੀਪਲ ਸ. ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਸ. ਹਰਸ਼ਦੀਪ ਸਿੰਘ ਰੰਧਾਵਾ, ਹਾਕੀ ਕੋਚ ਸ. ਬਲਜਿੰਦਰ ਸਿੰਘ, ਸ. ਮਨਮੀਤ ਸਿੰਘ, ਸ. ਦਮਨਪ੍ਰੀਤ ਸਿੰਘ, ਹਾਕੀ ਅਬਜ਼ਰਵਰ, ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਹਾਕੀ ਕੋਚ ਅਤੇ ਅਧਿਆਪਕ ਸਾਹਿਬਾਨ ਹਾਜ਼ਰ ਸਨ। ਸਕੂਲ ਪ੍ਰਬੰਧਕਾਂ ਅਤੇ ਸਮੂਹ ਸਟਾਫ਼ ਵੱਲੋਂ ਜੇਤੂ ਟੀਮਾਂ, ਖਿਡਾਰੀਆਂ ਅਤੇ ਕੋਚਾਂ ਨੂੰ ਮੁਬਾਰਕਬਾਦ ਦਿੱਤੀ ਗਈ। ਇਸ ਦੇ ਨਾਲ ਹੀ ਸਰਦਾਰ ਜਰਮਨਜੀਤ ਸਿੰਘ ਵੱਲੋਂ ਖਾਲਸਾ ਅਕੈਡਮੀ ਵਿਖੇ ਪਹੁੰਚ ਕੇ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### 'ਵੋਟ ਚੋਰ, ਗੱਦੀ ਛੱਡੋ' ਦੇ ਨਾਅਰਿਆਂ ਨਾਲ ਦਿੱਲੀ ਗੂੰਜੀ

# ਰਾਹੁਲ ਦੀ ਅਗਵਾਈ 'ਚ ਵਿਰੋਧੀ ਧਿਰ ਦਾ ਚੋਣ ਕਮਿਸ਼ਨ ਖ਼ਿਲਾਫ਼ ਹੱਲਾ

ਨਵੀਂ ਦਿੱਲੀ 6 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): ਚੋਣ ਪ੍ਰਕਿਰਿਆ 'ਤੇ ਸਵਾਲ ਖੜ੍ਹੇ ਕਰਦਿਆਂ ਵਿਰੋਧੀ ਧਿਰ ਨੇ ਮੰਗਲਵਾਰ ਨੂੰ ਦਿੱਲੀ ਦੀਆਂ ਸੜਕਾਂ 'ਤੇ ਤਾਕਤ ਦਾ ਪ੍ਰਦਰਸ਼ਨ ਕੀਤਾ। ਰਾਹੁਲ ਗਾਂਧੀ ਦੀ ਅਗਵਾਈ ਹੇਠ ਕਾਂਗਰਸ ਸਮੇਤ ਕਈ ਵਿਰੋਧੀ ਪਾਰਟੀਆਂ ਦੇ ਸੰਸਦ ਮੈਂਬਰਾਂ ਨੇ ਸੰਸਦ ਦੇ ਮਕਰ ਦੁਆਰ ਤੋਂ ਚੋਣ ਕਮਿਸ਼ਨ ਦੇ ਮੁੱਖ ਦਫ਼ਤਰ ਵੱਲ ਮਾਰਚ ਕੀਤਾ। 'ਵੋਟ ਚੋਰ, ਗੱਦੀ ਛੱਡੋ' ਦੇ ਨਾਅਰਿਆਂ ਨਾਲ ਮਾਹੌਲ ਗੂੰਜ ਉੱਠਿਆ। ਪੁਲਿਸ ਨੇ ਨੀਤੀ ਆਯੋਗ ਦਫ਼ਤਰ ਨੇੜੇ ਬੈਰੀਕੇਡ ਲਾ ਕੇ ਮਾਰਚ ਰੋਕ ਦਿੱਤਾ ਅਤੇ ਰਾਹੁਲ ਗਾਂਧੀ, ਪ੍ਰਿਯੰਕਾ ਗਾਂਧੀ ਸਮੇਤ ਕਈ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ, ਜਿਨ੍ਹਾਂ ਨੂੰ ਬਾਅਦ ਵਿੱਚ ਰਿਹਾਅ ਕਰ ਦਿੱਤਾ ਗਿਆ। ਪ੍ਰਦਰਸ਼ਨ ਦੌਰਾਨ ਰਾਹੁਲ ਗਾਂਧੀ ਬੈਰੀਕੇਡ 'ਤੇ ਚੜ੍ਹ ਕੇ ਤਿਰੰਗਾ ਲਹਿਰਾਉਂਦੇ ਨਜ਼ਰ ਆਏ। ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ ਚੋਣ ਕਮਿਸ਼ਨ ਅਤੇ ਸੱਤਾਧਾਰੀ ਧਿਰ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਦੇਸ਼ ਦੇ ਲੋਕਾਂ ਨੂੰ ਹੁਣ ਮਹਿਸੂਸ ਹੋ ਰਿਹਾ ਹੈ ਕਿ ਉਨ੍ਹਾਂ ਦੇ ਵੋਟ ਚੋਰੀ ਕੀਤੇ ਜਾ ਰਹੇ ਹਨ। ਵਿਰੋਧੀ ਧਿਰ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ, ਐਸਆਈਆਰ ਨੂੰ ਰੱਦ ਕਰਨ ਅਤੇ ਬੈਲਟ ਪੇਪਰ ਰਾਹੀਂ ਚੋਣਾਂ ਕਰਵਾਉਣ ਦੀ ਮੰਗ ਨੂੰ ਆਪਣੀ ਲੜਾਈ ਦਾ ਕੇਂਦਰ ਬਣਾਇਆ ਹੈ। ਵਿਰੋਧੀ ਧਿਰ ਨੇ ਸੰਕੇਤ ਦੇ ਦਿੱਤਾ ਹੈ ਕਿ 'ਵੋਟ ਚੋਰ, ਗੱਦੀ ਛੱਡੋ' ਦਾ ਨਾਅਰਾ ਹੁਣ ਸਿਰਫ਼ ਸੰਸਦ ਤੱਕ ਸੀਮਤ ਨਹੀਂ ਰਹੇਗਾ। ਕਾਂਗਰਸ ਵੱਲੋਂ 10 ਤੋਂ 20 ਅਕਤੂਬਰ ਤੱਕ ਬਲਾਕ ਅਤੇ ਜ਼ਿਲ੍ਹਾ ਪੱਧਰ 'ਤੇ ਪ੍ਰਦਰਸ਼ਨ ਅਤੇ 25 ਅਕਤੂਬਰ ਤੋਂ 25 ਨਵੰਬਰ ਤੱਕ 'ਵੋਟ ਬਚਾਓ, ਦੇਸ਼ ਬਚਾਓ' ਮੁਹਿੰਮ ਚਲਾਉਣ ਦਾ ਐਲਾਨ ਕੀਤਾ ਗਿਆ ਹੈ। 1 ਨਵੰਬਰ ਨੂੰ ਰਾਮਲੀਲਾ ਮੈਦਾਨ ਵਿੱਚ ਇੰਡੀਆ ਬਲਾਕ ਦੀ ਵੱਡੀ ਰੈਲੀ ਵੀ ਹੋਵੇਗੀ। ਉੱਧਰ ਚੋਣ ਕਮਿਸ਼ਨ ਵਿਰੋਧੀ ਧਿਰ ਦੇ ਦੋਸ਼ਾਂ ਨੂੰ ਰੱਦ ਕਰ ਰਿਹਾ ਹੈ। ਇਸ ਟਕਰਾਅ ਨੇ ਆਉਣ ਵਾਲੇ ਦਿਨਾਂ ਵਿੱਚ ਸਿਆਸੀ ਮਾਹੌਲ ਹੋਰ ਗਰਮ ਹੋਣ ਦੇ ਸੰਕੇਤ ਦੇ ਦਿੱਤੇ ਹਨ।




ਆਵਾਜ਼ਿ ਕੌਮ AWAZE QAUM International Newspaper & WEB TV

## ਬਹਿਰੀਨ ਵਾਲੀ ਬੀਬੀ ਰਾਹੀਂ ਸਿੰਘ ਸਾਹਿਬਾਨ ਦੀ ਕਿਰਦਾਰਕੁਸ਼ੀ ਦੇ ਪਿੱਛੇ ਕੌਣ ?

## ਫੋਰੈਂਸਿਕ ਜਾਂਚ ਰਾਹੀਂ ਮਾਸਟਰਮਾਈਂਡ ਬੇਨਕਾਬ ਕੀਤੇ ਜਾਣ - ਸ. ਗੁਰਜੀਤ ਸਿੰਘ ਤਲਵੰਡੀ





**ਚੰਡੀਗੜ੍ਹ, 6 ਅਕਤੂਬਰ (ਆਵਾਜ਼-ਏ-ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਇੱਕ ਉੱਚ ਪੱਧਰੀ ਵਫ਼ਦ ਨੇ ਅੱਜ ਚੰਡੀਗੜ੍ਹ ਪੁਲਿਸ ਹੈੱਡਕੁਆਰਟਰ ਵਿਖੇ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ ਸ੍ਰੀ ਗੌਰਵ ਯਾਦਵ ਨਾਲ ਮੁਲਾਕਾਤ ਕਰਕੇ ਬਹਿਰੀਨ ਵਾਲੀ ਬੀਬੀ ਨਾਲ ਜੁੜੇ ਚਰਚਿਤ ਮਾਮਲੇ ਦੀ ਜਾਂਚ ਦਾ ਘੇਰਾ ਵਧਾਉਣ ਦੀ ਮੰਗ ਕੀਤੀ। ਵਫ਼ਦ ਦੀ ਅਗਵਾਈ ਯੂਥ ਪ੍ਰਧਾਨ ਸ. ਗੁਰਜੀਤ ਸਿੰਘ ਤਲਵੰਡੀ ਨੇ ਕੀਤੀ। ਉਨ੍ਹਾਂ ਦੱਸਿਆ ਕਿ ਇਹ ਮਾਮਲਾ ਐਫ.ਆਈ.ਆਰ ਨੰਬਰ 0149 ਮਿਤੀ 21.08.2026, ਥਾਣਾ ਅਨੰਦਪੁਰ ਸਾਹਿਬ ਵਿੱਚ ਦਰਜ ਹੈ। ਸ. ਤਲਵੰਡੀ ਨੇ ਕਿਹਾ ਕਿ ਇਹ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 2 ਦਸੰਬਰ 2024 ਨੂੰ ਜਾਰੀ ਹੋਏ ਹੁਕਮਨਾਮਿਆਂ ਤੋਂ ਬਾਅਦ ਸਿੰਘ ਸਾਹਿਬਾਨ ਦੀ ਸਾਖ 'ਤੇ ਹਮਲਾ ਕਰਨ ਅਤੇ ਉਨ੍ਹਾਂ ਨੂੰ ਬਦਨਾਮ ਕਰਨ ਦੀ ਇੱਕ ਵਿਆਪਕ ਸਾਜ਼ਿਸ਼ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਹਨਾਂ ਹੁਕਮਨਾਮਿਆਂ ਨੂੰ ਲਾਗੂ ਕਰਵਾਉਣ ਵਾਲੀ ਸੰਸਥਾ ਐੱਸ.ਜੀ.ਪੀ.ਸੀ ਵੱਲ ਵੀ ਇਸ ਸਾਜ਼ਿਸ਼ ਦੀ ਉਂਗਲ ਉੱਠ ਰਹੀ ਹੈ, ਇਸ ਲਈ ਜਾਂਚ ਵੀ ਉਨੀ ਹੀ ਵਿਆਪਕ ਹੋਣੀ ਚਾਹੀਦੀ ਹੈ। ਨਵੇਂ ਵੀਡੀਓ ਸਬੂਤਾਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਪੀੜਤਾ ਨੇ ਖੁਦ ਖੁਲਾਸਾ ਕੀਤਾ ਹੈ ਕਿ ਉਸਨੂੰ "ਇੱਕ ਮਿਸ਼ਨ ਤਹਿਤ ਭਾਰਤ ਲਿਆਂਦਾ ਗਿਆ ਸੀ ਅਤੇ ਉਦੇਸ਼ ਪੂਰਾ ਕਰਨ ਲਈ ਪੈਸੇ ਦਾ ਵਾਅਦਾ ਕੀਤਾ ਗਿਆ ਸੀ÷। ਇਹ ਖੁਲਾਸਾ ਸਾਜ਼ਿਸ਼ਕਾਰਾਂ ਦੀ ਭੂਮਿਕਾ ਨੂੰ ਬੇਨਕਾਬ ਕਰਦਾ ਹੈ ਅਤੇ ਦੁਨੀਆ ਭਰ ਦੇ ਸਿੱਖ ਭਾਈਚਾਰੇ ਵਿੱਚ ਗੰਭੀਰ ਚਿੰਤਾ ਦਾ ਵਿਸ਼ਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਵਫ਼ਦ ਦੀਆਂ ਪ੍ਰਮੁੱਖ ਮੰਗਾਂ:**

1. ਸਾਰੇ ਇਲੈਕਟ੍ਰਾਨਿਕ ਅਤੇ ਦਸਤਾਵੇਜ਼ੀ ਸਬੂਤਾਂ ਜਿਵੇਂ ਸੀਸੀਟੀਵੀ ਫੁਟੇਜ, ਕਾਲ ਡਿਟੇਲ ਰਿਕਾਰਡ, ਡਿਜੀਟਲ ਸੰਚਾਰ ਅਤੇ ਵਿਜ਼ਟਰ ਰਜਿਸਟਰਾਂ ਨੂੰ ਤੁਰੰਤ ਜ਼ਬਤ ਕਰਕੇ ਫੋਰੈਂਸਿਕ ਜਾਂਚ ਦਾ ਹਿੱਸਾ ਬਣਾਇਆ ਜਾਵੇ। 2. ਘਟਨਾਵਾਂ ਦੇ ਪੂਰੇ ਕਾਲਕ੍ਰਮ ਦਾ ਪੁਨਰ ਨਿਰਮਾਣ ਕਰਕੇ ਮੁੱਖ ਸਾਜ਼ਿਸ਼ਕਾਰਾਂ, ਮਾਸਟਰਮਾਈਂਡਾਂ, ਵਿੱਤਦਾਤਾਵਾਂ ਅਤੇ ਲਾਭਪਾਤਰੀਆਂ ਦੀ ਪਛਾਣ ਕੀਤੀ ਜਾਵੇ। 3. ਸੋਸ਼ਲ ਮੀਡੀਆ 'ਤੇ ਚਲਾਈ ਗਈ ਤਾਲਮੇਲ ਵਾਲੀ ਬਦਨਾਮੀ ਅਤੇ ਧਮਕੀ ਭਰੀ ਮੁਹਿੰਮ ਦੀ ਸੁਤੰਤਰ ਜਾਂਚ ਕੀਤੀ ਜਾਵੇ। 4. ਜਾਂਚ ਵਿੱਚ ਆਈ.ਟੀ. ਐਕਟ ਦੀ ਧਾਰਾ 791, BNSS ਦੀ ਧਾਰਾ 176(3), ਅਤੇ BNS ਦੀਆਂ ਧਾਰਾਵਾਂ 299, 298, 61(2), 61(1) ਨੂੰ ਸ਼ਾਮਲ ਕੀਤਾ ਜਾਵੇ।

ਸ. ਤਲਵੰਡੀ ਨੇ ਕਿਹਾ ਕਿ ਇਹ ਮਾਮਲਾ ਸਿੱਧੇ ਤੌਰ 'ਤੇ ਸ੍ਰੀ ਅਕਾਲ ਤਖ਼ਤ ਤੋਂ ਆਦੇਸ਼ ਜਾਰੀ ਕਰਨ ਵਾਲੀ ਸਿੱਖ ਧਾਰਮਿਕ ਲੀਡਰਸ਼ਿਪ ਦੀ ਸਾਖ ਨਾਲ ਜੁੜਿਆ ਹੈ, ਇਸ ਲਈ ਇਸਦੀ ਉੱਚ ਪੱਧਰੀ ਨਿਗਰਾਨੀ ਹੇਠ ਵਿਆਪਕ ਜਾਂਚ ਹੋਣੀ ਚਾਹੀਦੀ ਹੈ। ਇਸ ਮੌਕੇ ਵਫ਼ਦ ਵਿੱਚ ਸ. ਤਲਵੰਡੀ ਤੋਂ ਇਲਾਵਾ ਐਡਵੋਕੇਟ ਬਲਬੀਰ ਸਿੰਘ ਸੇਵਕ, ਮੀਡੀਆ ਇੰਚਾਰਜ ਤੇਜਿੰਦਰ ਸਿੰਘ ਪੰਨੂ, ਸ. ਅਮਰਿੰਦਰ ਸਿੰਘ ਬੰਨੀ ਬਰਾੜ ਅਤੇ ਸ. ਜਗਜੀਤ ਸਿੰਘ ਹਾਜ਼ਰ ਸਨ।

## ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜੀ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਵੱਲੋਂ ਹਰਮਨਪ੍ਰੀਤ ਕੌਰ ਨੂੰ UPSC (CAPF) ਵਿੱਚ 78ਵਾਂ ਰੈਂਕ ਹਾਸਲ ਕਰਨ 'ਤੇ ਵਿਸ਼ੇਸ਼ ਮੁਬਾਰਕਬਾਦ

ਤਲਵੰਡੀ ਸਾਬੋ, 06 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜੀ ਨੇ ਸਰਦੂਲਗੜ੍ਹ (ਜ਼ਿਲ੍ਹਾ ਮਾਨਸਾ) ਦੀ ਹੋਣਹਾਰ ਧੀ ਹਰਮਨਪ੍ਰੀਤ ਕੌਰ ਨੂੰ "UPSC CAPF Assistant Commandant Examination 2025' ਵਿੱਚੋਂ ਆਲ ਇੰਡੀਆ 78ਵਾਂ ਰੈਂਕ ਹਾਸਲ ਕਰਨ 'ਤੇ ਦਿਲੀ ਮੁਬਾਰਕਬਾਦ ਦਿੱਤੀ ਹੈ। ਸਿੰਘ ਸਾਹਿਬ ਜੀ ਨੇ ਹਰਮਨਪ੍ਰੀਤ ਕੌਰ ਦੇ ਪਿਤਾ ਡਾ. ਬਿੱਕਰਜੀਤ ਸਿੰਘ ਸਾਧੂਵਾਲਾ ਅਤੇ ਮਾਤਾ ਡਾ. ਵੀਰਪਾਲ ਕੌਰ ਸਮੇਤ ਪੂਰੇ ਪਰਿਵਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸ਼ਾਨਦਾਰ ਪ੍ਰਾਪਤੀ ਬੇਟੀ ਦੀ ਅਣਥੱਕ ਮਿਹਨਤ, ਦ੍ਰਿੜ੍ਹ ਲਗਨ ਅਤੇ ਮਾਪਿਆਂ ਵੱਲੋਂ ਦਿੱਤੇ ਚੰਗੇ ਸੰਸਕਾਰਾਂ ਤੇ ਪ੍ਰੇਰਨਾ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਹਰਮਨਪ੍ਰੀਤ ਕੌਰ ਨੇ ਇਸ ਵੱਡੀ ਸਫ਼ਲਤਾ ਨਾਲ ਨਾ ਸਿਰਫ਼ ਆਪਣੇ ਪਰਿਵਾਰ ਦਾ ਨਾਂ ਰੋਸ਼ਨ ਕੀਤਾ ਹੈ, ਬਲਕਿ ਸਮੁੱਚੇ ਸਰਦੂਲਗੜ੍ਹ ਇਲਾਕੇ, ਮਾਨਸਾ ਜ਼ਿਲ੍ਹੇ ਅਤੇ ਪੂਰੇ ਪੰਜਾਬ ਦਾ ਮਾਣ ਵਧਾਇਆ ਹੈ। ਇਸ ਮੌਕੇ ਸਿੰਘ ਸਾਹਿਬ ਜੀ ਨੇ ਸਮੁੱਚੇ ਸਿੱਖ ਬੱਚਿਆਂ ਅਤੇ ਨੌਜਵਾਨਾਂ ਨੂੰ ਉਪਦੇਸ਼ ਦਿੰਦਿਆਂ ਪ੍ਰੇਰਿਤ ਕੀਤਾ ਕਿ ਉਹ ਸਿਵਲ ਸਰਵਿਸਿਜ਼ (ਪ੍ਰਸ਼ਾਸਨਿਕ) ਪ੍ਰੀਖਿਆਵਾਂ ਵਿੱਚ ਵੱਧ-ਚੜ੍ਹ ਕੇ ਅੱਗੇ ਆਉਣ ਅਤੇ ਦੇਸ਼-ਵਿਦੇਸ਼ ਵਿੱਚ ਉੱਚੇ ਅਹੁਦਿਆਂ 'ਤੇ ਪਹੁੰਚ ਕੇ ਅਪਣੀ ਕੌਮ ਤੇ ਸਮਾਜ ਦੀ ਸੇਵਾ ਕਰਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਾਡੇ ਬੱਚਿਆਂ ਦਾ ਉੱਚ ਪ੍ਰਸ਼ਾਸਨਿਕ ਅਹੁਦਿਆਂ 'ਤੇ ਹੋਣਾ ਬਹੁਤ ਜ਼ਰੂਰੀ ਹੈ, ਤਾਂ ਜੋ ਉਹ ਨਿਆਂ ਅਤੇ ਇਮਾਨਦਾਰੀ ਨਾਲ ਸਮਾਜ ਦੀ ਬਿਹਤਰੀ ਲਈ ਯੋਗਦਾਨ ਪਾ ਸਕਣ। ਜਥੇਦਾਰ ਸਾਹਿਬ ਨੇ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਬੇਟੀ ਹਰਮਨਪ੍ਰੀਤ ਕੌਰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇਸ਼ ਅਤੇ ਕੌਮ ਦੀ ਸੇਵਾ ਕਰਦਿਆਂ ਉੱਚੀਆਂ ਬੁਲੰਦੀਆਂ ਨੂੰ ਛੂਹੇ।



ਆਵਾਜ਼ਿ ਕੌਮ AWAZE QAUM International Newspaper & WEB TV

### ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਦਾ

# ਯੂ ਕੇ ਵਿਚ ਭਾਰੀ ਸੁਆਗਤ















ਆਵਾਜ਼ਿ ਕੌਮ
AWAZE QAUM
International Newspaper & WEB TV








ਚੌਂਕ ਮਹਿਤਾ,6 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ ਕੁਝ ਦਿਨ ਪਹਿਲਾਂ ਵਿਦੇਸ਼ ਯੂ ਕੇ ਧਰਮ ਪ੍ਰਚਾਰ ਕਰਨ ਲਈ ਗਏ ਹਨ। ਬਾਬਾ ਜੀ ਦਾ ਯੂ ਕੇ ਦੀਆਂ ਸੰਗਤਾਂ ਵੱਖ ਥਾਵਾਂ ਤੇ ਭਾਰੀ ਸੁਆਗਤ ਕੀਤਾ ਗਿਆ। ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ ਨੇ ਸੰਗਤਾਂ ਨੂੰ ਮੂਲ ਮੰਤਰ ਅਤੇ ਗੁਰੂ ਮੰਤਰ ਦਾ ਪਾਠ ਦਾ ਜਾਪੁ ਕਰਵਾਇਆ ਗਿਆ। ਫਿਰ ਬਾਬਾ ਜੀ ਨੇ ਧੰਨ ਧੰਨ ਸਾਹਿਬ ਸ੍ਰੀ ਗਰੰਥ ਸਾਹਿਬ ਜੀ ਦੀ ਪਵਿੱਤਰ ਪਾਵਨ ਗੁਰਬਾਣੀ ਦਾ ਕੀਰਤਨ ਅਤੇ ਕਥਾ ਵਿਚਾਰਾਂ ਦੀ ਸਾਂਝ ਪਾਈ। ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਦੇ ਨਾਲ ਉਨ੍ਹਾਂ ਦੇ ਗੜਵਈ ਭਾਈ ਦੀਪ ਸਿੰਘ ਨਾਲ ਹਨ।

### ਵੱਡੀ ਗਿਣਤੀ ਕਾਂਗਰਸੀਆਂ ਨੇ ਪਰਗਟ ਸਿੰਘ ਦੇ ਪ੍ਰਧਾਨ ਬਨਣ ਦੀ ਖੁਸ਼ੀ 'ਚ ਸਿੱਧੂ ਦੀ ਅਗਵਾਈ ਹੇਠ ਵੰਡੇ ਲੱਡੂ, ਕੀਤੀ ਆਤਿਸ਼ਬਾਜੀ

# ਵਿਧਾਨ ਸਭਾ ਚੋਣਾਂ ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਗਰਸ ਸੂਬੇ ਚ ਬਣਾਵੇਗੀ ਸਰਕਾਰ- ਜੀਤਮਹਿੰਦਰ ਸਿੰਘ ਸਿੱਧੂ

**ਤਲਵੰਡੀ ਸਾਬੋ, 06 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਜਲੰਧਰ ਤੋਂ ਕਾਂਗਰਸੀ ਵਿਧਾਇਕ, ਸਾਬਕਾ ਉਲੰਪੀਅਨ ਪਰਗਟ ਸਿੰਘ ਨੂੰ ਬੀਤੇ ਦਿਨੀਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ ਦੀ ਖੁਸ਼ੀ ਵਿੱਚ ਨੌਜਵਾਨ ਕਾਂਗਰਸੀ

ਆਵਾਜ਼ਿ ਕੌਮ
AWAZE QAUM
International Newspaper & WEB TV

ਆਗੂ ਗੁਰਬਾਜ਼ ਸਿੰਘ ਸਿੱਧੂ ਦੀ ਅਗਵਾਈ ਹੇਠ ਇਕੱਤਰ ਹਲਕੇ ਦੀ 'ਟੀਮ ਸਿੱਧੂ' ਦੇ ਵੱਡੀ ਗਿਣਤੀ ਕਾਂਗਰਸੀ ਆਗੂਆਂ ਨੇ ਨਿਸ਼ਾਨ ਏ ਖਾਲਸਾ ਚੌਂਕ ਚ ਲੱਡੂ ਵੰਡ ਕੇ ਅਤੇ ਆਤਿਸ਼ਬਾਜ਼ੀ ਕਰਦਿਆਂ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ ਜਦੋਂਕਿ ਲੱਡੂ ਵੰਡ ਸਮਾਗਮ ਚ ਗੁਰਬਾਜ਼ ਸਿੰਘ ਸਿੱਧੂ ਦੇ ਪਿਤਾ ਅਤੇ ਹਲਕੇ ਤੋਂ ਚਾਰ ਵਾਰ ਵਿਧਾਇਕ ਰਹੇ ਜੀਤਮਹਿੰਦਰ ਸਿੰਘ ਸਿੱਧੂ ਵੀ ਵਿਸ਼ੇਸ ਤੌਰ ਤੇ ਸ਼ਾਮਿਲ ਹੋਏ। ਕਾਂਗਰਸੀਆਂ ਦਾ ਮੂੰਹ ਮਿੱਠਾ ਕਰਵਾਉਣ ਉਪਰੰਤ ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਕਾਂਗਰਸ ਆਲਾਕਮਾਨ ਵੱਲੋਂ ਸ੍ਰ.ਪਰਗਟ ਸਿੰਘ ਨੂੰ ਪਾਰਟੀ ਸੂਬਾ ਪ੍ਰਧਾਨ ਬਣਾਉਣ ਦੇ ਫੈਸਲੇ ਨਾਲ ਕਾਂਗਰਸੀ ਬਾਗੋਬਾਗ ਹਨ। ਉਨਾਂ ਉਮੀਦ ਪ੍ਰਗਟਾਈ ਕਿ ਨਵੇਂ ਪ੍ਰਧਾਨ ਦੀ ਅਗਵਾਈ ਹੇਠ ਹੁਣ ਪੰਜਾਬ ਕਾਂਗਰਸ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਪਾਰਟੀ ਨੂੰ ਹੋਰ ਮਜ਼ਬੂਤੀ ਬਖਸ਼ਣ ਲਈ ਮਿਹਨਤ ਕਰੇਗੀ ਜਿਸਦੇ ਨਤੀਜੇ





ਵਜੋਂ 2027 ਵਿਧਾਨ ਸਭਾ ਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪਾਰਟੀ ਸਰਕਾਰ ਬਣਾ ਸਕੇਗੀ।ਗੁਰਬਾਜ਼ ਸਿੰਘ ਸਿੱਧੂ ਨੇ ਇਸ ਮੌਕੇ ਕਿਹਾ ਕਿ ਪਾਰਟੀ ਦਾ ਇੱਕ ਇੱਕ ਆਗੂ ਤੇ ਵਰਕਰ ਵਿਧਾਨ ਸਭਾ ਚੋਣਾਂ ਦੀ ਆਮਦ ਨੂੰ ਦੇਖਦਿਆਂ ਸ੍ਰ. ਪ੍ਰਗਟ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਪਾਰਟੀ ਦੀ ਹੋਰ ਮਜ਼ਬੂਤੀ ਵਾਸਤੇ ਦਿਨ ਰਾਤ ਕੰਮ ਕਰਨ ਲਈ ਤਿਆਰੀਆਂ ਕਸ ਚੁੱਕਾ ਹੈ। ਇਸ ਮੌਕੇ ਅਮਰਜੀਤ ਸਿੰਘ ਚੀਮਾ,ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਮਦਨ ਲਾਲ ਲਹਿਰੀ ਤੇ ਕੇਵਲ ਸਿੰਘ ਦੋਵੇਂ ਸਾਬਕਾ ਪ੍ਰਧਾਨ ਨਗਰ ਕੌਂਸਲ ਰਾਮਾਂ, ਸੀ.ਆਗੂ ਰਮੇਸ਼ ਰਾਮਾਂ,ਬਸੁਖਬੀਰ ਸਿੰਘ ਚੱਠਾ,ਕ੍ਰਿਸ਼ਨ ਯਾਦਵ, ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਮਨਜੀਤ ਸਿੰਘ ਸ਼ਿਪੀ ਸਾਬਕਾ ਚੇਅਰਮੈਨ ਬਲਾਕ ਸੰਮਤੀ, ਭੋਲਾ ਕਲਾਲਵਾਲਾ, ਗੁਰਾਦਿੱਤਾ ਸਿੰਘ ਸੀਂਗੋ, ਹੈਪੀ ਬਹਿਮਣ ਜਿਲ੍ਹਾ ਮੀਤ ਪ੍ਰਧਾਨ ਯੂਥ ਕਾਂਗਰਸ, ਭਾਗ ਸਿੰਘ ਕਾਕਾ, ਬਹਾਦਰ ਸਿੰਘ ਲੇਲੇਵਾਲਾ, ਹਰਦੇਵ ਸਿੰਘ ਫੌਜੀ ਨੰਗਲਾ, ਚਰਨਜੀਤ ਸਿੰਘ ਕੋਟਬਖਤੂ, ਮੇਜਰ ਸਿੰਘ ਲੇਲੇਵਾਲਾ ਪੰਜੇ ਸਾਬਕਾ ਸਰਪੰਚ, ਡਾ. ਮਲਕੀਤ ਮਿਰਜ਼ੇਆਣਾ, ਐਡਵੋਕੇਟ ਗੁਰਤੇਜ ਸਿੰਘ ਭਾਗੀਵਾਂਦਰ, ਤਰਸੇਮ ਲਾਲੇਆਣਾ, ਗੁਰਮੇਲ ਲਾਲੇਆਣਾ, ਗੁਰਵਿੰਦਰ ਦੁੱਨੇਵਾਲਾ, ਬਲਵੰਤ ਲੇਲੇਵਾਲਾ, ਤੇਜ ਰਾਮ ਸ਼ਰਮਾਂ, ਜਗਦੀਪ ਗੋਦਾਰਾ, ਹਰਜਿੰਦਰ ਜਿੰਦਾ, ਅੰਮ੍ਰਿਤਪਾਲ ਸਿੰਘ ਜੀਵਨ ਸਿੰਘ ਵਾਲਾ, ਦਰਸ਼ਨ ਗਿੱਲ ,ਸੁਰਜੀਤ ਸ਼ਿੰਦੀ, ਗੋਰਾ ਵਕੀਲ ਲਾਲੇਆਣਾ, ਜਗਤਾਰ ਨੰਬਰਦਾਰ ਭਾਗੀਵਾਂਦਰ, ਗੁਲਾਬ ਕੈਲੇਵਾਂਦਰ, ਧਰਵਿੰਦਰ ਢਿੱਲੋਂ ਗਿਆਨਾ, ਹਰਪਾਲ ਪੰਚ ਗਾਟਵਾਲੀ, ਸੇਵਕ ਤੰਗਰਾਲੀ, ਅਮਰਜੀਤ ਧਨੋਆ, ਬਲਵੀਰ ਗਿਆਨਾ, ਗੁਰਜੀਤ ਸਿੰਘ ਰੋਮਾਣਾ, ਗੁਰਮੀਤ ਤਿਉਣਾ ਪੁਜਾਰੀਆਂ, ਲਖਵੀਰ ਲੱਕੀ ਸੰਗਤ, ਚਰਨਾ ਨਵਾਂ ਪਿੰਡ, ਲੱਖਾ ਜ਼ੈਲਦਾਰ, ਗੁਰਮੀਤ ਸਿੰਘ ਜਗਾ, ਹਰਬੰਸ ਗਿੱਲ ਰਾਮਾਂ, ਡੂੰਗਰ ਸੀਂਗੋ, ਅੰਗਰੇਜ ਜੱਜਲ, ਜਸਪਾਲ ਭਗਵਾਨਪੁਰਾ, ਟਹਿਲ ਲਹਿਰੀ, ਬੂਟਾ ਮਿਰਜ਼ੇਆਣਾ, ਹਰਗੋਬਿੰਦ ਰਾਈਆ, ਮਨੀ ਗਿੱਲ, ਪਾਲ ਲਾਲੇਆਣਾ, ਲਾਭ ਸਿੰਘ ਰਾਮਸਰਾ, ਗੁਰਜੀਤ ਸਿੰਘ ਬੰਗੀ, ਬਿੱਲਾ ਬਾਬਾ, ਹਰੀ ਬਹਿਮਣ, ਹੈਪੀ ਮਲਕਾਣਾ, ਸੌਦਾਗਰ ਲੇਲੇਵਾਲਾ, ਝੰਡਾ ਸਿੰਘ, ਹਰਪਾਲ ਵਿਰਕ, ਸੁੱਚਾ ਸਿੰਘ ਤਲਵੰਡੀ ਤੋਂ ਇਲਾਵਾ ਵੱਡੀ ਗਿਣਤੀ ਆਗੂ ਮੌਜੂਦ ਸਨ।

HSGMC ਦੇ ਅਹੁਦੇਦਾਰਾਂ ਵੱਲੋਂ 7 ਅਕਤੂਬਰ ਦੀ ਕਾਰਜਕਾਰੀ ਕਮੇਟੀ ਮੀਟਿੰਗ ਵਿੱਚ

# ਮਹੱਤਵਪੂਰਨ ਵਿੱਤੀ ਅਤੇ ਵਿਕਾਸ ਕਾਰਜਾਂ ਨੂੰ ਏਜੰਡੇ ਵਿੱਚ ਸ਼ਾਮਲ ਕਰਨ ਦੀ ਮੰਗ



**ਕੁਰੂਕਸ਼ੇਤਰ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਗੁਰਮੀਤ ਸਿੰਘ, ਮੀਤ ਪ੍ਰਧਾਨ ਸ. ਗੁਰਬੀਰ ਸਿੰਘ ਤਲਾਕੌਰ, ਅਤੇ ਕਾਰਜਕਾਰੀ ਮੈਂਬਰ ਸ. ਜਗਤਾਰ ਸਿੰਘ ਮਿਠੜੀ ਅਤੇ ਸ. ਤੇਜਿੰਦਰ ਸਿੰਘ ਨਾਰਨੌਲ ਨੇ HSGMC ਦੇ ਮੁੱਖ ਸਕੱਤਰ ਤੋਂ ਮੰਗ ਕੀਤੀ ਹੈ ਕਿ 7 ਅਕਤੂਬਰ 2026 ਨੂੰ ਹੋਣ ਵਾਲੀ ਕਾਰਜਕਾਰੀ ਕਮੇਟੀ ਦੀ ਮੀਟਿੰਗ ਦੇ ਏਜੰਡੇ ਵਿੱਚ ਮਹੱਤਵਪੂਰਨ ਵਿੱਤੀ, ਪ੍ਰਬੰਧਕੀ ਅਤੇ ਵਿਕਾਸ ਕਾਰਜਾਂ ਨਾਲ ਸਬੰਧਤ ਮੁੱਦਿਆਂ ਨੂੰ ਸ਼ਾਮਲ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਅਹੁਦੇਦਾਰਾਂ ਨੇ ਕਿਹਾ ਕਿ HSGMC ਦੀ ਵਿੱਤੀ ਵਿਵਸਥਾ ਵਿੱਚ ਪੂਰੀ ਪਾਰਦਰਸ਼ਤਾ ਅਤੇ ਜਵਾਬਦੇਹੀ ਹੋਣੀ ਬਹੁਤ ਜ਼ਰੂਰੀ ਹੈ, ਕਿਉਂਕਿ ਸੰਗਤ ਵੱਲੋਂ ਦਿੱਤੀ ਮਾਇਆ ਇੱਕ ਪਵਿੱਤਰ ਅਮਾਨਤ ਹੈ।

**ਪ੍ਰਸਤਾਵਿਤ ਮਹੱਤਵਪੂਰਨ ਏਜੰਡੇ**

1. ਅਸਲ ਖਰਚਾ ਅਤੇ ਵਿੱਤੀ ਯੋਜਨਾਬੰਦੀ

ਵਿੱਤੀ ਸਾਲ 2025-26 ਦਾ ਅਸਲ ਖਰਚਾ, ਸੋਧਿਆ ਅਨੁਮਾਨ, ਪ੍ਰਸਤਾਵਿਤ ਬਜਟ, ਐੱਫ.ਡੀ.ਆਰ., ਜਾਇਦਾਦਾਂ, ਆਮਦਨ, ਖਰਚਾ ਅਤੇ ਭਵਿੱਖ ਦੀ ਵਿੱਤੀ ਯੋਜਨਾਬੰਦੀ ਕਾਰਜਕਾਰੀ ਕਮੇਟੀ ਸਾਹਮਣੇ ਪੇਸ਼ ਕੀਤੀ ਜਾਵੇ।

2. HSGMC ਦਾ ਇਕੱਠਾ ਬਜਟ

ਮੁੱਖ ਦਫ਼ਤਰ, ਗੁਰਦੁਆਰਾ ਸਾਹਿਬਾਨ, ਸਕੂਲਾਂ, ਮੈਡੀਕਲ ਸੰਸਥਾਵਾਂ ਅਤੇ ਹੋਰ ਅਦਾਰਿਆਂ ਨੂੰ ਸ਼ਾਮਲ ਕਰਕੇ ਇੱਕ ਇਕੱਠਾ ਬਜਟ ਪੇਸ਼ ਕੀਤਾ ਜਾਵੇ, ਤਾਂ ਜੋ ਕਮੇਟੀ ਦੀ ਪੂਰੀ ਆਮਦਨ ਅਤੇ ਖਰਚੇ ਦੀ ਸਪਸ਼ਟ ਤਸਵੀਰ ਸਾਹਮਣੇ ਆ ਸਕੇ।

3. ਵੱਡੇ ਪ੍ਰਾਜੈਕਟਾਂ ਲਈ ਬਜਟ ਅਤੇ ਵਿੱਤੀ ਸਰੋਤ

ਸਕੂਲਾਂ, ਸਰਾਵਾਂ, ਯੂਨੀਵਰਸਿਟੀ ਨਾਲ ਸਬੰਧਤ ਯੋਜਨਾਵਾਂ ਅਤੇ ਹੋਰ ਐਲਾਨੇ ਗਏ ਵੱਡੇ ਪ੍ਰਾਜੈਕਟਾਂ ਲਈ ਬਜਟ ਵਿੱਚ ਕਿੰਨੀ ਰਕਮ ਰੱਖੀ ਗਈ ਹੈ, ਮਾਇਆ ਦਾ ਸਰੋਤ ਕੀ ਹੋਵੇਗਾ ਅਤੇ ਕੰਮ ਕਦੋਂ ਤੱਕ ਪੂਰਾ ਹੋਵੇਗਾ—ਇਸ ਦੀ ਸਪਸ਼ਟ ਯੋਜਨਾ ਪੇਸ਼ ਕੀਤੀ ਜਾਵੇ।

4. ਮਿਰੀ-ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ

ਮਿਰੀ-ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ, ਸ਼ਾਹਬਾਦ ਮਾਰਕੰਡਾ ਦੀ ਪੂਰੀ ਸਥਿਤੀ ਕਾਰਜਕਾਰੀ ਕਮੇਟੀ ਸਾਹਮਣੇ ਰੱਖੀ ਜਾਵੇ। ਇਸ ਵਿੱਚ ਪ੍ਰਬੰਧਕੀ ਢਾਂਚਾ, ਕਰਮਚਾਰੀ, ਤਨਖਾਹਾਂ, ਆਮਦਨ-ਖਰਚਾ, ਜਾਇਦਾਦਾਂ, ਬਕਾਇਆ ਦੇਣਦਾਰੀਆਂ, ਬੁਨਿਆਦੀ ਢਾਂਚਾ, ਮੌਜੂਦਾ ਵਿੱਤੀ ਸਥਿਤੀ ਅਤੇ ਮੌਜੂਦਾ ਕਾਰਜਸ਼ੀਲਤਾ ਦਾ ਪੂਰਾ ਵੇਰਵਾ ਸ਼ਾਮਲ ਹੋਵੇ। ਇਸ ਸੰਸਥਾ ਨੂੰ ਮੁੜ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਅਤੇ ਪੁਨਰ-ਸੁਰਜੀਤ ਕਰਨ ਲਈ ਕੀਤੇ ਜਾਣ ਵਾਲੇ ਠੋਸ ਕਦਮਾਂ ਅਤੇ ਲੋੜੀਂਦੇ ਵਿੱਤੀ ਸਰੋਤਾਂ 'ਤੇ ਵੀ ਵਿਚਾਰ ਕੀਤਾ ਜਾਵੇ।

5. ਐਲਾਨੇ ਅਤੇ ਅਧੂਰੇ ਕੰਮਾਂ ਦੀ ਸਥਿਤੀ

ਪਹਿਲਾਂ ਐਲਾਨੇ ਗਏ ਵੱਖ-ਵੱਖ ਕੰਮਾਂ ਅਤੇ ਸਹੂਲਤਾਂ ਦੀ ਮੌਜੂਦਾ ਸਥਿਤੀ, ਬਜਟ ਵਿੱਚ ਰੱਖੀ ਰਕਮ ਅਤੇ ਪੂਰਾ ਕਰਨ ਦੀ ਸਮਾਂ-ਸੀਮਾ ਦੀ ਰਿਪੋਰਟ ਪੇਸ਼ ਕੀਤੀ ਜਾਵੇ।

ਖਾਸ ਤੌਰ 'ਤੇ:

* ਮੈਡੀਕਲ ਕਾਲਜ
* ਮਿਰੀ-ਪੀਰੀ ਮੈਡੀਕਲ ਕਾਲਜ
* HSGMC ਦੇ ਸਕੂਲ
* ਦਰਬਾਰ ਸਾਹਿਬ ਲਈ ਥਾਂ/ਸਰਾਂ
* ਸਿੰਘ ਸਭਾ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਿੰਘਾਂ ਲਈ ਸਹੂਲਤਾਂ
* ਬੀਮਾ
* ਯੂਨੀਵਰਸਿਟੀ
* ਗ੍ਰੰਥੀ ਸਿੰਘਾਂ ਦੇ ਬੱਚਿਆਂ ਦੀ ਪੜ੍ਹਾਈ ਲਈ ਵਿੱਤੀ ਸਹਾਇਤਾ
* ਧਰਮ ਪ੍ਰਚਾਰ
* ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ ਕਾਲਜ ਲਈ ਬੱਸਾਂ ਦੀ ਖਰੀਦ
* ਸੰਤ ਮੋਹਨ ਸਿੰਘ ਮਤਵਾਲਾ ਸਕੂਲ, ਸਿਰਸਾ ਲਈ ਬੱਸਾਂ ਦੀ ਖਰੀਦ

ਦੋਵੇਂ ਵਿਦਿਅਕ ਸੰਸਥਾਵਾਂ ਲਈ ਲੋੜੀਂਦੀਆਂ ਬੱਸਾਂ ਦੀ ਗਿਣਤੀ, ਅਨੁਮਾਨਿਤ ਲਾਗਤ, ਬਜਟ ਵਿੱਚ ਰੱਖੀ ਰਕਮ ਅਤੇ ਖਰੀਦ ਦੀ ਸਮਾਂ-ਸੀਮਾ ਸਪਸ਼ਟ ਕੀਤੀ ਜਾਵੇ।

6. ਧਰਮ ਪ੍ਰਚਾਰ ਲਈ ਲਗਭਗ 10.32 ਕਰੋੜ ਦਾ ਪ੍ਰਬੰਧ

ਧਰਮ ਪ੍ਰਚਾਰ ਲਈ ਰੱਖੀ ਗਈ ਲਗਭਗ 10.32 ਕਰੋੜ ਦੀ ਰਕਮ ਦੇ ਨਾਲ ਸਪਸ਼ਟ ਅਤੇ ਮਾਪਯੋਗ ਟੀਚੇ ਤੈਅ ਕੀਤੇ ਜਾਣ।

ਕਿੰਨੇ ਗੁਰਮਤਿ ਕੈਂਪ, ਕਿੰਨੇ ਪਿੰਡਾਂ ਵਿੱਚ ਪ੍ਰਚਾਰ, ਕਿੰਨੇ ਨੌਜਵਾਨਾਂ ਦੇ ਪ੍ਰੋਗਰਾਮ, ਕਿੰਨੇ ਅੰਮ੍ਰਿਤ ਸੰਚਾਰ ਅਤੇ ਧਾਰਮਿਕ ਸਾਹਿਤ ਦੇ ਪ੍ਰਚਾਰ ਲਈ ਕਿਹੜੀਆਂ ਗਤੀਵਿਧੀਆਂ ਕੀਤੀਆਂ ਜਾਣਗੀਆਂ—ਇਸ ਦੀ ਸਾਲਾਨਾ ਯੋਜਨਾ ਅਤੇ ਪਿਛਲੇ ਸਾਲ ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ ਜਾਵੇ।

7. ਮਿਰੀ-ਪੀਰੀ ਮੈਡੀਕਲ ਕਾਲਜ ਲਈ 3 ਤੋਂ 5 ਸਾਲਾਂ ਦੀ ਯੋਜਨਾ

ਮਿਰੀ-ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਲਈ ਅਗਲੇ 3 ਤੋਂ 5 ਸਾਲਾਂ ਦਾ ਵਿਆਪਕ ਪੁਨਰ-ਸੁਰਜੀਤੀ ਅਤੇ ਵਿਕਾਸ ਰੋਡਮੈਪ ਕਾਰਜਕਾਰੀ ਕਮੇਟੀ ਸਾਹਮਣੇ ਰੱਖਿਆ ਜਾਵੇ।

ਇਸ ਵਿੱਚ ਕਰਮਚਾਰੀਆਂ ਅਤੇ ਅਧਿਆਪਕਾਂ ਦੀ ਯੋਜਨਾ, ਬੁਨਿਆਦੀ ਢਾਂਚੇ ਦੀ ਲੋੜ, ਪੂੰਜੀ ਖਰਚ, ਵਿੱਤੀ ਲੋੜਾਂ ਅਤੇ ਟਿਕਾਊ ਆਮਦਨ ਦਾ ਮਾਡਲ ਸ਼ਾਮਲ ਹੋਵੇ।

8. ਗੁਰਦੁਆਰਾ ਸਾਹਿਬਾਨ ਵਿੱਚ ਚੋਰੀਆਂ ਅਤੇ ਪ੍ਰਬੰਧਕੀ ਕਮੀਆਂ

ਗੁਰਦੁਆਰਾ ਸ੍ਰੀ ਲਖਨੌਰ ਸਾਹਿਬ, ਅੰਬਾਲਾ ਸ਼ਹਿਰ; ਗੁਰਦੁਆਰਾ ਸ੍ਰੀ ਸੀਸਗੰਜ ਸਾਹਿਬ, ਤਰਾਵੜੀ ਅਤੇ ਹੋਰ ਗੁਰਦੁਆਰਾ ਸਾਹਿਬਾਨ ਵਿੱਚ ਹੋਈਆਂ ਚੋਰੀਆਂ, ਪ੍ਰਬੰਧਕੀ ਲਾਪਰਵਾਹੀਆਂ ਅਤੇ ਗੰਭੀਰ ਸ਼ਿਕਾਇਤਾਂ ਸਬੰਧੀ ਜਾਂਚ ਅਤੇ ਕੀਤੀ ਗਈ ਕਾਰਵਾਈ ਦੀ ਰਿਪੋਰਟ ਕਾਰਜਕਾਰੀ ਕਮੇਟੀ ਸਾਹਮਣੇ ਪੇਸ਼ ਕੀਤੀ ਜਾਵੇ।

ਰਿਪੋਰਟ ਵਿੱਚ ਸਪਸ਼ਟ ਕੀਤਾ ਜਾਵੇ ਕਿ ਕਿਸ ਦੀ ਜ਼ਿੰਮੇਵਾਰੀ ਤੈਅ ਕੀਤੀ ਗਈ, ਹੁਣ ਤੱਕ ਕੀ ਕਾਰਵਾਈ ਹੋਈ, ਜਾਂਚ ਕਿਸ ਪੜਾਅ 'ਤੇ ਹੈ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਕੀ ਕਦਮ ਚੁੱਕੇ ਜਾ ਰਹੇ ਹਨ।

ਅਹੁਦੇਦਾਰਾਂ ਨੇ ਕਿਹਾ ਕਿ ਇਹ ਸਾਰੇ ਮੁੱਦੇ HSGMC ਦੀ ਵਿੱਤੀ ਪਾਰਦਰਸ਼ਤਾ, ਜਵਾਬਦੇਹੀ, ਸੁਚੱਜੇ ਪ੍ਰਬੰਧ ਅਤੇ ਲੰਬੇ ਸਮੇਂ ਦੀ ਯੋਜਨਾਬੰਦੀ ਨਾਲ ਸਿੱਧੇ ਤੌਰ 'ਤੇ ਜੁੜੇ ਹੋਏ ਹਨ।

ਉਨ੍ਹਾਂ ਮੰਗ ਕੀਤੀ ਕਿ ਸਾਰੇ ਸੰਬੰਧਿਤ ਵਿੱਤੀ ਵੇਰਵੇ, ਰਿਕਾਰਡ, ਰਿਪੋਰਟਾਂ ਅਤੇ ਦਸਤਾਵੇਜ਼ ਮੀਟਿੰਗ ਤੋਂ ਪਹਿਲਾਂ ਸਾਰੇ ਮੈਂਬਰਾਂ ਨੂੰ ਉਪਲਬਧ ਕਰਵਾਏ ਜਾਣ, ਤਾਂ ਜੋ ਕਾਰਜਕਾਰੀ ਕਮੇਟੀ ਵਿੱਚ ਤੱਥਾਂ ਦੇ ਆਧਾਰ 'ਤੇ ਸਾਰਥਕ ਵਿਚਾਰ-ਵਟਾਂਦਰਾ ਅਤੇ ਫੈਸਲਾ ਹੋ ਸਕੇ।

"ਸੰਗਤ ਦੀ ਮਾਇਆ ਇੱਕ ਪਵਿੱਤਰ ਅਮਾਨਤ ਹੈ। ਹਰ ਰੁਪਏ ਦਾ ਹਿਸਾਬ ਹੋਣਾ ਚਾਹੀਦਾ ਹੈ ਅਤੇ ਹਰ ਵੱਡੇ ਪ੍ਰਾਜੈਕਟ ਲਈ ਸਪਸ਼ਟ ਵਿੱਤੀ ਯੋਜਨਾ, ਬਜਟ ਪ੍ਰਬੰਧ ਅਤੇ ਸਮਾਂ-ਸੀਮਾ ਹੋਣੀ ਚਾਹੀਦੀ ਹੈ।"

ਉਨ੍ਹਾਂ ਸਪਸ਼ਟ ਕੀਤਾ ਕਿ ਮਕਸਦ ਬਜਟ ਦਾ ਵਿਰੋਧ ਕਰਨਾ ਨਹੀਂ, ਸਗੋਂ ਇਹ ਯਕੀਨੀ ਬਣਾਉਣਾ ਹੈ ਕਿ ਬਜਟ ਅਸਲ ਖਾਤਿਆਂ, ਸਹੀ ਵਿੱਤੀ ਯੋਜਨਾਬੰਦੀ, ਪ੍ਰਾਜੈਕਟਵਾਰ ਬਜਟ ਅਤੇ ਜਵਾਬਦੇਹੀ 'ਤੇ ਆਧਾਰਿਤ ਹੋਵੇ।

**ਜਾਰੀ ਕਰਤਾ : ਸ. ਗੁਰਮੀਤ ਸਿੰਘ ਸੀਨੀਅਰ ਮੀਤ ਪ੍ਰਧਾਨ, HSGMC**
**ਸ. ਗੁਰਬੀਰ ਸਿੰਘ ਤਲਾਕੌਰ ਮੀਤ ਪ੍ਰਧਾਨ, HSGMC**
**ਸ. ਜਗਤਾਰ ਸਿੰਘ ਮਿਠੜੀ ਕਾਰਜਕਾਰੀ ਮੈਂਬਰ, HSGMC**
**ਸ. ਤੇਜਿੰਦਰ ਸਿੰਘ ਨਾਰਨੌਲ ਕਾਰਜਕਾਰੀ ਮੈਂਬਰ, HSGMC**

## ਮਹਾਰਾਜਾ ਅਗਰਸੈਨ ਜਯੰਤੀ ਮੌਕੇ 10 ਅਕਤੂਬਰ ਨੂੰ ਲੱਗੇਗਾ ਮੁ.ਫਤ ਅੱਖਾਂ ਦਾ ਜਾਂਚ ਤੇ ਆਪ੍ਰੇਸ਼ਨ ਕੈਂਪ, ਲੋੜਵੰਦ ਮਰੀਜ਼ਾਂ ਦੇ ਕੀਤੇ ਜਾਣਗੇ ਆਪ੍ਰੇਸ਼ਨ



ਫ਼ਿਰੋਜ਼ਪੁਰ, 06 ਅਕਤੂਬਰ (ਮਨੋਹਰ ਲਾਲ) :—ਸ੍ਰੀ ਰਾਮ ਬਾਗ ਬਿਰਧ ਸੇਵਾ ਆਸ਼ਰਮ, ਫਿਰੋਜ਼ਪੁਰ ਛਾਉਣੀ ਵਿਖੇ ਮਹਾਰਾਜਾ ਅਗਰਸੈਨ ਜੀ ਦੀ 5180ਵੀਂ ਜਯੰਤੀ ਦੇ ਮੌਕੇ ਲੋੜਵੰਦਾਂ ਨੂੰ ਬਿਹਤਰ ਅੱਖਾਂ ਦੀ ਡਾਕਟਰੀ ਸਹੂਲਤ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਅਖਿਲ ਭਾਰਤੀ ਅਗਰਵਾਲ ਸੰਮੇਲਨ ਪੰਜਾਬ ਪ੍ਰਦੇਸ਼ ਵੱਲੋਂ 10 ਅਕਤੂਬਰ ਨੂੰ ਮੁਫ਼ਤ ਅੱਖਾਂ ਦੀ ਜਾਂਚ ਅਤੇ ਆਪ੍ਰੇਸ਼ਨ ਕੈਂਪ ਲਗਾਇਆ ਜਾਵੇਗਾ। ਪੰਜਾਬ ਪ੍ਰਦੇਸ਼ ਦੇ ਸੀਨੀਅਰ ਉਪ ਪ੍ਰਧਾਨ ਹਰੀਸ਼ ਗੋਇਲ ਨੇ ਦੱਸਿਆ ਕਿ ਕੈਂਪ ਦੌਰਾਨ ਮਰੀਜ਼ਾਂ ਦੀਆਂ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ, ਜਿਨ੍ਹਾਂ ਮਰੀਜ਼ਾਂ ਨੂੰ ਆਪ੍ਰੇਸ਼ਨ ਦੀ ਲੋੜ ਹੋਵੇਗੀ, ਉਨ੍ਹਾਂ ਨੂੰ ਅਗਲੇ ਇਲਾਜ ਦੀ ਸਹੂਲਤ ਮੁਹੱਈਆ ਕਰਵਾਉਣ ਅਤੇ ਆਪ੍ਰੇਸ਼ਨ ਸਬੰਧੀ ਲੋੜੀਂਦੀ ਜਾਣਕਾਰੀ ਅਤੇ ਮਾਰਗਦਰਸ਼ਨ ਵੀ ਦਿੱਤਾ ਜਾਵੇਗਾ। ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾ: ਆਕ੍ਰਿਤੀ ਸਿੰਗਲਾ ਅਤੇ ਡਾ: ਵਿਕਾਸ ਸ਼ੁਕਲਾ ਮਰੀਜ਼ਾਂ ਦੀ ਜਾਂਚ ਕਰਨਗੇ। ਗੱਲਬਾਤ ਕਰਦਿਆਂ ਹਰੀਸ਼ ਗੋਇਲ ਨੇ ਕਿਹਾ ਕਿ ਕੈਂਪ ਲਈ ਮਰੀਜ਼ਾਂ ਦੀ ਰਜਿਸਟ੍ਰੇਸ਼ਨ ਸਵੇਰੇ 9 ਵਜੇ ਸ਼ੁਰੂ ਹੋਵੇਗੀ, ਜਦਕਿ ਅੱਖਾਂ ਦੀ ਜਾਂਚ ਦਾ ਸਮਾਂ ਸਵੇਰੇ 9:30 ਵਜੇ ਤੋਂ ਦੁਪਹਿਰ 2 ਵਜੇ ਤੱਕ ਰਹੇਗਾ। ਉਨ੍ਹਾਂ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਲੋਕਾਂ ਨੂੰ ਸਮੇਂ ਸਿਰ ਅੱਖਾਂ ਦੀ ਡਾਕਟਰੀ ਸਹੂਲਤ ਮੁਹੱਈਆ ਕਰਵਾਉਣਾ ਹੈ ਤਾਂ ਜੋ ਅੱਖਾਂ ਨਾਲ ਸਬੰਧਤ ਬਿਮਾਰੀਆਂ ਦਾ ਸਮੇਂ ਸਿਰ ਇਲਾਜ ਕੀਤਾ ਜਾ ਸਕੇ। ਆਯੋਜਕਾਂ ਨੇ ਦੱਸਿਆ ਕਿ ਕੈਂਪ ਵਿੱਚ ਆਉਣ ਵਾਲੇ ਮਰੀਜ਼ ਆਪਣਾ ਆਧਾਰ ਕਾਰਡ ਜ਼ਰੂਰ ਨਾਲ ਲੈ ਕੇ ਆਉਣ। ਕੈਂਪ ਦੇ ਆਯੋਜਨ ਵਿੱਚ ਸ੍ਰੀ ਰਾਮ ਬਾਗ ਬਿਰਧ ਸੇਵਾ ਆਸ਼ਰਮ ਕਮੇਟੀ ਅਤੇ ਲਾਇਨਜ਼ ਆਈ ਕੇਅਰ ਸੈਂਟਰ ਵੱਲੋਂ ਸਹਿਯੋਗ ਦਿੱਤਾ ਜਾ ਰਿਹਾ ਹੈ। ਪ੍ਰਬੰਧਕਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਲੋਕਾਂ ਨੂੰ ਅੱਖਾਂ ਨਾਲ ਸਬੰਧਤ ਕੋਈ ਸਮੱਸਿਆ ਹੈ, ਉਹ ਇਸ ਮੁਫ਼ਤ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ। ਇਸ ਦੇ ਨਾਲ ਹੀ ਆਪਣੇ ਪਰਿਵਾਰ ਦੇ ਬਜ਼ੁਰਗਾਂ ਅਤੇ ਲੋੜਵੰਦ ਲੋਕਾਂ ਨੂੰ ਵੀ ਕੈਂਪ ਵਿੱਚ ਲਿਆ ਕੇ ਉਨ੍ਹਾਂ ਦੀਆਂ ਅੱਖਾਂ ਦੀ ਸਮੇਂ ਸਿਰ ਜਾਂਚ ਕਰਵਾਈ ਜਾਵੇ।

## ਅਮਰਜੀਤ ਸਿੰਘ ਚਾਵਲਾ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਤੇ ਹਰਜਿੰਦਰ ਸਿੰਘ ਧਾਮੀ ਸਮੂਹਿਕ ਜ਼ਿੰਮੇਵਾਰੀ ਤੋਂ ਭੱਜ ਨਹੀਂ ਸਕਦੇ: ਬਾਬਾ ਮਹਿਰਾਜ

### ਹਾਲਾਤ ਦੇ ਨਿਘਾਰ ਲਈ ਪੰਥਕ ਪੱਧਰ 'ਤੇ ਮੰਥਨ ਤੇ ਹੱਲ ਦੇ ਯਤਨ ਹੋਣ: ਪੰਚ ਪ੍ਰਧਾਨੀ ਜਥਾ



**ਨਵੀਂ ਦਿੱਲੀ, 6 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਸ੍ਰੀ ਅਨੰਦਪੁਰ ਸਾਹਿਬ ਦੀ ਸਰਾਂ ਵਿਖੇ ਵਾਪਰੀ ਕਥਿਤ ਘਟਨਾ 'ਤੇ ਪੰਚ ਪ੍ਰਧਾਨੀ ਜਥੇ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਹੈ ਕਿ ਇਸ ਨਾਲ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਠੇਸ ਪੁੱਜੀ ਹੈ। ਜਥੇ ਨੇ ਕਿਹਾ ਕਿ ਸਮੂਹਿਕ ਜ਼ਿੰਮੇਵਾਰੀ ਦੇ ਸਿਧਾਂਤ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਸਮੇਤ ਸਬੰਧਤ ਅਹੁਦੇਦਾਰਾਂ ਅਤੇ ਮੈਂਬਰਾਂ ਦੀ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਜਥੇ ਨੇ ਮੰਗ ਕੀਤੀ ਕਿ ਪੰਥ ਪ੍ਰਵਾਨਤ ਸ਼ਖ਼ਸੀਅਤਾਂ ਦੀ ਜਾਂਚ ਕਮੇਟੀ ਬਣਾ ਕੇ ਘਟਨਾ ਦੇ ਤੱਥਾਂ ਦੀ ਪੜਤਾਲ ਕੀਤੀ ਜਾਵੇ ਅਤੇ ਜਾਂਚ ਮੁਕੰਮਲ ਹੋਣ ਤੱਕ ਸਬੰਧਤ ਅਹੁਦੇਦਾਰਾਂ ਦੀ ਭੂਮਿਕਾ ਦੀ ਵੀ ਸਮੀਖਿਆ ਕੀਤੀ ਜਾਵੇ। ਭਾਈ ਨਰਾਇਣ ਸਿੰਘ ਚੌੜਾ ਅਤੇ ਭਾਈ ਹਰਦੀਪ ਸਿੰਘ ਮਹਿਰਾਜ ਨੇ ਕਿਹਾ ਕਿ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਵਜੋਂ ਨਿਯੁਕਤੀ ਨੂੰ ਲੈ ਕੇ ਪੰਥ ਵਿੱਚ ਗੰਭੀਰ ਸਵਾਲ ਮੌਜੂਦ ਹਨ। ਉਨ੍ਹਾਂ ਦਾ ਦਾਅਵਾ ਹੈ ਕਿ ਕੌਮ ਦਾ ਵੱਡਾ ਹਿੱਸਾ ਗਿਆਨੀ ਗੜਗੱਜ ਨੂੰ ਪੰਥ ਵੱਲੋਂ ਪ੍ਰਵਾਨਤ ਜਥੇਦਾਰ ਵਜੋਂ ਨਹੀਂ ਮੰਨਦਾ, ਕਿਉਂਕਿ ਉਨ੍ਹਾਂ ਦੀ ਨਿਯੁਕਤੀ ਦੀ ਪ੍ਰਕਿਰਿਆ ਨੂੰ ਲੈ ਕੇ ਪੰਥਕ ਪੱਧਰ 'ਤੇ ਇਤਰਾਜ਼ ਹਨ। ਜਥੇ ਨੇ ਕਿਹਾ ਕਿ ਇਸੇ ਕਾਰਨ ਉਨ੍ਹਾਂ ਵੱਲੋਂ ਜਾਰੀ ਕੀਤੇ ਜਾ ਰਹੇ ਆਦੇਸ਼ਾਂ, ਸੰਦੇਸ਼ਾਂ ਅਤੇ ਹੁਕਮਨਾਮਿਆਂ ਦੀ ਪੰਥਕ ਪ੍ਰਵਾਨਗੀ ਨੂੰ ਲੈ ਕੇ ਵੀ ਸਵਾਲ ਉੱਠ ਰਹੇ ਹਨ। ਨਾਲ ਹੀ ਜਥੇ ਨੇ ਸਾਰੀਆਂ ਧਿਰਾਂ ਨੂੰ ਅਪੀਲ ਕੀਤੀ ਕਿ ਮਾਮਲੇ ਨੂੰ ਨਿੱਜੀ ਵੈਰ-ਵਿਰੋਧ ਜਾਂ ਸੰਸਥਾਵਾਂ ਨੂੰ ਬਦਨਾਮ ਕਰਨ ਦਾ ਸਾਧਨ ਨਾ ਬਣਾਇਆ ਜਾਵੇ। ਪੰਥ ਸੇਵਕ ਭਾਈ ਦਲਜੀਤ ਸਿੰਘ, ਭਾਈ ਸਤਨਾਮ ਸਿੰਘ ਖੰਡੇਵਾਲਾ ਅਤੇ ਭਾਈ ਸਤਨਾਮ ਸਿੰਘ ਝੰਜੀਆਂ ਨੇ ਕਿਹਾ ਕਿ ਮੌਜੂਦਾ ਹਾਲਾਤ 'ਤੇ ਪੰਥਕ ਪੱਧਰ 'ਤੇ ਗੰਭੀਰ ਵਿਚਾਰ-ਵਟਾਂਦਰੇ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾਵਾਂ ਵਿੱਚ ਆਗੂ ਚੁਣਨ ਅਤੇ ਫ਼ੈਸਲੇ ਲੈਣ ਲਈ ਪੰਥਕ ਤਰੀਕਾਕਾਰ ਨੂੰ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ। ਪੰਚ ਪ੍ਰਧਾਨੀ ਜਥੇ ਨੇ ਸ਼੍ਰੋਮਣੀ ਕਮੇਟੀ, ਹੋਰ ਸਿੱਖ ਸੰਸਥਾਵਾਂ, ਸੰਪਰਦਾਵਾਂ, ਜਥੇਬੰਦੀਆਂ, ਸਿੱਖ ਬੁੱਧੀਜੀਵੀਆਂ ਅਤੇ ਪੰਥਕ ਸ਼ਖ਼ਸੀਅਤਾਂ ਨੂੰ ਸਾਂਝੇ ਤੌਰ 'ਤੇ ਬੈਠ ਕੇ ਘਟਨਾ ਦੀ ਜਾਂਚ ਕਰਵਾਉਣ ਅਤੇ ਗੁਰਮਤਿ ਸਿਧਾਂਤਾਂ, ਪੰਥਕ ਰਵਾਇਤਾਂ ਤੇ ਪੰਚ ਪ੍ਰਧਾਨੀ ਸਿਧਾਂਤ ਅਨੁਸਾਰ ਹੱਲ ਤਲਾਸ਼ਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਲਛਮਣ ਸਿੰਘ ਫੱਲੜ ਬਣੇ ਮਾਰਕੀਟ ਕਮੇਟੀ ਤਲਵੰਡੀ ਸਾਬੋ ਦੇ ਚੇਅਰਮੈਨ

### ਬੀਬਾ ਬਲਜਿੰਦਰ ਕੌਰ ਚੀਫ ਵਿੱਪ ਨੇ ਕੀਤੀ ਤਾਜਪੋਸ਼ੀ



**ਤਲਵੰਡੀ ਸਾਬੋ, 6 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਅੱਜ ਸਥਾਨਕ ਮਾਰਕੀਟ ਕਮੇਟੀ ਤਲਵੰਡੀ ਸਾਬੋ ਦੇ ਨਵੇਂ ਚੇਅਰਮੈਨ ਵਜੋਂ ਲਛਮਣ ਸਿੰਘ ਫੱਲੜ ਨੇ ਆਪਣਾ ਅਹੁਦਾ ਸੰਭਾਲ ਲਿਆ। ਉਨਾਂ ਦੀ ਤਾਜਪੋਸ਼ੀ ਮੌਕੇ ਪੰਜਾਬ ਸਰਕਾਰ ਵੱਲੋਂ ਚੀਫ ਵਿੱਪ ਬੀਬਾ ਬਲਜਿੰਦਰ ਕੌਰ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਸਥਾਨਕ ਯਾਤਰੀ ਨਿਵਾਸ ਮਾਰਕੀਟ ਕਮੇਟੀ ਦੇ ਦਫਤਰ ਵਿੱਚ ਇੱਕ ਪ੍ਰਭਾਵਸ਼ਾਲੀ ਸਮਾਗਮ ਵਿੱਚ ਚੇਅਰਮੈਨ ਲਛਮਣ ਸਿੰਘ ਨੂੰ ਉਹਨਾਂ ਦੇ ਅਹੁਦੇ ਤੇ ਬਿਰਾਜਮਾਨ ਕਰਨ ਸਮੇਂ ਬੀਬਾ ਬਲਜਿੰਦਰ ਕੌਰ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਕੌਂਸਲਰ ਤੇ ਵਰਕਰ ਵੱਡੀ ਗਿਣਤੀ ਵਿੱਚ ਮੌਜੂਦ ਸਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਬਾ ਬਲਜਿੰਦਰ ਕੌਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਾਰੇ ਵਰਗਾਂ ਨੂੰ ਨਾਲ ਲੈ ਕੇ ਇੱਕ ਨਵਾਂ ਪੰਜਾਬ ਸਿਰਜਿਆ ਜਾ ਰਿਹਾ ਹੈ। ਜਿਸ ਵਿੱਚ ਆਮ ਘਰਾਂ ਦੇ ਨੌਜਵਾਨਾਂ ਨੂੰ ਯੋਗ ਅਗਵਾਈ ਦਿੱਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਹਲਕਾ ਤਲਵੰਡੀ ਸਾਬੋ ਮਾਰਕੀਟ ਕਮੇਟੀ ਦੇ ਚੇਅਰਮੈਨ ਵਜੋਂ ਰਾਮਾ ਮੰਡੀ ਨੂੰ ਨੁਮਾਇੰਦਗੀ ਦਿੱਤੀ ਗਈ ਹੈ। ਰਾਮਾ ਮੰਡੀ ਇਲਾਕੇ ਦੇ ਪਿੰਡਾਂ ਵਾਲਿਆਂ ਦੀ ਇਹ ਵੱਡੀ ਮੰਗ ਸੀ ਜਿਸ ਨੂੰ ਉਹਨਾਂ ਨੇ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰਾਹੀਂ ਪੂਰਾ ਕੀਤਾ। ਨਵ ਨਿਯੁਕਤ ਚੇਅਰਮੈਨ ਲਛਮਣ ਸਿੰਘ ਨੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ, ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸ੍ਰੀ ਮਨੀਸ਼ ਸਿਸੋਦੀਆ ਇੰਚਾਰਜ ਪੰਜਾਬ, ਅਮਨ ਅਰੋੜਾ ਪ੍ਰਧਾਨ ਆਪ ਪੰਜਾਬ ਤੇ ਬੀਬਾ ਬਲਜਿੰਦਰ ਕੌਰ ਚੀਫ ਵਿੱਪ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਅਤੇ ਆਮ ਆਦਮੀ ਪਾਰਟੀ ਦੇ ਆਏ ਹੋਏ ਸਾਰੇ ਸੀਨੀਅਰ ਆਗੂਆਂ ਤੇ ਵਰਕਰਾਂ ਦਾ ਵੀ ਕੋਟਿਨ ਕੋਟ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਪਾਰਟੀ ਵੱਲੋਂ ਮਿਲੀ ਹੋਈ ਜਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਜਥੇਦਾਰ ਦਰਸ਼ਨ ਸਿੰਘ ਜਗ੍ਗਾ, ਗੁਰਪ੍ਰੀਤ ਕੌਰ ਚੇਅਰਮੈਨ ਮਾਰਕੀਟ ਕਮੇਟੀ ਰਾਮਾ ਮੰਡੀ, ਜਸਵਿੰਦਰ ਕੌਰ ਮੈਂਬਰ ਮਹਿਲਾ ਕਮਿਸ਼ਨ ਪੰਜਾਬ, ਹਰਜੀਤ ਸਿੰਘ ਪ੍ਰਧਾਨ ਨਗਰ ਕੌਂਸਲ ਤਲਵੰਡੀ ਸਾਬੋ, ਤਰਸੇਮ ਸਿੰਗਲਾ ਚੇਅਰਮੈਨ ਅਗਰਵਾਲ ਸਮਾਜ, ਬਰਮਦੇਵ ਸਿੰਘ ਮੀਤ ਪ੍ਰਧਾਨ, ਨਛੱਤਰ ਸਿੰਘ ਕੌਂਸਲਰ, ਥਾਣਾ ਸਿੰਘ ਮੌੜ, ਨੈਬ ਸਿੰਘ, ਠਾਣਾ ਸਿੰਘ ਚੱਠਾ, ਗੁਰਮੀਤ ਸਿੰਘ ਸੇਖਪੁਰਾ, ਬਿੱਕਰ ਸਿੰਘ ਨਥੇਹਾ, ਗੁਰਮੇਲ ਸਿੰਘ ਮੰਗੂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਵਰਕਰ ਵੱਡੀ ਗਿਣਤੀ ਵਿੱਚ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਵਿੱਚ

# ਵਿਸ਼ਵ ਕੁਦਰਤ ਦਿਵਸ ਮਨਾਇਆ ਗਿਆ






**ਤਲਵੰਡੀ ਸਾਬੋ, 6 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਵਿਸ਼ਵ ਅਧਿਆਪਕ ਦਿਵਸ ਅਤੇ ਧਰਤੀ ਦਿਵਸ ਨੂੰ ਸਮਰਪਿਤ ਵਾਤਾਵਰਨ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵੱਖ-ਵੱਖ ਕਿਸਮਾਂ ਦੇ ਪੌਦੇ ਲਗਾ ਕੇ ਧਰਤੀ ਨੂੰ ਹਰਿਆ-ਭਰਿਆ ਬਣਾਉਣ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਸਕੂਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਪੌਦੇ ਲਗਾਉਣ ਦੀ ਗਤੀਵਿਧੀ ਵਿੱਚ ਭਾਗ ਲਿਆ। ਵਿਦਿਆਰਥੀਆਂ ਨੇ ਪੌਦਿਆਂ ਨੂੰ ਪਾਣੀ ਦਿੱਤਾ ਅਤੇ ਉਨ੍ਹਾਂ ਦੀ ਸਹੀ ਦੇਖਭਾਲ ਕਰਨ ਦਾ ਸੰਕਲਪ ਲਿਆ। ਵੱਖ-ਵੱਖ ਪਿੰਡਾਂ ਦੇ ਸਰਪੰਚ,ਪੰਚਾਇਤ ਮੈਂਬਰ ਅਤੇ ਹੋਰ ਵਿਅਕਤੀਆਂ ਤੋਂ ਇਲਾਵਾ ਸਕੂਲ ਦੇ ਪ੍ਰਧਾਨ ਸ੍ਰੀ ਲਗਨ ਖੁਰਾਣਾ, ਸਕੂਲ ਦੇ ਚੇਅਰਮੈਨ ਸ੍ਰੀ ਵਿਨੋਦ ਖੁਰਾਣਾ, ਪ੍ਰਿੰਸੀਪਲ ਮੈਡਮ ਮੀਨੂੰ ਗਰਗ, ਸੀਨੀਅਰ ਕੋਆਰਡੀਨੇਟਰ ਮੈਡਮ ਬੇਅੰਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ।ਸਕੂਲ ਦੇ ਪ੍ਰਿੰਸੀਪਲ ਮੈਡਮ ਮੀਨੂੰ ਗਰਗ ਨੇ ਇਸ ਮੌਕੇ ਕਿਹਾ ਕਿ "ਪੌਦਾ ਲਗਾਉਣਾ ਸਿਰਫ਼ ਇੱਕ ਦਿਨ ਦੀ ਗਤੀਵਿਧੀ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸੁੰਦਰ ਅਤੇ ਸੁਰੱਖਿਅਤ ਭਵਿੱਖ ਤਿਆਰ ਕਰਨ ਦੀ ਜ਼ਿੰਮੇਵਾਰੀ ਹੈ। ਬੱਚਿਆਂ ਨੂੰ ਸ਼ੁਰੂ ਤੋਂ ਹੀ ਕੁਦਰਤ ਅਤੇ ਵਾਤਾਵਰਨ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।" ਉਨ੍ਹਾਂ ਨੇ ਸਾਰਿਆਂ ਨੂੰ ਵਾਤਾਵਰਨ ਦੀ ਸੁਰੱਖਿਆ ਲਈ ਆਪਣਾ ਯੋਗਦਾਨ ਪਾਉਣ ਅਤੇ 'ਹਰਿਆਵਲ ਵਧਾਓ, ਧਰਤੀ ਬਚਾਓ' ਦਾ ਸੰਦੇਸ਼ ਘਰ-ਘਰ ਪਹੁੰਚਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਭਾਗੀਦਾਰੀ ਸ਼ਲਾਘਾਯੋਗ ਰਹੀ। ਪੌਦੇ ਲਗਾਉਣ ਦੀ ਇਹ ਮੁਹਿੰਮ ਸਕੂਲ ਨੂੰ ਹਰਿਆ-ਭਰਿਆ ਬਣਾਉਣ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਵਾਤਾਵਰਨ ਸੰਭਾਲ ਦਾ ਵਿਹਾਰਕ ਸੰਦੇਸ਼ ਦੇਣ ਵਿੱਚ ਵੀ ਸਫ਼ਲ ਰਹੀ। ਇਸ ਦੌਰਾਨ ਗੁਰਵਿੰਦਰ ਸਿੰਘ ਸਰਪੰਚ ਪਿੰਡ ਚੱਠੇਵਾਲਾ, ਬਲਜਿੰਦਰ ਸਿੰਘ, ਗੁਰਮੇਲ ਸਿੰਘ,ਲਖਵੀਰ ਸਿੰਘ ਅਤੇ ਜਲੌਰ ਸਿੰਘ ਮੈਂਬਰ ਆਦਿ ਪਿੰਡ ਚੱਠੇਵਾਲਾ, ਸਰਪੰਚ ਗੁਰਟੇਕ ਸਿੰਘ ਪਿੰਡ ਬਗੇਰ ਮੁਹੱਬਤ, ਲਖਵੀਰ ਸਿੰਘ ਅਤੇ ਗੁਰਵਿੰਦਰ ਸਿੰਘ ਪੰਚ ਪਿੰਡ ਬਗੇਰ ਚੜ੍ਹਤ ਸਿੰਘ,ਰਾਮ ਕੁਮਾਰ ਐਮ ਸੀ ਕਟਾਰ ਸਿੰਘ ਵਾਲਾ, ਸਵਰਨ ਸਿੰਘ (ਐਮ ਸੀ) ਪਿੰਡ ਕੋਟ ਸ਼ਮੀਰ, ਪਰਮਜੀਤ ਸਿੰਘ ਕਲੱਬ ਪ੍ਰਧਾਨ, ਰਮਨਦੀਪ ਸਿੰਘ, ਸੁਖਮੰਦਰ ਸਿੰਘ ਆਦਿ ਪਤਵੰਤੇ ਸੱਜਣ ਸ਼ਾਮਲ ਸਨ।

**ਇਲਾਕੇ ਦੇ ਸਰਪੰਚਾਂ ਅਤੇ ਪੰਚਾ ਦੁਆਰਾ ਪੌਦੇ ਲਗਾ ਕੇ "ਕੁਦਰਤ ਬਚਾਓ, ਜੀਵਨ ਬਚਾਓ" ਦਾ ਦਿੱਤਾ ਗਿਆ ਸੰਦੇਸ਼**

### ਸੰਤ ਆਸ਼ਰਮ ਗਊਸ਼ਾਲਾ ਵਿਖੇ

# ਸੰਤ ਮਹੇਸ਼ ਮੁਨੀ ਜੀ ਤੇ ਸੰਤ ਬਲਬੀਰ ਸਿੰਘ ਦੀ ਬਰਸੀ ਮਨਾਈ ਗਈ



ਫ਼ਿਰੋਜ਼ਪੁਰ, 06 ਅਕਤੂਬਰ (ਮਨੋਹਰ ਲਾਲ) :— ਸੰਤ ਆਸ਼ਰਮ ਗਊਸ਼ਾਲਾ ਬੱਧਨੀ ਕਲਾਂ ਵਿਖੇ ਸਤਿਕਾਰਯੋਗ ਸੰਤਾਂ ਅਤੇ ਅਧਿਆਤਮਿਕ ਸ਼ਖ਼ਸੀਅਤਾਂ, ਸੰਤ ਮਹੇਸ਼ ਮੁਨੀ ਜੀ (ਬੋਰੇ ਵਾਲੇ) ਤੇ ਸੰਤ ਬਲਬੀਰ ਸਿੰਘ (ਰਾਣੀਏਵਾਲੇ) ਦੀ ਬਰਸੀ ਮਨਾਉਣ ਲਈ ਇੱਕ ਧਾਰਮਿਕ ਸਮਾਗਮ ਆਯੋਜਿਤ ਕੀਤਾ ਗਿਆ। ਸਮਾਗਮ ਦੌਰਾਨ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਦੋਵਾਂ ਸੰਤਾਂ ਦੇ ਜੀਵਨ, ਸਿੱਖਿਆਵਾਂ ਅਤੇ ਅਧਿਆਤਮਿਕ ਯੋਗਦਾਨ ਬਾਰੇ ਚਾਨਣਾ ਪਾਇਆ। ਉਨ੍ਹਾਂ ਸ੍ਰੀ ਦਰਬਾਰ ਸਾਹਿਬ ਵੱਲੋਂ ਨਿਭਾਈਆਂ ਜਾ ਰਹੀਆਂ ਧਾਰਮਿਕ ਸੇਵਾਵਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਗਿਆਨੀ ਗੁਰਬਚਨ ਸਿੰਘ ਅਤੇ ਬਾਬਾ ਅਵਤਾਰ ਸਿੰਘ ਨੇ ਸਵਾਮੀ ਮਹੇਸ਼ ਮੁਨੀ ਜੀ ਦੀ ਨਿਰਸਵਾਰਥ ਸੇਵਾ ਅਤੇ ਸਮਰਪਣ ਭਾਵਨਾ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਿਨ੍ਹਾਂ ਵਿੱਚ ਗੁਰਪ੍ਰੀਤ ਸਿੰਘ, ਮਨਿੰਦਰ ਸਿੰਘ ਅਤੇ ਇਕਬਾਲ ਸਿੰਘ ਸ਼ਾਮਲ ਸਨ ਨੇ ਵੀ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਇਕੱਠ ਵਿੱਚ ਕਈ ਪ੍ਰਮੁੱਖ ਧਾਰਮਿਕ ਸ਼ਖਸੀਅਤਾਂ, ਸੰਤਾਂ, ਮਹਾਂਪੁਰਸ਼ਾਂ, ਰਾਗੀਆਂ ਅਤੇ ਵੱਖ—ਵੱਖ ਸਿੱਖ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ। ਹਾਜ਼ਰੀਨ ਵਿੱਚ ਭਾਈ ਪ੍ਰੇਮ ਸਿੰਘ, ਭਾਈ ਸੁਖਮੰਦਰ ਸਿੰਘ ਮਾਨੂਕੇ, ਡਾ: ਜਤਿੰਦਰ ਸਿੰਘ, ਬੁੱਢਾ ਦਲ ਦੇ ਅਮਰ ਬਲਵੀਰ ਸਿੰਘ, ਹਰੀ ਸਿੰਘ ਨਾਨਕਸਰ, ਭਾਈ ਜ਼ਕੀਰਤ ਸਿੰਘ, ਮਕਬੂਲ ਸਿੰਘ ਪਾਲਕ ਦਾਊਧਰ, ਬਲਦੇਵ ਸਿੰਘ ਜੋਗੇਵਾਲਾ, ਗਿਆਨੀ ਹਰਪ੍ਰੀਤ ਸਿੰਘ, ਗਿਆਨੀ ਗੁਰਵਿੰਦਰ ਸਿੰਘ, ਭਾਈ ਦਲੀਪ ਸਿੰਘ ਸੁਨਾਮ, ਭਾਈ ਮਿੰਦਰ ਸਿੰਘ ਮਾਦੋਕੇ, ਰਾਗੀ ਹਰਵਿੰਦਰ ਸਿੰਘ, ਸੰਤ ਪ੍ਰਦੀਪ ਸਿੰਘ ਚੰਦਪੁਰਾ, ਸੰਤ ਰਾਜ ਸਿੰਘ ਮਸੂਆਣਾ ਸਾਹਿਬ ਅਤੇ ਹੋਰ ਉਘੀਆਂ ਸ਼ਖਸੀਅਤਾਂ ਸ਼ਾਮਲ ਸਨ। ਸਮਾਗਮ ਦੌਰਾਨ ਪ੍ਰਸਿੱਧ ਸ਼ਬਦ ਕੀਰਤਨ ਜਥਿਆਂ ਨੇ ਕੀਰਤਨ ਕੀਤਾ, ਜਦਕਿ ਸੰਗਤਾਂ ਨੇ ਸਿੱਖ ਗੁਰੂਆਂ ਦੇ ਇਤਿਹਾਸ ਅਤੇ ਸਿੱਖਿਆਵਾਂ ਨੂੰ ਸਰਵਣ ਕੀਤਾ ਅਤੇ ਉਨ੍ਹਾਂ ਦੁਆਰਾ ਦਰਸਾਏ ਮਾਰਗ ਤੇ ਚੱਲਣ ਬਾਰੇ ਵਿਚਾਰ—ਵਟਾਂਦਰਾ ਕੀਤਾ। ਮੌਜੂਦਾ ਮੁਖੀ ਬਾਬਾ ਪ੍ਰਦੀਪ ਸਿੰਘ ਨੇ ਹੋਰ ਸੰਤਾਂ ਅਤੇ ਅਧਿਆਤਮਿਕ ਸ਼ਖ਼ਸੀਅਤਾਂ ਸਮੇਤ ਸਤਿਕਾਰਯੋਗ ਸੰਤਾਂ ਅੱਗੇ ਨਤਮਸਤਕ ਹੋ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਰਾਜਵਿੰਦਰ ਸਿੰਘ ਪ੍ਰਧਾਨ, ਅਮਰੀਕ ਸਿੰਘ, ਤੀਰਥ ਸਿੰਘ ਮਾਹਲਾ, ਇੰਦਰਜੀਤ ਸਿੰਘ ਤਲਵੰਡੀ, ਪ੍ਰੀਤਪਾਲ ਸਿੰਘ ਅਤੇ ਜਗਦੀਸ਼ ਸਿੰਘ ਵੀ ਹਾਜ਼ਰ ਸਨ।

# ਰਾਜਸਥਾਨ ਪੁਲਿਸ ਵੱਲੋਂ ਗੁਰੂ ਘਰ ਅੰਦਰ ਕੀਤੀ ਕਾਰਵਾਈ ਅਤਿ ਨਿੰਦਣਯੋਗ: ਬਾਬਾ ਬਲਬੀਰ ਸਿੰਘ 96 ਕਰੋੜੀ



**ਸ੍ਰੀ ਅਨੰਦਪੁਰ ਸਾਹਿਬ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਕਿਹਾ ਕਿ ਰਾਜਸਥਾਨ ਦੇ ਸ੍ਰੀ ਗੰਗਾਨਗਰ ਵਿਖੇ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਅੰਦਰ ਰਾਜਸਥਾਨ ਪੁਲਿਸ ਵਲੋਂ ਕੀਤੀ ਗਈ ਕਾਰਵਾਈ ਨਾਲ ਗੁਰੂ ਘਰ ਦੇ ਅਦਬ ਸਤਿਕਾਰ ਅਤੇ ਸਿੱਖ ਭਾਵਨਾਵਾਂ ਨੂੰ ਸੱਟ ਵੱਜੀ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵਲੋਂ ਗੁਰਦੁਆਰਾ ਸਾਹਿਬ ਦੇ ਕੰਪਲੈਕਸ ਵਿਚ ਦਾਖਲ ਹੋ ਕੇ ਗੁਰੂ ਘਰ ਦੀ ਹਦੂਦ ਅੰਦਰ ਤੋੜਭੰਨ ਕੀਤੀ ਹੈ ਜੋ ਕਿ ਅਤਿਨਿੰਦਣਯੋਗ ਹੈ। ਪੁਲਿਸ ਵਲੋਂ ਸਥਾਨਕ ਸਿੱਖ ਆਗੂ ਸ. ਤੇਜਿੰਦਰਪਾਲ ਸਿੰਘ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਨਿੰਦਣਯੋਗ ਵਰਤਾਰਾ ਹੈ ਅਤੇ ਇਸ ਘਟਨਾ ਪਿੱਛੇ ਜ਼ਿੰਮੇਵਾਰ ਪੁਲਿਸ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਪੁਲਿਸ ਦਾ ਕੋਈ ਮਸਲਾ ਸੀ ਤਾਂ ਉਸ ਤੇ ਕਾਨੂੰਨੀ ਚਾਰਾਜੋਈ ਰਾਹੀਂ ਕਾਰਜ ਕਰਨਾ ਚਾਹੀਦੀ ਸੀ ਨਾ ਕਿ ਸਿੱਖ ਧਾਰਮਿਕ ਅਸਥਾਨ ਅੰਦਰ ਇਸ ਤਰ੍ਹਾਂ ਦਾਖਲ ਹੋ ਕੇ ਤੋੜਭੰਨ ਕਰਨੀ ਸੀ। ਉਨ੍ਹਾਂ ਰਾਜਸਥਾਨ ਦੇ ਮੁੱਖ ਮੰਤਰੀ ਨੂੰ ਭਾਈ ਤੇਜਿੰਦਰਪਾਲ ਸਿੰਘ ਦੀ ਗ੍ਰਿਫ਼ਤਾਰੀ ਤੇ ਗੁਰਦੁਆਰਾ ਸਾਹਿਬ ਅੰਦਰ ਵਾਪਰੀ ਪੂਰੀ ਘਟਨਾ ਦੀ ਨਿਰਪੱਖ ਜਾਂਚ ਕਰਵਾਉਣ ਅਤੇ ਗੁਰੂ ਘਰ ਅੰਦਰ ਤੋੜਭੰਨ ਕਰਨ ਵਾਲੇ ਦੋਸ਼ੀ ਪੁਲਿਸ ਅਧਿਕਾਰੀਆਂ ਵਿਸ਼ਿੱਰੁਧ ਕਾਰਵਾਈ ਕਰਨ ਦੀ ਗੱਲ ਆਖੀ। ਉਨ੍ਹਾਂ ਕਿਹਾ ਕਿਸੇ ਵੀ ਸਿੱਖਾਂ ਆਗੂ ਨਾਲ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਸਰਕਾਰ ਨੂੰ ਭਾਈ ਤੇਜਿੰਦਰਪਾਲ ਸਿੰਘ ਨੂੰ ਤੁਰੰਤ ਰਿਹਾਅ ਕਰਨਾ ਚਾਹੀਦਾ ਹੈ।

# ਪਰਮਜੀਤ ਸਿੰਘ ਸਰਨਾ ਵੱਲੋਂ ਹਰਸਿਮਰਤ ਕੌਰ ਬਾਦਲ ਦੀ 'ਮਾਈ ਭਾਗੋ' ਮੁਹਿੰਮ ਦੀ ਸ਼ਲਾਘਾ, ਨਸ਼ਿਆਂ ਖ਼ਿਲਾਫ਼ ਔਰਤਾਂ ਨੂੰ ਅੱਗੇ ਆਉਣ ਦਾ ਸੱਦਾ



ਨਵੀਂ ਦਿੱਲੀ, 6 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): ਸ਼੍ਰੋਮਣੀ ਅਕਾਲੀ ਦਲ ਦਿੱਲੀ ਯੂਨਿਟ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਪਾਰਟੀ ਦੀ ਸੀਨੀਅਰ ਆਗੂ ਅਤੇ ਬਠਿੰਡਾ ਤੋਂ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਵੱਲੋਂ ਸ੍ਰੀ ਮੁਕਤਸਰ ਸਾਹਿਬ ਤੋਂ ਸ਼ੁਰੂ ਕੀਤੀ 'ਮਾਈ ਭਾਗੋ ਮਾਵਾਂ-ਧੀਆਂ ਦੀ ਫੌਜ' ਮੁਹਿੰਮ ਦੀ ਸ਼ਲਾਘਾ ਕੀਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਮਾਵਾਂ ਅਤੇ ਧੀਆਂ ਨੂੰ ਇਸ ਲੜਾਈ ਵਿੱਚ ਅਗਵਾਈ ਦੀ ਭੂਮਿਕਾ ਦੇਣਾ ਇੱਕ ਪ੍ਰਭਾਵਸ਼ਾਲੀ ਉਪਰਾਲਾ ਹੋ ਸਕਦਾ ਹੈ। ਸਰਨਾ ਨੇ ਕਿਹਾ ਕਿ ਮਾਈ ਭਾਗੋ ਨਾਲ ਇਤਿਹਾਸਕ ਤੌਰ 'ਤੇ ਜੁੜੀ ਧਰਤੀ ਸ੍ਰੀ ਮੁਕਤਸਰ ਸਾਹਿਬ ਤੋਂ ਇਸ ਮੁਹਿੰਮ ਦੀ ਸ਼ੁਰੂਆਤ ਕਰਨਾ ਇਸ ਨੂੰ ਹੋਰ ਵੀ ਮਜ਼ਬੂਤ ਸੰਦੇਸ਼ ਦਿੰਦਾ ਹੈ। ਉਨ੍ਹਾਂ ਦੱਸਿਆ ਕਿ ਹਰਸਿਮਰਤ ਕੌਰ ਬਾਦਲ ਵੱਲੋਂ ਔਰਤਾਂ ਨੂੰ ਪਿੰਡਾਂ ਅਤੇ ਮੁਹੱਲਿਆਂ ਵਿੱਚ ਗਰੁੱਪ ਬਣਾਉਣ, ਕਥਿਤ ਨਸ਼ਾ ਤਸਕਰਾਂ, ਸਪਲਾਇਰਾਂ ਅਤੇ ਉਨ੍ਹਾਂ ਦੇ ਕਥਿਤ ਸਰਪ੍ਰਸਤਾਂ ਬਾਰੇ ਜਾਣਕਾਰੀ ਇਕੱਠੀ ਕਰਨ ਅਤੇ ਇਸ ਨੂੰ ਪ੍ਰਸਤਾਵਿਤ ਮਹਿਲਾ ਅਗਵਾਈ ਵਾਲੀ ਐਂਟੀ-ਡਰੱਗ ਟਾਸਕ ਫੋਰਸ ਤੱਕ ਪਹੁੰਚਾਉਣ ਦੀ ਅਪੀਲ ਕੀਤੀ ਗਈ ਹੈ ।ਸਰਦਾਰ ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ "ਪੰਜਾਬ ਨੂੰ ਅਜਿਹੀ ਜ਼ਮੀਨੀ ਪੱਧਰ ਦੀ ਲਾਮਬੰਦੀ ਦੀ ਲੋੜ ਹੈ। ਮਾਵਾਂ ਆਪਣੇ ਘਰਾਂ ਅਤੇ ਸਮਾਜ ਵਿੱਚ ਨਸ਼ਿਆਂ ਕਾਰਨ ਪੈਦਾ ਹੋ ਰਹੀ ਤਬਾਹੀ ਨੂੰ ਸਭ ਤੋਂ ਨੇੜਿਓਂ ਮਹਿਸੂਸ ਕਰਦੀਆਂ ਹਨ। ਜੇਕਰ ਉਨ੍ਹਾਂ ਨੂੰ ਨਸ਼ਿਆਂ ਦੇ ਕਾਰੋਬਾਰ ਦੀ ਪਛਾਣ ਕਰਨ ਅਤੇ ਇਸ ਖ਼ਿਲਾਫ਼ ਆਵਾਜ਼ ਉਠਾਉਣ ਵਿੱਚ ਸਿੱਧੀ ਭੂਮਿਕਾ ਦਿੱਤੀ ਜਾਵੇ ਤਾਂ ਪੰਜਾਬ ਦੀਆਂ ਔਰਤਾਂ ਦਾ ਗੁੱਸਾ ਅਤੇ ਦਰਦ ਇੱਕ ਤਾਕਤਵਰ ਸਮਾਜਿਕ ਲਹਿਰ ਦਾ ਰੂਪ ਧਾਰ ਸਕਦਾ ਹੈ।" ਸਰਨਾ ਨੇ ਕਿਹਾ ਕਿ ਹਰਸਿਮਰਤ ਕੌਰ ਬਾਦਲ ਨੇ ਨਸ਼ਿਆਂ ਵਿਰੁੱਧ ਲੜਾਈ ਨੂੰ ਸਿਰਫ਼ ਸਿਆਸੀ ਭਾਸ਼ਣਾਂ ਤੱਕ ਸੀਮਤ ਰੱਖਣ ਦੀ ਬਜਾਏ ਲੋਕਾਂ ਨੂੰ ਸ਼ੱਕੀ ਨਸ਼ਾ ਨੈੱਟਵਰਕਾਂ ਬਾਰੇ ਜਾਣਕਾਰੀ ਦੇਣ ਲਈ ਇੱਕ ਵਿਵਸਥਾ ਬਣਾਉਣ ਦੀ ਕੋਸ਼ਿਸ਼ ਕੀਤੀ ਹੈ, ਜਿਸ ਲਈ ਉਹ ਸ਼ਲਾਘਾ ਦੀ ਹੱਕਦਾਰ ਹਨ।

# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਿਲਾ ਫਿਰੋਜ਼ਪੁਰ ਦੀ ਹੰਗਾਮੀ ਮੀਟਿੰਗ ਗੁਰਦੁਆਰਾ ਬਜੀਦਪੁਰ ਸਾਹਿਬ ਜਾਮਣੀ ਸਾਹਿਬ ਵਿਖੇ ਹੋਈ





ਫ਼ਿਰੋਜ਼ਪੁਰ, 06 ਅਕਤੂਬਰ (ਮਨੋਹਰ ਲਾਲ) :—ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਿਲਾ ਫਿਰੋਜਪੁਰ ਦੀ ਵਧਵੀਂ ਮੀਟਿੰਗ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਅਤੇ ਜਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ ਦੀ ਅਗਵਾਈ ਹੇਠ ਗੁਰਦੁਆਰਾ ਬਜੀਦਪੁਰ ਜਾਮਣੀ ਸਾਹਿਬ ਵਿਖੇ ਕੀਤੀ ਗਈ ਜਿਸ ਵਿੱਚ ਸਾਰੇ ਹੀ ਬਲਾਕਾਂ ਦੇ ਆਗੂਆਂ ਅਤੇ ਪਿੰਡ ਇਕਾਈਆਂ ਦੇ ਅਹੁਦੇਦਾਰਾਂ ਨੇ ਹਿੱਸਾ ਲਿਆ, ਜਿਸ ਵਿੱਚ 11 ਅਕਤੂਬਰ ਨੂੰ ਸ਼ਹੀਦ ਪ੍ਰਿਥੀਪਾਲ ਸਿੰਘ ਚੱਕ ਅਲੀਸ਼ੇਰ ਦੀ ਬਰਸੀ ਸਬੰਧੀ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਜਮੀਨ ਬਚਾਓ ਮੋਰਚੇ ਦੇ ਪਹਿਲੇ ਸ਼ਹੀਦ ਪ੍ਰਿਥੀਪਾਲ ਸਿੰਘ ਚੱਕ ਅਲੀ ਸ਼ੇਰ ਦੀ ਬਰਸੀ ਮਨਾਈ ਜਾਵੇਗੀ ਜਿਸ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਣਕ ਦੇ ਭਾਅ ਵਿੱਚ 25 ਰੁਪਏ ਦਾ ਵਾਧਾ ਕਿਸਾਨਾਂ ਨਾਲ ਮਜ਼ਾਕ ਕੀਤਾ ਹੈ ਪ੍ਰਤੀ ਕੁਇੰਟਲ 25 ਰੁਪਏ ਦੇ ਵਾਧੇ ਨੂੰ ਨਾ ਕਾਫੀ ਕਰਾਰ ਦਿੰਦਿਆਂ ਸੁਆਮੀ ਨਾਥਨ ਕਮਿਸ਼ਨ ਦੇ ਫਾਰਮੂਲੇ ਅਨੁਸਾਰ ਸਾਰੀਆਂ ਫਸਲਾਂ ਦੀ ਘੱਟੋ ਘੱਟ ਸਮਰਥਨ ਮੁੱਲ ਐਮ.ਐਸ. ਪੀ ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਉਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਇਸ ਕੀਮਤ ਵਿੱਚ ਜਮੀਨ ਦਾ ਠੇਕਾ ਸਿੰਚਾਈ ਦੇ ਖਰਚੇ ਟਰੈਕਟਰ ਤੇ ਹੋਰ ਸੰਦ ਸਾਧਨਾਂ ਦੀ ਘਸਾਈ ਮਸ਼ੀਨਰੀ ਉੱਪਰ ਲੱਗੇ ਹੋਏ ਪੈਸੇ ਦਾ ਵਿਆਜ ਬਿਜਲੀ ਅਤੇ ਡੀਜ਼ਲ ਦੇ ਖਰਚਿਆਂ ਤੋਂ ਇਲਾਵਾ ਪਰਿਵਾਰਕ ਮੈਂਬਰਾਂ ਦੀ ਮਜ਼ਦੂਰੀ ਵੀ ਸ਼ਾਮਿਲ ਹੈ ਇਸ ਲਈ ਕਣਕ ਦੇ ਭਾਅ ਵਿੱਚ ਨਾ ਮਲੂਮ ਹੋਏ ਵਾਧੇ ਨੂੰ ਲੈ ਕੇ ਪੂਰੇ ਭਾਰਤ ਦੇ ਕਿਸਾਨਾਂ ਵਿੱਚ ਭਾਰੀ ਰੋਸ ਹੈ। ਕਿਸਾਨ ਆਗੂਆਂ ਨੇ ਵਪਾਰੀਆਂ ਹੱਥੋਂ ਹੋ ਰਹੀ ਲੁੱਟ ਅਤੇ ਮੰਡੀਆਂ ਵਿੱਚ ਝੋਨੇ ਦੀ ਸੰਭਾਵੀ ਲੁੱਟ ਦੇ ਖਿਲਾਫ ਚੇਤਾਵਨੀ ਦਿੱਤੀ ਹੈ ਕਿ ਜੇਕਰ ਕਿਸਾਨਾਂ ਦੀ ਲੁੱਟ ਜਾਰੀ ਰਹੀ ਤਾਂ ਜਥੇਬੰਦੀ ਤਿੱਖਾ ਸੰਘਰਸ਼ ਕਰੇਗੀ। ਇਸ ਮੌਕੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ, ਸੂਬਾ ਖਜਾਨਚੀ ਗੁਰਦੇਵ ਸਿੰਘ ਮਾਂਗੇਵਾਲ, ਜਿਲਾ ਜਨਰਲ ਸਕੱਤਰ ਗੁਲਜਾਰ ਸਿੰਘ ਕਬਰਬੱਛਾ, ਜਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ, ਜ਼ਿਲਾ ਮੀਤ ਪ੍ਰਧਾਨ ਬਗੀਚਾ ਸਿੰਘ, ਜਿਲਾ ਖਜਾਨਚੀ ਜਤਿੰਦਰ ਸਿੰਘ ਰਿੰਕੂ ਕੜਮਾ, ਜਿਲਾ ਪ੍ਰੈਸ ਸਕੱਤਰ ਲਖਵੀਰ ਸਿੰਘ ਡੋਡ ਮਮਦੋਟ ਬਲਾਕ ਪ੍ਰਧਾਨ ਬਲਕਾਰ ਸਿੰਘ ਜੋਧਪੁਰ ਗੁਰੂਹਰਸਹਾਇ ਬਲਾਕ ਜਨਰਲ ਸਕੱਤਰ ਮੰਗਲ ਸਿੰਘ ਢੋਟ ਮੱਖੂ ਬਲਾਕ ਪ੍ਰਧਾਨ ਮੁਨਸ਼ਾ ਸਿੰਘ ਜੀਰਾ ਬਲਾਕ ਪ੍ਰਧਾਨ ਪਰਨੀਤ ਸਿੰਘ ਭੜਾਣਾ ਘਲ ਬਲਾਕ ਪ੍ਰਧਾਨ ਬਲਵੰਤ ਸਿੰਘ ਸ਼ਿਹਜ਼ਾਦੀ ਫਿਰੋਜਪੁਰ ਬਲਾਕ ਆਗੂ ਜਸਪਾਲ ਸਿੰਘ, ਅਵਤਾਰ ਸਿੰਘ, ਜਸਵਿੰਦਰ ਸਿੰਘ, ਮੁਨਸ਼ਾ ਸਿੰਘ, ਦਿਆਲ ਸਿੰਘ, ਬਲਜੀਤ ਸਿੰਘ, ਅੰਗਰੇਜ ਸਿੰਘ, ਚੰਦ ਸਿੰਘ, ਗੁਰਦਿਆਲ ਸਿੰਘ, ਮਿਲਖਰਾਜ ਥਿੰਦ, ਮਿਲਖ ਰਾਜ ਬੱਟੀ ਕੇਵਲ ਕ੍ਰਿਸ਼ਨ, ਨਿਰੰਜਨ ਰਾਮ, ਗੁਰਜੰਟ ਸਿੰਘ, ਜੁਗਰਾਜ ਸਿੰਘ ਗਟੀ, ਮੇਜਰ ਸਿੰਘ ਚੰਦੀ, ਬਲਵਿੰਦਰ ਕੁਮਾਰ, ਜਸਵੰਤ ਸਿੰਘ, ਲਛਮਣ ਦਾਸ, ਹਰਜੀਤ ਸਿੰਘ, ਗੁਰਚਰਨ ਸਿੰਘ ਨਾਜੂ ਸ਼ਾਹ ਵਾਲਾ ਰਜਿੰਦਰ ਕੁਮਾਰ, ਓਮ ਪ੍ਰਕਾਸ਼, ਹਰਭਜਨ ਸਿੰਘ, ਸੁਬੇਗ ਸਿੰਘ, ਭੁਪਿੰਦਰ ਸਿੰਘ, ਮੰਗਲ ਸਿੰਘ, ਬਲਜਿੰਦਰ ਸਿੰਘ, ਜਸਪਾਲ ਸਿੰਘ, ਨਿਸ਼ਾਨ ਸਿੰਘ, ਸਰਦੂਲ ਸਿੰਘ, ਪ੍ਰੇਮ ਪਾਲ ਸਿੰਘ, ਸਰਜੀਤ ਸਿੰਘ ਬਰਾੜ, ਹਰਵਿੰਦਰ ਸਿੰਘ, ਲੱਖਾ ਸਿੰਘ, ਬਲਵੰਤ ਸਿੰਘ, ਜੋਗਿੰਦਰ ਸਿੰਘ ਮੁਦਕੀ, ਬਲਵਿੰਦਰ ਸਿੰਘ, ਜਸਪਾਲ ਸਿੰਘ, ਬਖਸ਼ੀਸ਼ ਸਿੰਘ, ਮੇਜਰ ਸਿੰਘ, ਸ਼ਾਮ ਲਾਲ, ਅੰਗਰੇਜ ਸਿੰਘ, ਸੁਖਵਿੰਦਰ ਸਿੰਘ, ਲਖਬੀਰ ਸਿੰਘ ਭੜਾਣਾ, ਗੁਰਨੇਕ ਸਿੰਘ, ਡਾਕਟਰ ਗੁਰਦੀਪ ਸਿੰਘ, ਗੁਰਨਾਮ ਸਿੰਘ, ਸੁਖਦੇਵ ਸਿੰਘ, ਬੂਟਾ ਸਿੰਘ, ਪੰਜਾਬ ਸਿੰਘ, ਮਨਜੀਤ ਸਿੰਘ, ਬੇਅੰਤ ਸਿੰਘ, ਵੀਰ ਸੁਖਪਾਲ ਸਿੰਘ, ਪਵਿੱਤਰ ਸਿੰਘ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜੋਤੀ ਜੋਤ ਗੁਰਪੁਰਬ

# ਬੜੀ ਸ਼ਰਧਾ ਪੂਰਵਕ ਮਨਾਇਆ ਗਿਆ



ਫ਼ਿਰੋਜ਼ਪੁਰ, 06 ਅਕਤੂਬਰ (ਮਨੋਹਰ ਲਾਲ) :— ਗੁਰਦੁਆਰਾ ਮਾਈ ਰਾਮ ਦੇਵੀ ਜੀ ਢਿੰਗਰਾ ਹੋਟਲ ਦੇ ਸਾਹਮਣੇ ਅੰਦਰੂਨ ਦਿੱਲੀ ਗੇਟ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰੂ ਕੀਆਂ ਸੰਗਤਾਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜੋਤੀ ਜੋਤ ਗੁਰਪੁਰਬ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਤਿੰਨ ਅਕਤੂਬਰ ਦਿਨ ਸ਼ਨੀਵਾਰ ਸਵਰਗਿਆ ਸਰਦਾਰ ਸ਼ਿੰਗਾਰਾ ਸਿੰਘ ਦਾ ਪਰਿਵਾਰ ਭਾਈ ਸਾਹਿਬ ਰਣਜੀਤ ਸਿੰਘ ਪਰਿਵਾਰ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਜਿਸ ਦੇ ਭੋਗ ਪੰਜ ਅਕਤੂਬਰ ਸਵੇਰੇ 9 ਵਜੇ ਪਾਏ ਗਏ ਉਪਰੰਤ ਭਾਈ ਅਵਤਾਰ ਸਿੰਘ ਫੌਜੀ ਵੱਲੋਂ ਸ਼ਬਦ ਕੀਰਤਨ ਆਰਤੀ ਆਰਤਾ ਗਾਇਨ ਕੀਤੇ ਗਏ ਉਪਰੰਤ ਅਰਦਾਸ ਬੇਨਤੀ ਹੋਈ।

ਉਪਰੰਤ ਸੰਗਤਾਂ ਨੂੰ ਚਾਹ ਦੇ ਲੰਗਰ ਛਕਾਏ ਗਏ ਚਾਹ ਦੇ ਲੰਗਰ ਤੋਂ ਬਾਅਦ ਭਾਈ ਅਸ਼ਪਾਲ ਸਿੰਘ ਦੇ ਜਥੇ ਵੱਲੋਂ ਕੀਰਤਨ ਅਤੇ ਕਥਾ ਵਿਚਾਰ ਹੋਈ, ਸਾਰੀ ਸਮਾਪਤੀ 12 ਵਜੇ ਹੋਈ ਫਿਰ ਅਰਦਾਸ ਬੇਨਤੀ ਉਪਰੰਤ ਭਾਈ ਰਣਜੀਤ ਸਿੰਘ ਪਰਿਵਾਰ ਨੂੰ ਅਤੇ ਭਾਈ ਅਸ਼ਪਾਲ ਸਿੰਘ ਨੂੰ ਅਤੇ ਜਸਮੇਰ ਸਿੰਘ ਦੇ ਨਾਲ ਆਏ ਹੋਏ ਸਾਰੇ ਮੈਂਬਰਾਂ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਸਾਹਿਬ ਦੀ ਬਖਸ਼ਿਸ਼ ਸਿਰਪਾਉ ਸਾਹਿਬ ਦਿੱਤੇ ਗਏ। ਸਮਾਪਤੀ ਉਪਰੰਤ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਵੱਲੋਂ ਜਿਥੇ ਸਤਿਗੁਰੂ ਜੀ ਦਾ ਧੰਨਵਾਦ ਕੀਤਾ, ਉਥੇ ਆਈਆਂ ਸੰਗਤਾਂ ਨੂੰ ਵੀ ਜੀ ਆਇਆ ਆਖਿਆ। ਸੰਗਤਾਂ ਨੂੰ ਪ੍ਰਧਾਨ ਨੇ ਬੇਨਤੀ ਕੀਤੀ ਕਿ ਇਹ ਜੋਤੀ ਜੋਤ ਗੁਰਪੁਰਬ ਤਕਰੀਬਨ ਪਿਛਲੇ ਕਾਫੀ ਲੰਬੇ ਸਮੇਂ ਤੋਂ ਗੁਰਦੁਆਰਾ ਮਾਈ ਰਾਮ ਦੇਵੀ ਜੀ ਵਿਖੇ ਮਨਾਇਆ ਜਾਂਦਾ ਹੈ, ਸੋ ਸਾਰੀ ਸੰਗਤ ਗੁਰੂ ਘਰ ਦੀ ਸੇਵਾ ਸਿਮਰਨ ਕਰਕੇ ਆਪਣਾ ਜੀਵਨ ਸਫਲ ਬਣਾਈਏ ਜੀ। ਇਸ ਮੌਕੇ ਅਸ਼ੋਕ ਸਚਦੇਵਾ ਪ੍ਰਧਾਨ ਨਗਰ ਕੌਂਸਲ ਨੂੰ ਵੀ ਸਿਰਪਾਓ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਹਰਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਹਰਦੀਪ ਸਿੰਘ ਭੱਲਾ ਮੀਤ ਪ੍ਰਧਾਨ ਪਸ਼ਿਵੰਦਰ ਸਿੰਘ ਪਾਪੜਾਂ ਵਾਲੇ ਖਜਾਨਚੀ ਸਰਬਜੀਤ ਸਿੰਘ ਪਾਪੜਾਂ ਵਾਲੇ, ਪੱਪੂ ਸੋਢੀ , ਰਜਨੀਸ਼ ਸੋਢੀ, ਅਜੇ ਮੌਂਗਾ ਬੱਲੀ, ਸੋਨੂ ਬਾਵਾ, ਨਰਿੰਦਰ ਪਾਲ ਵਧਵਾ, ਸ਼ੇਰਜਗਜੀਤ ਸਿੰਘ, ਜਗਜੀਤ ਸਿੰਘ ਬਾਵਾ, ਤਜਿੰਦਰ ਸਿੰਘ, ਰਵਿੰਦਰ ਸਿੰਘ, ਨਿਤਿਸ਼ ਕੁਮਾਰ, ਮਾਸਟਰ ਦਵਿੰਦਰ ਸਿੰਘ, ਰਣਜੀਤ ਸਿੰਘ ਕੁਲਵਿੰਦਰ ਸਿੰਘ, ਜਥੇਦਾਰ ਕੁਲਵੰਤ ਸਿੰਘ, ਬੀਬੀ ਜਸਵੰਤ ਕੌਰ, ਬੀਬੀ ਸੁਨੀਤਾ ਅਰੋੜਾ, ਬੀਬੀ ਨੀਤਾ ਉਪਲ, ਬੀਬੀ ਮਨਜੀਤ ਕੌਰ, ਬੀਬੀ ਗੁਰਮੀਤ ਕੌਰ, ਬੀਬੀ ਹਰਮੀਤ ਕੌਰ, ਬੀਬੀ ਕੁਲਤਾਰ ਕੌਰ, ਬੀਬੀ ਜੋਤੀ ਬਜਾਜ, ਜਸਮੇਰ ਸਿੰਘ ਦਾ ਪਰਿਵਾਰ ਤੋਂ ਇਲਾਵਾ ਹੋਰ ਵੀ ਮੈਂਬਰ ਸਾਹਿਬਾਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### 72 ਘੰਟਿਆਂ ਦਾ ਅਲਟੀਮੇਟਮ ਬੇਅਸਰ ਰਹਿਣ ਤੋਂ ਬਾਅਦ ਜਥੇਬੰਦੀਆਂ ਦਾ ਰੁਖ ਹੋਇਆ ਹੋਰ ਤਿੱਖਾ

# ਨਗਰ ਕੌਂਸਲ ਪਾਰਕ ਵਿੱਚ ਹੋਈ ਹੰਗਾਮੀ ਮੀਟਿੰਗ



**☛ ਖੋਸਲਾ ਦੀ ਮੁਅੱਤਲੀ ਖ਼ਿਲਾਫ਼ ਭੜਕਿਆ ਰੋਸ, 8 ਅਕਤੂਬਰ ਨੂੰ ਸੱਤ ਨੰਬਰ ਚੁੰਗੀ ਜਾਮ ਕਰਨ ਦਾ ਐਲਾਨ**

**☛ ਵੱਡੀ ਗਿਣਤੀ ਵਿਚ ਲੋਕਾਂ ਨੇ ਭਰੀ ਹੁੰਕਾਰ, ਟਰੈਕਟਰ ਟਰਾਲੀਆਂ ਨਾਲ ਫ਼ਿਰੋਜ਼ਪੁਰ—ਮੋਗਾ ਮਾਰਗ ਹੋਵੇਗਾ ਬੰਦ**

**☛ ਸੰਘਰਸ਼ ਕਨਵੀਨਰ ਗੁਰਨਾਮ ਸਿੱਧੂ, ਰੋਹਿਤ ਅਰੋੜਾ ਨੇ ਕਿਹਾ ਮਿਲਾਵਟਖੋਰਾਂ ਖ਼ਿਲਾਫ਼ ਕਾਰਵਾਈ ਕਰਨ ਵਾਲੇ ਅਧਿਕਾਰੀ ਨੂੰ ਵਾਪਸ ਲਿਆਉਣਾ ਹੀ ਸੰਘਰਸ਼ ਦਾ ਮਕਸਦ**

**ਫ਼ਿਰੋਜ਼ਪੁਰ, 06 ਅਕਤੂਬਰ (ਮਨੋਹਰ ਲਾਲ) :—** ਫੂਡ ਸੇਫਟੀ ਇੰਸਪੈਕਟਰ ਅਭਿਨਵ ਖੋਸਲਾ ਦੀ ਮੁਅੱਤਲੀ ਨੂੰ ਲੈ ਕੇ ਵੱਖ—ਵੱਖ ਜਥੇਬੰਦੀਆਂ ਦਾ ਰੋਸ ਹੁਣ ਸੜਕਾਂ ’ਤੇ ਉਤਰਨ ਦੀ ਤਿਆਰੀ ਵਿੱਚ ਹੈ। ਵਿਭਾਗ ਨੂੰ ਦਿੱਤੇ 72 ਘੰਟਿਆਂ ਦੇ ਅਲਟੀਮੇਟਮ ਦੇ ਬਾਵਜੂਦ ਮੁਅੱਤਲੀ ਰੱਦ ਕਰਕੇ ਅਭਿਨਵ ਖੋਸਲਾ ਨੂੰ ਫ਼ਿਰੋਜ਼ਪੁਰ ਵਿੱਚ ਤਾਇਨਾਤ ਨਾ ਕੀਤੇ ਜਾਣ ਕਾਰਨ ਜਥੇਬੰਦੀਆਂ ਦਾ ਰੁਖ ਹੋਰ ਤਿੱਖਾ ਹੋ ਗਿਆ ਹੈ। ਮੰਗਲਵਾਰ ਨੂੰ ਨਗਰ ਕੌਂਸਲ ਪਾਰਕ ਵਿੱਚ ਹੋਈ ਹੰਗਾਮੀ ਮੀਟਿੰਗ ਵਿੱਚ ਕਿਸਾਨ, ਅਧਿਆਪਕ, ਪੱਤਰਕਾਰ, ਵਕੀਲ, ਰਾਜਨੀਤਿਕ, ਧਾਰਮਿਕ, ਸਿਹਤ ਵਿਭਾਗ ਸਮੇਤ ਵੱਖ ਵੱਖ ਵਿਭਾਗਾਂ ਅਤੇ ਯੂਨੀਅਨਾਂ ਦੇ ਅਹੁਦੇਦਾਰਾਂ ਤੋਂ ਇਲਾਵਾ ਢਾਈ ਸੌ ਤੋਂ ਵੱਧ ਲੋਕਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਹਾਜ਼ਰ ਲੋਕਾਂ ਨੇ ਇਕਜੁੱਟ ਹੋ ਕੇ ਲੜਦੇ ਲੋਕ ਜ਼ਿੰਦਾਬਾਦ ਦੇ ਨਾਅਰੇ ਲਾਏ। ਇਸ ਤੋਂ ਬਾਅਦ ਸੰਘਰਸ਼ ਤਹਿਤ 8 ਅਕਤੂਬਰ ਵੀਰਵਾਰ ਨੂੰ ਫ਼ਿਰੋਜ਼ਪੁਰ ਛਾਉਣੀ ਦੀ ਸੱਤ ਨੰਬਰ ਚੁੰਗੀ ਨੂੰ ਪੂਰੀ ਤਰ੍ਹਾਂ ਜਾਮ ਕਰਨ ਦਾ ਐਲਾਨ ਕੀਤਾ ਗਿਆ। ਆਗੂਆਂ ਮੁਤਾਬਕ ਇਸ ਜਾਮ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਟਰੈਕਟਰ ਟਰਾਲੀਆਂ ਸਮੇਤ ਪਹੁੰਚਣਗੇ, ਜਦਕਿ ਹੋਰ ਜਥੇਬੰਦੀਆਂ ਦੇ ਮੈਂਬਰ ਵੀ ਆਪਣੇ ਵਾਹਨਾਂ ਨਾਲ ਸ਼ਾਮਲ ਹੋਣਗੇ। ਸੱਤ ਨੰਬਰ ਚੁੰਗੀ ਨੂੰ ਚਾਰੋਂ ਪਾਸਿਓਂ ਜਾਮ ਕਰਕੇ ਫ਼ਿਰੋਜ਼ਪੁਰ—ਮੋਗਾ—ਲੁਧਿਆਣਾ ਮਾਰਗ ’ਤੇ ਆਵਾਜਾਈ ਰੋਕਣ ਦੀ ਚਿਤਾਵਨੀ ਦਿੱਤੀ ਗਈ ਹੈ। ਸੰਘਰਸ਼ ਦੇ ਕਨਵੀਨਰ ਗੁਰਨਾਮ ਸਿੱਧੂ ਅਤੇ ਐਡਵੋਕੇਟ ਰੋਹਿਤ ਅਰੋੜਾ ਨੇ ਕਿਹਾ ਕਿ ਜਥੇਬੰਦੀਆਂ ਵੱਲੋਂ ਵਿਭਾਗ ਨੂੰ ਮੰਗ ਪੂਰੀ ਕਰਨ ਲਈ 72 ਘੰਟਿਆਂ ਦਾ ਸਮਾਂ ਦਿੱਤਾ ਗਿਆ ਸੀ, ਪਰ ਇਸ ਦੇ ਬਾਵਜੂਦ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਉਲਟਾ ਸ਼ਨੀਵਾਰ ਨੂੰ ਦੋ ਫੂਡ ਸੇਫਟੀ ਇੰਸਪੈਕਟਰਾਂ ਨੂੰ ਜੁਆਇਨ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ 8 ਅਕਤੂਬਰ ਦਾ ਸੰਘਰਸ਼ ਕਿਸੇ ਇਕ ਵਿਅਕਤੀ ਦੇ ਹੱਕ ਵਿੱਚ ਨਹੀਂ, ਸਗੋਂ ਫ਼ਿਰੋਜ਼ਪੁਰ ਵਿੱਚ ਮਿਲਾਵਟਖੋਰੀ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਨੂੰ ਲੈ ਕੇ ਕੀਤਾ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਫ਼ਿਰੋਜ਼ਪੁਰ ਵਿੱਚ ਕਈ ਫੂਡ ਸੇਫਟੀ ਇੰਸਪੈਕਟਰ ਅਤੇ ਅਧਿਕਾਰੀ ਤਾਇਨਾਤ ਰਹੇ ਹਨ, ਪਰ ਅਭਿਨਵ ਖੋਸਲਾ ਵੱਲੋਂ ਮਿਲਾਵਟਖੋਰੀ ਖ਼ਿਲਾਫ਼ ਜਿਸ ਪੱਧਰ ’ਤੇ ਕਾਰਵਾਈ ਕੀਤੀ ਗਈ ਉਹ ਵੱਖਰੀ ਗੱਲ ਹੈ। ਉਨ੍ਹਾਂ ਦੇ ਕਾਰਜਕਾਲ ਦੌਰਾਨ ਛੋਟੇ—ਵੱਡੇ ਦੁਕਾਨਦਾਰਾਂ, ਰੈਸਟੋਰੈਂਟਾਂ, ਢਾਬਿਆਂ ਤੋਂ ਇਲਾਵਾ ਦੁੱਧ, ਪਨੀਰ, ਖੋਆ ਅਤੇ ਹੋਰ ਖਾਣ—ਪੀਣ ਵਾਲੀਆਂ ਵਸਤਾਂ ਦੇ ਸੈਂਪਲ ਲਏ ਗਏ। ਜਾਂਚ ਲਈ ਭੇਜੇ ਗਏ ਕਈ ਸੈਂਪਲ ਫੇਲ੍ਹ ਪਾਏ ਗਏ, ਜਿਸ ਤੋਂ ਬਾਅਦ ਸਬੰਧਤ ਕਾਰੋਬਾਰੀਆਂ ਖ਼ਿਲਾਫ਼ ਜੁਰਮਾਨੇ ਅਤੇ ਹੋਰ ਕਾਰਵਾਈ ਕੀਤੀ ਗਈ। ਜਥੇਬੰਦੀਆਂ ਦੇ ਅਹੁਦੇਦਾਰਾਂ ਨੇ ਦਾਅਵਾ ਕੀਤਾ ਕਿ ਅਭਿਨਵ ਖੋਸਲਾ ਵੱਲੋਂ ਪਿਛਲੇ ਸਾਲਾਂ ਦੌਰਾਨ ਲਗਾਏ ਗਏ ਕਈ ਅਜਿਹੇ ਜੁਰਮਾਨੇ ਵੀ ਵਸੂਲ ਕਰਵਾਏ ਗਏ, ਜੋ ਲੰਬੇ ਸਮੇਂ ਤੋਂ ਬਕਾਇਆ ਪਏ ਸਨ। ਇਸ ਨਾਲ ਸਰਕਾਰੀ ਮਾਲੀਏ ਵਿੱਚ ਵੀ ਵਾਧਾ ਹੋਇਆ। ਉਨ੍ਹਾਂ ਕਿਹਾ ਕਿ ਜੇਕਰ ਮਿਲਾਵਟਖੋਰੀ ਖ਼ਿਲਾਫ਼ ਕਾਰਵਾਈ ਕਰਨ ਵਾਲੇ ਅਧਿਕਾਰੀ ਨੂੰ ਹੀ ਹਟਾ ਦਿੱਤਾ ਜਾਵੇਗਾ ਤਾਂ ਇਸ ਨਾਲ ਮਿਲਾਵਟਖੋਰਾਂ ਦੇ ਹੌਸਲੇ ਵਧਣਗੇ। ਆਗੂਆਂ ਨੇ ਕਿਹਾ ਕਿ 8 ਅਕਤੂਬਰ ਨੂੰ ਸੱਤ ਨੰਬਰ ਚੁੰਗੀ ’ਤੇ ਕੀਤਾ ਜਾਣ ਵਾਲਾ ਰੋਸ ਪ੍ਰਦਰਸ਼ਨ ਪੂਰੀ ਤਰ੍ਹਾਂ ਸੜਕ ਜਾਮ ਦੇ ਰੂਪ ਵਿੱਚ ਹੋਵੇਗਾ। ਇਹ ਮਾਰਗ ਫ਼ਿਰੋਜ਼ਪੁਰ ਨੂੰ ਮੋਗਾ, ਲੁਧਿਆਣਾ, ਫ਼ਾਜ਼ਿਲਕਾ ਅਤੇ ਹੋਰ ਜ਼ਿਲ੍ਹਿਆਂ ਨਾਲ ਜੋੜਦਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜਦੋਂ ਤੱਕ ਸਰਕਾਰ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲੈਂਦੀ, ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਜਥੇਬੰਦੀਆਂ ਦੀ ਮੁੱਖ ਮੰਗ ਹੈ ਕਿ ਅਭਿਨਵ ਖੋਸਲਾ ਦੀ ਮੁਅੱਤਲੀ ਰੱਦ ਕਰਕੇ ਉਨ੍ਹਾਂ ਨੂੰ ਜਲਦ ਤੋਂ ਜਲਦ ਫ਼ਿਰੋਜ਼ਪੁਰ ਵਿੱਚ ਤਾਇਨਾਤ ਕੀਤਾ ਜਾਵੇ ਤਾਂ ਜੋ ਜ਼ਿਲ੍ਹੇ ਵਿੱਚ ਮਿਲਾਵਟਖੋਰੀ ਖ਼ਿਲਾਫ਼ ਮੁਹਿੰਮ ਨੂੰ ਮੁੜ ਪ੍ਰਭਾਵਸ਼ਾਲੀ ਢੰਗ ਨਾਲ ਚਲਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸੋਹਣੇ ਪਿੰਡ ਨੂਰਪੁਰ ਸੇਠਾਂ ਦੀ ਨੰਬਰਦਾਰ ਵਿਜੈ ਕੁਮਾਰ ਦੀ ਅਗਵਾਈ ਹੇਠ ਹੋਈ ਸਾਫ-ਸਫਾਈ



ਫ਼ਿਰੋਜ਼ਪੁਰ, 06 ਅਕਤੂਬਰ (ਮਨੋਹਰ ਲਾਲ) :— ਸੋਹਣੇ ਪਿੰਡ ਵਜੋਂ ਆਪਣਾ ਨਾਮ ਚਮਕਾ ਚੁੱਕੇ ਪਿੰਡ ਨੂਰਪੁਰ ਸੇਠਾਂ ਦੇ ਮੌਜੂਦਾ ਨੰਬਰਦਾਰ ਵਿਜੈ ਕੁਮਾਰ ਦੀ ਅਗਵਾਈ ਹੇਠ ਨੌਜਵਾਨਾਂ ਨੇ ਪਿੰਡ ਦੀਆਂ ਸਾਂਝੀਆਂ ਥਾਵਾਂ ਦੀ ਸਾਫ—ਸਫਾਈ ਕਰਦੇ ਹੋਏ ਇਨ੍ਹਾਂ ਦੀ ਸਾਂਭ—ਸੰਭਾਲ ਕਰਨ ਦਾ ਚੁੱਕਿਆ ਬੀੜਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਕੈਥੋਲੀਕ ਚਰਚ ਆਫ ਸੁਸਾਇਟੀ ਪਿੰਡ ਨੂਰਪੁਰ ਸੇਠਾਂ ਦੇ ਪ੍ਰਧਾਨ ਸਿਕੰਦਰ ਮਸੀਹ ਤੇ ਨਸੀਮ ਸਿੱਧੂ ਨੇ ਦੱਸਿਆ ਕਿ ਆਏ ਦਿਨ ਪਿੰਡ ਦੀ ਸੰਗਤ ਵੱਲੋਂ ਚਰਚ ਵਿਚ ਪ੍ਰਭੂ ਦਾ ਗੁਣਗਾਣ ਕੀਤਾ ਜਾਂਦਾ ਹੈ ਅਤੇ ਇਸ ਦੌਰਾਨ ਚਰਚ ਵਿਚ ਫੈਲੀ ਝਾੜ—ਬੂਟੀ ਕਰਕੇ ਅਕਸਰ ਹੀ ਕਿਸੇ ਜ਼ਿਹਰੀਲੇ ਜਾਨਵਰ ਦੇ ਹੋਣ ਦਾ ਡਰ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਪਿੰਡ ਦੇ ਮੋਹਤਬਰਾਂ ਅਤੇ ਚਰਚ ਦੇ ਮੈਂਬਰਾਂ ਵੱਲੋਂ ਸਾਂਝੀ ਸਹਿਮਤੀ ਕਰਦੇ ਹੋਏ ਚਰਚ ਵਿਚ ਸਾਫ—ਸਫਾਈ ਕਰਨ ਦਾ ਪ੍ਰਣ ਲਿਆ, ਜਿਸ ਤਹਿਤ ਪਿੰਡ ਦੇ ਨੰਬਰਦਾਰ ਵਿਜੈ ਕੁਮਾਰ ਦੀ ਅਗਵਾਈ ਹੇਠ ਟੀਮ ਵੱਲੋਂ ਚਰਚ ਦਾ ਸਫਾਈ ਕਰਦਿਆਂ ਝਾੜ—ਬੂਟੀ ਦਾ ਖਾਤਮਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਹੁਣ ਚਰਚ ਵਿਚ ਸੋਹਣੀ ਬੈਠਣ ਵਾਲੀ ਜਗ੍ਹਾ ਵਿਕਸਤ ਕਰ ਦਿੱਤੀ ਗਈ ਹੈ, ਜਿਸ ਦੀ ਸਾਂਭ—ਸੰਭਾਲ ਉਕਤ ਟੀਮ ਵੱਲੋਂ ਕਰਨ ਦਾ ਪ੍ਰਣ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਚਰਚ ਦੀ ਸਫਾਈ ਕਰਕੇ ਲਗਾਏ ਘਾਹ ਨੂੰ ਲੋਕਾਂ ਦੇ ਬੈਠਣਯੋਗ ਬਣਾਉਣ ਉਪਰੰਤ ਪਿੰਡ ਦੀਆਂ ਹੋਰਨਾਂ ਸਾਂਝੀਆਂ ਥਾਵਾਂ ਦੀ ਸਾਂਭ—ਸੰਭਾਲ ਵੀ ਕੀਤੀ ਜਾਵੇਗੀ। ਇਸ ਮੌਕੇ ਗੱਲਬਾਤ ਕਰਦਿਆਂ ਨੰਬਰਦਾਰ ਵਿਜੈ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦਾ ਮਨੋਰਥ ਪਿੰਡ ਦੀ ਸੁੰਦਰਤਾ ਕਾਇਮ ਰੱਖਣਾ ਹੈ ਤਾਂ ਜੋ ਪਿੰਡ ਵਿਚ ਭਾਈਚਾਰਕ ਸਾਂਝ ਕਾਇਮ ਰਹਿ ਸਕੇ। ਉਨ੍ਹਾਂ ਕਿਹਾ ਕਿ ਸਾਨੂੰ ਮਾਣ ਹੈ ਕਿ ਪਿੰਡ ਨੂਰਪੁਰ ਸੇਠਾਂ ਵਿਚ ਹਰ ਜਾਤ, ਧਰਮ ਨਾਲ ਸਬੰਧਤ ਲੋਕ ਆਪਸੀ ਪਿਆਰ—ਸਤਿਕਾਰ ਨਾਲ ਵਸਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨੀ ਨੂੰ ਉਸਾਰੂ ਸੇਧ ਦੇਣ ਲਈ ਅਜਿਹੇ ਸਮਾਜ ਭਲਾਈ ਦੇ ਕਾਰਜ ਜ਼ਰੂਰੀ ਹੈ, ਜਿਸ ਕਰਕੇ ਉਹ ਨੌਜਵਾਨਾਂ ਨੂੰ ਉਤਸ਼ਾਹਿਤ ਕਰਦੇ ਰਹਿਣਗੇ। ਇਸ ਮੌਕੇ ਪ੍ਰਧਾਨ ਸਿਕੰਦਰ ਮਸੀਹ, ਮੀਤ ਪ੍ਰਧਾਨ ਪਰਮੋਦ ਕੁਮਾਰ, ਮੈਂਬਰ ਨਸੀਮ ਸਿੱਧੂ, ਸੰਦੀਪ ਸਿੱਧੂ, ਵਿਲੀਅਮ ਸਿੱਧੂ, ਜੈਮਸ ਸਿੱਧੂ, ਰਵੀ ਕੁਮਾਰ, ਨੰਬਰਦਾਰ ਵਿਜੈ ਕੁਮਾਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੈਂਟ ਸੋਲਜਰ ਸਕੂਲ ਦੇ ਅਕੈਡਮਿਕ( ਐਚ ਓ ਡੀ) ਸ਼੍ਰੀਮਤੀ ਮਮਤਾ ਅਰੋੜਾ ਨੂੰ ਮਿਲਿਆ ਸੈਸ਼ਨ 2026-27. ਦਾ ਸਰਵੋਤਮ ਅਧਿਆਪਕ ਪੁਰਸਕਾਰ



ਜੰਡਿਆਲਾ ਗੁਰੂ 6 ਅਕਤੂਬਰ ( ਕੁਲਵੰਤ ਸਿੰਘ ਵਿਰਦੀ ) ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਲਈ ਬੜੇ ਮਾਣ ਵਾਲੀ ਗੱਲ ਰਹੀ ਕਿ ਬੀਤੇ ਦਿਨ ਸਕੂਲ ਦੇ ਅਕੈਡਮਿਕ ਐਚ. ਓ.ਡੀ ਮੈਡਮ ਸ਼੍ਰੀਮਤੀ ਮਮਤਾ ਅਰੋੜਾ ਜੀ ਨੂੰ ਉਹਨਾਂ ਦੇ 35 ਸਾਲਾਂ ਤੋਂ ਵੀ ਵੱਧ ਸਮੇਂ ਦੇ ਬੇਮਿਸਾਲ ਅਧਿਆਪਨ ਕੈਰੀਅਰ ਲਈ ਰਾਸਾ ਸਹੋਦਿਆ ਵੱਲੋਂ 2026 ਦੇ ਸਰਵੋਤਮ ਅਧਿਆਪਕ ਦੇ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਆਰਮੀ ਪਬਲਿਕ ਸਕੂਲ ਅੰਮ੍ਰਿਤਸਰ ਵਿਖੇ ਇੱਕ ਸ਼ਾਨਦਾਰ ਸਮਾਗਮ ਰੱਖਿਆ ਗਿਆ।। ਜਿੱਥੇ ਉਨਾਂ ਨੂੰ ਸੈਸ਼ਨ 26 -27 ਦੇ ਸਰਵੋਤਮ ਅਧਿਆਪਕ ਪੁਰਸਕਾਰ ਦੇ ਨਾਲ ਨਿਵਾਜਿਆ ਗਿਆ। ਵਰਣ ਯੋਗ ਹੈ ਕਿ ਮੈਡਮ ਸ਼੍ਰੀਮਤੀ ਮਮਤਾ ਅਰੋੜਾ ਜੀ ਬੀ ਐਸ ਸੀ ਆਨਰਜ਼, ਐਮ ਐਸ ਸੀ ਕੈਮਿਸਟਰੀ ਆਨਰਜ਼ , ਐਮ ਫਿਲ ਆਰਗੈਨਿਕ ਕਮਿਸਟਰੀ, ਬੀਐਡ ਕਰਨ ਉਪਰੰਤ ਸਿੱਖਿਆ ਦੇ ਖੇਤਰ ਨਾਲ ਜੁੜ ਗਏ ਅਤੇ ਆਕਾਸ਼ ਇੰਸਟੀਚਿਊਟ ਅਤੇ ਹੋਰ ਬਿਹਤਰੀਨ ਸਿੱਖਿਆ ਸੰਸਥਾਵਾਂ ਵਿੱਚ ਪੜਾਉਂਦੇ ਹੋਏ ਸਾਲ 2007 ਤੋਂ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿਖੇ ਬਤੌਰ ਕਮਿਸਟਰੀ ਲੈਕਚਰਾਰ ਵਜੋਂ ਸੇਵਾ ਨਿਭਾਉਣੀ ਸ਼ੁਰੂ ਕੀਤੀ। ਫਿਲਹਾਲ ਉਹ ਸੇਂਟ ਸੋਲਜ਼ਰ ਸਕੂਲ ਵਿੱਚ ਐਚ ਓ ਡੀ ਅਕੈਡਮਿਕ ਵਜੋਂ ਆਪਣੀਆਂ ਸੇਵਾਵਾਂ ਤੇ ਰਹੇ ਹਨ। ਆਪਣੇ ਅਧਿਆਪਕ ਦੇ ਬਿਹਤਰੀਨ ਕੈਰੀਅਰ ਵਿੱਚ ਮਮਤਾ ਅਰੋੜਾ ਜੀ ਨੇ ਆਪਣੀ ਮਿਹਨਤ ਲਗਨ ਕੰਮ ਕਰਨ ਦੀ ਇੱਛਾ ਅਤੇ ਆਪਣੇ ਵਿਸ਼ੇ ਵਿੱਚ ਵਿਦਿਆਰਥੀਆਂ ਨੂੰ ਬੇਹਤਰੀਨ ਸਿੱਖਿਆ ਦੇਣ ਦੇ ਨਾਲ ਨਾਲ ਵਿਦਿਆਰਥੀਆਂ ਨੂੰ ਆਪਣੇ ਬਿਹਤਰੀਨ ਕੈਰੀਅਰ ਲਈ ਵੀ ਉਤਸਾਹਿਤ ਅਤੇ ਸਹੀ ਮਾਰਗਦਰਸ਼ਨ ਕਰਦੇ ਹਨ। ਉਹਨਾਂ ਨੇ ਅਨੇਕਾਂ ਹੀ ਵਿਦਿਆਰਥੀਆਂ ਨੂੰ ਨੀਟ, ਜੇ ਈ ਟੀ ਵਰਗੀਆਂ ਕੰਪੀਟੀਸ਼ਨ ਪ੍ਰੀਖਿਆਵਾਂ ਵਾਸਤੇ ਤਿਆਰ ਕਰਨ ਲਈ ਬਿਹਤਰੀਨ ਗਾਈਡੈਂਸ, ਸਿੱਖਿਆ ਅਤੇ ਪ੍ਰੇਰਨਾ ਦਿੱਤੀ। ਸ਼੍ਰੀਮਤੀ ਮਮਤਾ ਅਰੋੜਾ ਜੀ ਨੂੰ ਉਹਨਾਂ ਦੇ ਸਿੱਖਿਆ ਪ੍ਰਤੀ ਬੇਮਿਸਾਲ ਯੋਗਦਾਨ, ਸਮਰਪਣ ਅਤੇ ਲੰਬੇ ਸਮੇਂ ਤੋਂ ਉਹਨਾਂ ਦੀਆਂ ਬਿਹਤਰੀਨ ਸੇਵਾਵਾਂ ਦੇ ਲਈ 2024 ਅਤੇ 2025 ਵਿੱਚ ਉਨਾਂ ਨੂੰ ਲਾਈਫ ਟਾਈਮ ਅਚੀਵਮੈਂਟ ਅਵਾਰਡ ਦੇ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਉਹਨਾਂ ਦੀਆਂ ਪ੍ਰਾਪਤੀਆਂ ,ਗਿਆਨ, ਲੀਡਰਸ਼ਿਪ ਅਤੇ ਵਿਦਿਆਰਥੀ ਸਫਲਤਾਵਾਂ ਲਈ ਅਟੁੱਟ ਵਚਨਬਧਤਾ ਇਸ ਗੱਲ ਦਾ ਪ੍ਰਤੀਕ ਹੈ ਕਿ ਉਨਾਂ ਦੇ ਪੜਾਏ ਹੋਏ ਬੱਚੇ ਅੱਜ ਬਹੁਤ ਵੱਡੇ ਵੱਡੇ ਅਹੁਦਿਆਂ ਤੇ ਪਹੁੰਚੇ ਨੇ। ਵਿਦਿਆਰਥੀਆਂ ਨੂੰ ਉੱਚ ਸਿੱਖਿਆ ਦੇਣ ਤੋਂ ਇਲਾਵਾ ਸਮਾਜਿਕ ਕੰਮਾਂ ਵਿਚ ਉਹਨਾਂ ਦਾ ਯੋਗਦਾਨ ਵੀ ਮਹੱਤਵਪੂਰਨ ਹੈ। ਜਿਵੇਂ ਕਿ ਰੋਟਰੀ ਕਲੱਬ ਅੰਮ੍ਰਿਤਸਰ ਨਾਲ ਸ਼ਾਮਿਲ ਹੋ ਕੇ ਸਮਾਜ ਭਲਾਈ ਦੇ ਕੰਮ ਕਰਨੇ, ਵਾਤਾਵਰਨ ਨੂੰ ਸਾਫ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਦੀ ਮੁਹਿੰਮ ਵਿੱਚ ਸ਼ਾਮਿਲ ਹੋਣਾ, ਲੜਕੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਉਹਨਾਂ ਨੂੰ ਪੜ੍ਹਾਈ ਲਈ ਉਤਸਾਹਿਤ ਕਰਨਾ, ਖੂਨਦਾਨ ਕੈਂਪ ਅਤੇ ਹੋਰ ਅਨੇਕਾਂ ਹੀ ਸਮਾਜਿਕ ਕੰਮਾਂ ਦੇ ਵਿੱਚ ਉਹਨਾਂ ਦਾ ਮਹੱਤਵਪੂਰਨ ਯੋਗਦਾਨ ਹੈ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਸ੍ਰੀਮਤੀ ਮਮਤਾ ਅਰੋੜਾ ਜੀ ਨੂੰ ਉਹਨਾਂ ਦੇ ਸਰਵੋਤਮ ਅਧਿਆਪਕ ਪੁਰਸਕਾਰ ਲਈ ਵਿਸ਼ੇਸ਼ ਵਧਾਈ ਦਿੰਦੇ ਹੋਏ ਉਹਨਾਂ ਦੀ ਸਿੱਖਿਆ ਦੇ ਖੇਤਰ ਵਿੱਚ ਪਾਏ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਡਾ ਅਮਰਪ੍ਰੀਤ ਕੌਰ ਨੇ ਕਿਹਾ ਕਿ ਜਿੱਥੇ ਮੈਡਮ ਮਮਤਾ ਅਰੋੜਾ ਜੀ ਸਿੱਖਿਆ ਦੇ ਅਰਥ ਸ਼ਾਸਤਰੀ ਹਨ ਉੱਥੇ ਇੱਕ ਬੜੇ ਹੀ ਮਿੱਠ ਬੋਲੜੇ ਸੁਭਾਅ ਦੇ ਮਾਲਕ ਹਨ ਅਤੇ ਹਮੇਸ਼ਾ ਹੀ ਵਿਦਿਆਰਥੀਆਂ ਦੇ ਭਵਿੱਖ ਨੂੰ ਸ਼ਾਨਦਾਰ ਬਣਾਉਣ ਲਈ ਯਤਨ ਜਾਰੀ ਰੱਖਦੇ ਹਨ ਸੇਂਟ ਸੋਲਜਰ ਸਕੂਲ ਦਾ ਪੂਰਾ ਪਰਿਵਾਰ ਉਹਨਾਂ ਨੂੰ ਸਰਵੋਤਮ ਅਧਿਆਪਕ ਦਾ ਐਵਾਰਡ ਮਿਲਣ ਤੇ ਦਿਲੋਂ ਵਧਾਈ ਦਿੰਦਾ ਹੈ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਬਾਰੇ ਜਾਂਚ ਰਿਪੋਰਟ ਦੇ ਤੱਥ ਐਡਵੋਕੇਟ ਧਾਮੀ ਨੇ ਕੀਤੇ ਜਨਤਕ

# ਸਰਾਂ ਦੇ ਕਰਮਚਾਰੀ ਵੱਲੋਂ ਰਿਕਾਰਡ ਨਾਲ ਛੇੜਛਾੜ ਆਈ ਸਾਹਮਣੇ





**ਅੰਮ੍ਰਿਤਸਰ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਦੀ ਪੜਤਾਲ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਣਾਈ ਗਈ ਚਾਰ ਮੈਂਬਰੀ ਜਾਂਚ ਕਮੇਟੀ ਨੇ ਆਪਣੀ ਮੁੱਢਲੀ ਰਿਪੋਰਟ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪ ਦਿੱਤੀ ਹੈ। ਇਸ ਰਿਪੋਰਟ ਵਿਚ ਗੁਰਦੁਆਰਾ ਪ੍ਰਬੰਧ ਨਾਲ ਸਬੰਧਤ ਰਿਕਾਰਡ, ਸਰਾਵਾਂ ਦੇ ਰਜਿਸਟਰਾਂ ਅਤੇ ਹੋਰ ਦਸਤਾਵੇਜ਼ਾਂ ਦੇ ਆਧਾਰ 'ਤੇ ਸਾਹਮਣੇ ਆਏ ਤੱਥ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੀਡੀਆ ਨਾਲ ਸਾਂਝੇ ਕੀਤੇ।

### ਜਾਂਚ ਤੋਂ ਪਹਿਲਾਂ ਚਲਾਇਆ ਸਿਆਸੀ ਟਰਾਇਲ ਸਿੱਖ ਸੰਸਥਾ ਨੂੰ ਬਦਨਾਮ ਕਰਨ ਦੀ ਸਾਜ਼ਿਸ਼- ਐਡਵੋਕੇਟ ਧਾਮੀ

ਇਸ ਸਬੰਧੀ ਮੀਡੀਆ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜਿਥੇ ਪੁਲਿਸ ਵੱਲੋਂ ਦਰਜ ਕੀਤੀ ਐਫਆਈਆਰ ਦੀ ਜਾਂਚ ਕੀਤੀ ਜਾ ਰਹੀ ਹੈ, ਉਥੇ ਸ਼੍ਰੋਮਣੀ ਕਮੇਟੀ ਵੱਲੋਂ ਵੀ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਸਬ-ਕਮੇਟੀ ਬਣਾ ਕੇ ਵਿਭਾਗੀ ਜਾਂਚ ਕਰਵਾਈ ਗਈ ਹੈ। ਜਾਂਚ ਅਨੁਸਾਰ ਸੱਚ ਸਾਹਮਣੇ ਆਉਣ ਤੋਂ ਪਹਿਲਾਂ ਹੀ ਸ਼ੋਸ਼ਲ ਮੀਡੀਆ 'ਤੇ ਸਿਆਸੀ ਟਰਾਇਲ ਚਲਾਉਣਾ ਸਿੱਖ ਸੰਸਥਾ ਨੂੰ ਬਦਨਾਮ ਕਰਨ ਦੀ ਸਾਜ਼ਿਸ਼ ਹੈ। ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਦੌਰਾਨ ਸਬ-ਕਮੇਟੀ ਨੇ ਸਰਾਵਾਂ ਦੇ ਰਿਕਾਰਡਾਂ ਦੀ ਘੋਖ ਕੀਤੀ, ਜਿਸ ਅਨੁਸਾਰ ਸਬੰਧਤ ਬੀਬੀ ਵੱਲੋਂ ਵੱਖ-ਵੱਖ ਸਮਿਆਂ 'ਤੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੀ ਸਰਾਵਾਂ ਵਿਚ ਰਹਿਣ ਸਬੰਧੀ ਇੰਦਰਾਜ ਮੌਜੂਦ ਹਨ। ਰਿਕਾਰਡ ਅਨੁਸਾਰ ਵੱਖ-ਵੱਖ ਸਮੇਂ ਬੀਬੀ ਵੱਲੋਂ ਕਮਰਾ ਲੈਣ ਸਮੇਂ ਬਕਾਇਦਾ ਬਣਦੀ ਭੇਟਾ ਜਮ੍ਹਾਂ ਕਰਵਾਈ ਗਈ। ਉਨ੍ਹਾਂ ਕਿਹਾ ਕਿ ਇਹ ਕਹਿਣਾ ਬਿਲਕੁਲ ਗ਼ਲਤ ਹੈ ਕਿ ਸ਼੍ਰੋਮਣੀ ਕਮੇਟੀ ਨੇ ਬੀਬੀ ਨੂੰ ਸਰਾਵਾਂ ਵਿਚ ਬਿਨਾਂ ਪੈਸੇ ਦੇ ਕਮਰਾ ਅਤੇ ਗੱਡੀ ਦੀ ਸਹੂਲਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੜਤਾਲ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਸਰਾਵਾਂ ਦੇ ਇੰਚਾਰਜ ਅਮਰੀਕ ਸਿੰਘ ਵੱਲੋਂ ਰਜਿਸਟਰ ਵਿਚ ਰੀਕਾਰਡ ਨਾਲ ਛੇੜਛਾੜ ਕਰਕੇ ਬਾਅਦ ਵਿਚ ਅਲਤ ਇੰਦਰਾਜ ਸ਼ਾਮਲ ਕੀਤੇ ਗਏ। ਸਬੰਧਤ ਰਜਿਸਟਰ ਵਿਚ ਅਜਿਹਾ ਦੋ ਵਾਰ ਕੀਤਾ ਗਿਆ। ਕਿਉਂਕਿ ਰਜਿਸਟਰ ਵਿਚ ਪਹਿਲਾਂ ਹੀ ਸੀਰੀਅਲ ਨੰ: ਅੱਗੇ ਚੱਲ ਰਹੇ ਸਨ, ਇਸ ਲਈ ਪਿਛਲੇ ਸਥਾਨ 'ਤੇ ਐਂਟਰੀ ਕਰਕੇ ਸੀਰੀਅਲ ਨੰਬਰਾਂ ਨਾਲ ਵੀ ਛੇੜਛਾੜ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਸਰਾਵਾਂ ਨਾਲ ਸਬੰਧਤ ਰਜਿਸਟਰਾਂ ਦਾ ਰਿਕਾਰਡ ਵੀ ਮੀਡੀਆ ਸਾਹਮਣੇ ਪੇਸ਼ ਕੀਤਾ ਗਿਆ। ਉਨ੍ਹਾਂ ਮੀਡੀਆ ਸਾਹਮਣੇ ਰਿਕਾਰਡ ਜਨਤਕ ਕਰਦਿਆਂ ਦਿਖਾਇਆ ਕਿ ਵੱਖ-ਵੱਖ ਸਮੇਂ 'ਤੇ ਸੱਤ ਵਾਰ ਬੀਬੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਭੇਟਾ ਦੇ ਕੇ ਕਮਰਾ ਲਿਆ ਅਤੇ ਇਸ ਦੌਰਾਨ ਉਸ ਨਾਲ ਕਈ ਮੈਂਬਰ ਸਰਾਂ ਵਿਚ ਠਹਿਰੇ ਸਨ। ਇਸੇ ਤਰ੍ਹਾਂ ਉਸ ਨੇ ਸ੍ਰੀ ਅੰਮ੍ਰਿਤਸਰ ਵਿਖੇ ਵੀ ਸੱਤ ਵਾਰ ਕਮਰਾ ਭੇਟਾ ਸਹਿਤ ਪ੍ਰਾਪਤ ਕੀਤਾ ਅਤੇ ਦੋ ਵਾਰ ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਵਿਖੇ ਵੀ ਰਹੀ। ਇਹ ਆਮ ਤੌਰ 'ਤੇ ਸ਼ਰਧਾਲੂਆਂ ਦੀ ਤਰ੍ਹਾਂ ਕਮਰਾ ਪ੍ਰਾਪਤ ਕੀਤਾ ਗਿਆ, ਪ੍ਰੰਤੂ ਇਨ੍ਹਾਂ ਤੋਂ ਇਲਾਵਾ ਬਾਕੀ ਇੰਦਰਾਜ ਰਿਕਾਰਡ ਨਾਲ ਛੇੜਛਾੜ ਕਰਕੇ ਦਰਜ ਕੀਤੇ ਗਏ ਹਨ, ਇਸ ਵਿਚਲੀ ਲਿਖਾਈ ਵੀ ਚੱਲ ਰਹੀ ਤਰਤੀਬ ਨਾਲ ਮੇਲ ਨਹੀਂ ਖਾਂਦੀ। ਐਡਵੋਕੇਟ ਧਾਮੀ ਨੇ ਕਿਹਾ ਕਿ ਇਨ੍ਹਾਂ ਦੋਹਾਂ ਇੰਦਰਾਜਾਂ ਦੀ ਲਿਖਾਈ ਬਾਰੇ ਜਾਂਚ ਰਿਪੋਰਟ ਵੀ ਲਈ ਜਾਵੇਗੀ। ਉਨ੍ਹਾਂ ਆਖਿਆ ਕਿ ਇਹ ਬਹੁਤ ਸਾਜ਼ਿਸ਼ ਸੀ, ਜਿਸ ਦੇ ਦੋਸ਼ੀਆਂ 'ਤੇ ਕਾਰਵਾਈ ਕੀਤੀ ਜਾ ਰਹੀ ਹੈ।

ਬੀਬੀ ਨੂੰ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਇਕ ਲੱਖ ਰੁਪਏ ਦੀ ਸਹਾਇਤਾ ਦੇਣ ਦੇ ਮਾਮਲੇ ਸਬੰਧੀ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਮੇਂ-ਸਮੇਂ ਲੋੜਵੰਦਾਂ ਨੂੰ ਧਰਮ ਅਰਥ ਫੰਡ ਵਿੱਚੋਂ ਸਹਾਇਤਾ ਦਿੰਦੀ ਹੈ। ਬੀਬੀ ਵੱਲੋਂ ਆਪਣੀ ਬਿਮਾਰੀ ਦਾ ਹਵਾਲਾ ਦਿੰਦਿਆਂ ਇਲਾਜ਼ ਲਈ ਸਹਾਇਤਾ ਲਈ ਦਿੱਤੀ ਅਰਜ਼ੀ ਅਤੇ ਮੈਡੀਕਲ ਦਸਤਾਵੇਜ਼ਾਂ ਦੇ ਅਧਾਰ 'ਤੇ ਅੰਤ੍ਰਿੰਗ ਕਮੇਟੀ ਨੇ ਇਹ ਸਹਾਇਤਾ ਰਾਸ਼ੀ ਨੂੰ ਪ੍ਰਵਾਨਗੀ ਦਿੱਤੀ ਸੀ। ਲਗਾਏ ਗਏ ਮੈਡੀਕਲ ਦਸਤਾਵੇਜ਼ ਸਰਕਾਰੀ ਹਸਪਤਾਲ ਤੇ ਡਿਸਪੈਂਸਰੀ ਦੇ ਹਨ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਤੋਂ ਨਹੀਂ ਬਲਕਿ ਇਹ ਆਮ ਤੌਰ 'ਤੇ ਦਿੱਤੀ ਜਾਣ ਵਾਲੀ ਸਹਾਇਤਾ ਦੇ ਖਾਤੇ ਧਰਮ ਅਰਥ ਫੰਡ ਵਿੱਚੋਂ ਹਨ ਅਤੇ ਅਜਿਹੀਆਂ ਸਹਾਇਤਾ ਅਕਸਰ ਹੀ ਲੋੜਵੰਦਾਂ ਨੂੰ ਦਿੱਤੀਆਂ ਜਾਂਦੀਆਂ ਹਨ।

ਉਨ੍ਹਾਂ ਸਵਾਲ ਕੀਤਾ ਕਿ ਆਮ ਆਦਮੀ ਪਾਰਟੀ ਦੇ ਬੁਲਾਰੇ ਬਲਤੇਜ ਪੰਨੂ ਚੱਲ ਰਹੀ ਪੁਲਿਸ ਜਾਂਚ ਦੌਰਾਨ ਕਿਸ ਹੈਸੀਅਤ ਵਿਚ ਬੀਬੀ ਦੇ ਫੋਨ ਦਾ ਰਿਕਾਰਡ ਜਨਤਕ ਕਰ ਰਹੇ ਹਨ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਇਹ ਕੇਵਲ ਸਿੱਖ ਸੰਸਥਾ ਨੂੰ ਜਾਣਬੁਝ ਕੇ ਨਿਸ਼ਾਨੇ 'ਤੇ ਲੈਣ ਲਈ ਕੀਤਾ ਜਾ ਰਿਹਾ ਹੈ। ਉਨ੍ਹਾਂ ਬਲਤੇਜ ਪੰਨੂ ਦੇ ਇਨ੍ਹਾਂ ਦੋਸ਼ਾਂ ਨੂੰ ਵੀ ਨਕਾਰਿਆ ਕਿ ਬੀਬੀ ਸ੍ਰੀ ਅਨੰਦਪੁਰ ਸਾਹਿਬ ਰਹਿਣ ਤੋਂ ਪਹਿਲਾਂ ਉਨ੍ਹਾਂ ਨੂੰ ਮਿਲੀ ਸੀ ਅਤੇ ਇਸ ਬਾਰੇ ਉਨ੍ਹਾਂ ਅਮਰਜੀਤ ਸਿੰਘ ਚਾਵਲਾ ਨੂੰ ਕਿਹਾ ਸੀ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਗੱਲ ਬਿਲਕੁਲ ਗ਼ਲਤ ਹੈ ਅਤੇ ਉਨ੍ਹਾਂ ਰੱਬ ਨੂੰ ਜਾਨ ਦੇਣੀ ਹੈ। ਸੋ ਇਲਜ਼ਾਮ ਲਗਾਉਣ ਵਾਲੇ ਕਿਰਦਾਰਕੁਸ਼ੀ ਕਰਨ ਤੋਂ ਬਾਜ਼ ਆਉਣ, ਕਿਉਂਕਿ ਉਨ੍ਹਾਂ ਵਰਗੀ ਭਾਸ਼ਾ ਬੋਲਣਾ ਮੇਰੇ ਸੁਭਾਅ ਦਾ ਹਿੱਸਾ ਨਹੀਂ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਬਹੁਤ ਹੀ ਸੰਜੀਦਾ ਮਾਮਲਾ ਹੈ, ਜਿਸ ਦਾ ਹਰ ਸੱਚ ਸੰਗਤਾਂ ਦੇ ਸਾਹਮਣੇ ਆਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਠੋਸ ਸਬੂਤ ਦੇ ਕਿਸੇ ਦੀ ਕਿਰਦਾਰਕੁਸ਼ੀ ਕਰਨੀ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪੰਥਕ ਸੰਸਥਾ ਹੈ, ਕਿਸੇ ਵਿਅਕਤੀ ਦੀਆਂ ਕਮੀਆਂ ਜਾਂ ਗ਼ਲਤੀਆਂ ਨੂੰ ਅਧਾਰ ਬਣਾ ਕੇ ਪੂਰੀ ਸੰਸਥਾ ਨੂੰ ਨਿਸ਼ਾਨਾ ਬਨਾਉਣਾ ਸਿੱਖ ਕੌਮ ਦੇ ਹਿੱਤ ਵਿਚ ਨਹੀਂ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦਾ ਪੂਰਾ ਸੱਚ ਸਾਹਮਣੇ ਆਵੇ ਇਸੇ ਲਈ ਉਨ੍ਹਾਂ ਨੇ ਸੀਬੀਆਈ ਦੀ ਮੰਗ ਕੀਤੀ ਸੀ, ਜਿਸ ਲਈ ਉਹ ਮੁੜ ਦੁਹਰਾਅ ਰਹੇ ਹਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਸ. ਅਜਮੇਰ ਸਿੰਘ ਖੇੜਾ, ਸ. ਜਗਸੀਰ ਸਿੰਘ ਮਾਂਗੇਆਣਾ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਸ. ਪ੍ਰੀਤਪਾਲ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਬਿਜੈ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸਤਨਾਮ ਸਿੰਘ ਰਿਆੜ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ ਤੇ ਹੋਰ ਮੌਜੂਦ ਸਨ।

### ਪੜਤਾਲੀਆ ਕਮੇਟੀ ਦੀ ਸਿਫਾਰਸ਼ 'ਤੇ ਸਾਬਕਾ ਮੈਨੇਜਰ ਤੇ ਸਰਾਂ ਦਾ ਕਰਮਚਾਰੀ ਮੁਅੱਤਲ- ਸ. ਕਾਹਲਵਾਂ

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਜਾਣਕਾਰੀ ਦਿੱਤੀ ਹੈ ਕਿ ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਗਠਤ ਕੀਤੀ ਪੜਤਾਲੀਆ ਕਮੇਟੀ ਦੀ ਸਿਫ਼ਾਰਸ਼ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜ਼ੁੰਮੇਵਾਰੀ 'ਚ ਕੁਤਾਹੀ ਕਰਨ ਦੇ ਦੋਸ਼ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਾਬਕਾ ਮੈਨੇਜਰ ਸ. ਮਲਕੀਤ ਸਿੰਘ ਅਤੇ ਰਜਿਸਟਰਾਂ ਵਿਚ ਛੇੜਛਾੜ ਕਰਕੇ ਗ਼ਲਤ ਇੰਦਰਾਜ ਦਰਜ ਕਰਨ ਵਾਲੇ ਸਰਾਂ ਦੇ ਇੰਚਾਰਜ ਸ. ਅਮਰੀਕ ਸਿੰਘ ਨੂੰ ਡਿਊਟੀ ਤੋਂ ਮੁਅੱਤਲ ਕਰ ਦਿੱਤਾ ਹੈ। ਇਸ ਦੇ ਨਾਲ ਹੀ ਸਰਾਂ ਵਿਚ ਹੈਲਪਰ ਵਜੋਂ ਡਿਊਟੀ ਨਿਭਾ ਰਹੇ ਭਾਈ ਪ੍ਰਭਜੋਤ ਸਿੰਘ ਦੀ ਵੀ ਤਬਦੀਲੀ ਕੀਤੀ ਗਈ ਹੈ। ਇਸ ਮਾਮਲੇ ਵਿਚ ਅੱਗੋਂ ਵਿਭਾਗੀ ਪੜਤਾਲ ਜਾਰੀ ਰੱਖਣ ਦਾ ਵੀ ਆਦੇਸ਼ ਕੀਤਾ ਗਿਆ ਹੈ।

## ਹਰਜਿੰਦਰ ਸਿੰਘ ਧਾਮੀ ਦੀ ਪ੍ਰੈਸ ਵਾਰਤਾ ਅਨੁਸਾਰ ਬੀਬੀ ਸਰਾਵਾਂ ਵਿੱਚ ਪੈਸੇ ਦੇ ਕੇ 6-7 ਵਾਰ ਰੁਕੀ



**ਅੰਮ੍ਰਿਤਸਰ, 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)-**

1. ਹਰਜਿੰਦਰ ਸਿੰਘ ਧਾਮੀ ਦੀ ਪ੍ਰੈਸ ਵਾਰਤਾ ਅਨੁਸਾਰ ਬੀਬੀ ਸਰਾਵਾਂ ਵਿੱਚ ਪੈਸੇ ਦੇ ਕੇ 6-7 ਵਾਰ ਰੁਕੀ, ਜਦਕਿ ਉਸ ਦੀ 1 ਲੱਖ ਦੀ ਸਹਾਇਤਾ ਐਪਲੀਕੇਸ਼ਨ ਵਿੱਚ ਦੂਜੀ ਲਾਈਨ ਵਿੱਚ ਹੀ ਲਿਖਿਆ ਸੀ ਕਿ ਉਹ 6 ਮਹੀਨੇ ਤੋਂ ਲਗਾਤਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਰਹਿ ਰਹੀ ਹੈ ਅਤੇ ਇਹ ਗੱਲ ਖ਼ੁਦ ਧਾਮੀ ਸਾਬ ਨੇ ਬੋਲ ਕੇ ਸੁਣਾਈ

ਆਵਾਜ਼ਿ ਕੌਮ AWAZE QAUM International Newspaper & WEB TV

2. ਸੰਗਰੂਰ ਦੀ ਰਹਿਣ ਵਾਲੀ ਬੀਬੀ ਦੀ ਵਿੱਤੀ ਸਹਾਇਤਾ ਲਈ ਸਿਫ਼ਾਰਸ਼ ਆਨੰਦਪੁਰ ਸਾਹਿਬ ਤੋਂ SGPC ਮੈਂਬਰ ਅਮਰਜੀਤ ਸਿੰਘ ਚਾਵਲਾ ਨੇ ਕਿਉਂ ਕੀਤੀ, ਜਦਕਿ ਸਿਫ਼ਾਰਸ਼ ਸਥਾਨਕ ਸੰਗਰੂਰ ਤੋਂ ਸ਼੍ਰੋਮਣੀ ਕਮੇਟੀ ਮੈਂਬਰ ਦੀ ਕਰਨੀ ਬਣਦੀ ਸੀ

3. ਕਿਸੇ ਕੈਂਸਰ/ਡਾਇਲਸਿਸ ਦੇ ਲੋੜਵੰਦ ਗੁਰਸਿੱਖ ਪਰਿਵਾਰ ਦੀ ਥਾਂ ਕਿਸੇ ਐਨ.ਆਰ.ਆਈ. ਬੀਬੀ ਨੂੰ ਸਰਕਾਰੀ ਹਸਪਤਾਲ ਦੀਆਂ ਮੁਫ਼ਤ ਮਿਲਣ ਵਾਲੀਆ ਦਵਾਈਆਂ ਲਈ ?1 ਲੱਖ ਦੀ ਸਹਾਇਤਾ ਕਿਓ ਦਿੱਤੀ ਗਈ ??

ਕੀ ਇਸ ਤੋ ਪਹਿਲਾ ਕੋਈ ਇਕ ਵੀ ਕੇਸ ਧਾਮੀ ਸਾਬ ਦੱਸ ਸਕਦੇ ਹਨ ਜਿੱਥੇ ਧਰਮ ਪ੍ਰਚਾਰ ਕਮੇਟੀ ਦੇ ਸਹਾਇਤਾ ਫੰਡ ਵਿੱਚੋ ਕੇਵਲ ਸਰਕਾਰੀ ਹਸਪਤਾਲ ਵਿੱਚੋ ਜ਼ੇਰ ਏ ਇਲਾਜ ਵਿਅਕਤੀ ਜਿਸਦਾ ਮਾਨਸਿਕ ਬਿਮਾਰੀ ਦਾ ਇਲਾਜ਼ ਚੱਲਦਾ ਹੋਵੇ ਨੂੰ ਇੰਨੀ ਵੱਡੀ ਮਾਇਕ ਮਦਦ ਕੇਵਲ ਮੁਫ਼ਤ ਮਿਲਣ ਵਾਲੀਆ ਦਵਾਈਆ ਲਈ ਕੀਤੀ ਹੋਵੇ ।

4 ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਗੁਰੂ ਅਰਜਨ ਦੇਵ ਨਿਵਾਸ ਵਿੱਚ ਜੁਲਾਈ ਮਹੀਨੇ ਬੀਬੀ ਲਈ ਧਾਮੀ ਦੇ ਪੀ.ਏ. ਸ਼ਾਹਬਾਜ਼ ਸਿੰਘ ਵੱਲੋਂ ਫ੍ਰੀ ਵਾਲੇ ਰਜਿਸਟਰ ਰਾਹੀਂ 2-2 ਕਮਰੇ ਬੁੱਕ ਕਰਵਾਏ ਗਏ ਅਤੇ ਕੋਈ ਪੈਸਾ ਨਹੀਂ ਲਿਆ ਗਿਆ , ਕਿਓ ??

5 - 15 ਦਿਨਾਂ ਦੀ ਜਾਂਚ ਵਿੱਚ ਕਿਸੇ ਸਰਾਵਾਂ ਨਾਲ ਜਾ ਤਖ਼ਤਾ ਨਾਲ ਸੰਬੰਧਿਤ ਕਿਸੇ ਮੁਲਾਜ਼ਮ ਦੇ ਬਿਆਨ ਨਹੀਂ ਲਏ ਗਏ ਜਦਕਿ ਪੰਦਰਾਂ ਮਿੰਟਾ ਵਿੱਚ ਹੋਣ ਵਾਲਾ ਰਜਿਸਟਰਾਂ ਦੀਆ ਐਂਟਰੀਜ਼ ਚੈੱਕ ਕਰਨ ਦਾ ਕੰਮ 15 ਦਿਨਾਂ ਵਿੱਚ ਕੀਤਾ ਗਿਆ ।ਅਮਰਜੀਤ ਚਾਵਲਾ, ਵਿਰਸਾ ਸਿੰਘ ਵਲਟੋਹਾ ਅਤੇ ਸਰਬਜੀਤ ਝਿੰਝਰ ਦੇ ਰੋਲ ਅਤੇ ਵਾਰਤਾਲਾਪ ਬਾਰੇ ਰਿਪੋਰਟ ਵਿੱਚ ਕੋਈ ਜ਼ਿਕਰ ਤੱਕ ਨਹੀਂ ਕੀਤਾ ਗਿਆ ।ਜਦਕਿ ਚਾਵਲਾ ਆਪਣੀ ਇੰਟਰਵਿਊ ਤੇ ਬੀਬੀ ਆਪਣੇ ਬਿਆਨਾ ਵਿੱਚ ਮੰਨੀ ਕਿ ਉਸਨੂੰ ਇਕ ਸਾਜ਼ਿਸ਼ ਤਹਿਤ ਵਲਟੋਹੇ ਝਿੰਝਰ ਨੇ ਸੱਦਿਆ

6 ਚੋਣਾਂ 'ਸੰਬੰਧੀ ਹਾਈ ਕੋਰਟ ਰਿੱਟ ਪਾ ਕੇ ਰੋਕ ਲਗਵਾਉਣ ਵਾਲੇ ਹਰਿਆਣਾ ਦੇ ਮੈਂਬਰ ਬਲਦੇਵ ਸਿੰਘ ਕਾਇਮਪੁਰੀ ਨੂੰ ਜਾਂਚ ਕਮੇਟੀ ਦਾ ਮੁਖੀ ਬਣਾਇਆ ਗਿਆ ਅਤੇ ਹਰ ਜਗ੍ਹਾ ਪਹਿਲ ਦਿੱਤੀ ਗਈ, ਜਦਕਿ ਦੋਸ਼ ਕੇਂਦਰ ਸਰਕਾਰ 'ਤੇ ਲਾਇਆ ਜਾ ਰਿਹਾ ਹੈ ਕਿ ਕੇਂਦਰ ਚੋਣਾਂ ਨਹੀਂ ਕਰਵਾ ਰਹੀ

7 ਜਿਸ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਦੇ ਖਾਤੇ 'ਚੋਂ ਪੈਸੇ ਬੀਬੀ ਨੂੰ ਟਰਾਂਸਫਰ ਹੋਏ, ਉਸੇ ਸਕੱਤਰ ਨੂੰ ਜਾਂਚ ਕਮੇਟੀ ਦਾ ਕੋ ਆਰਡੀਨੇਟਰ ਲਗਾਇਆ ਗਿਆ, ਜੋ ਨਿਰਪੱਖਤਾ ਨਾਲ ਖਿਲਵਾੜ ਹੈ

8 ਆਪਣੀਆਂ ਗਲਤੀਆਂ ਅਤੇ ਮਾੜੇ ਕਿਰਦਾਰ ਨੂੰ ਲੁਕਾਉਣ ਲਈ "ਸੰਸਥਾ ਨੂੰ ਢਾਹ ਨਾ ਲਓ " "

ਵਰਗੇ ਸ਼ਬਦਾਂ ਨੂੰ ਢਾਲ ਬਣਾਇਆ ਜਾ ਰਿਹਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸ਼ਿਕਾਇਤ ਅਤੇ ਘਰ ਆ ਕੇ ਗੱਲ ਕਰਨ ਦੀ ਕੋਸ਼ਿਸ਼ ਅਸਫ਼ਲ ਹੋਣ ਤੋਂ ਬਾਅਦ ਚੁੱਕੇ ਸਵਾਲਾਂ ਨੂੰ "ਸੋਸ਼ਲ ਮੀਡੀਆ ਟ੍ਰਾਇਲ" ਦਾ ਨਾਂ ਦਿੱਤਾ ਜਾ ਰਿਹਾ ਹੈ

9 ਤੁਹਾਡੇ ਹਿਸਾਬ ਨਾਲ ਬੀਬੀ ਮਾਨਸਿਕ ਰੋਗੀ ਜਦਕਿ ਗਿਆਨੀ ਹਰਪ੍ਰੀਤ ਸਿੰਘ ਨੂੰ ਸੰਸਥਾ ਵਿੱਚੋ ਕੱਢਣ ਲੱਗੇ ਜੋ ਜਾਅਲੀ ਰਿਪੋਰਟ ਤਿਆਰ ਕੀਤੀ ਸੀ ਓਸ ਵਿੱਚ ਉਕਤ ਬੀਬੀ ਜੋ ਤੁਹਾਡੇ ਹਿਸਾਬ ਨਾਲ ਮਾਨਸਿਕ ਰੋਗੀ ਹੈ ਦੀ ਗਵਾਹੀ ਕਿਵੇ ਮੰਨੀ ਗਈ ??ਕੀ ਮਾਨਸਿਕ ਰੋਗੀ ਦੀ ਗਵਾਹੀ ਤੇ ਇਕ ਜਥੇਦਾਰ ਦੇ ਅਹੁਦੇ ਤੇ ਬੈਠੇ ਵਿਅਕਤੀ ਨੂੰ ਤੁਸੀਂ ਬਰਖਾਸਤ ਕਰ ਦਿੱਤਾ ਸੀ ??

10 ਤੁਸੀਂ ਸਹੂਲਤਾ ਦੇਣ ਦੀ ਗੱਲ ਤੋ ਮੁਨਕਰ ਹੋਏ ਜਦਕਿ ਚਾਵਲਾ ਆਪਣੀ ਇੰਟਰਵਿਊ ਵਿਚ ਅਤੇ ਬੀਬੀ ਆਪਣੀ ਵੱਲੋਂ ਕਰਵਾਈ ਐਫ ਆਈ ਆਰ ਵਿਚ ਮੰਨੀ ਕਿ ਉਸਨੂੰ ਡਰਾਈਵਰ ਗੱਡੀ ਤੇ ਮੁਲਾਜ਼ਮ ਦਿੱਤੇ ਗਏ, ਬੀਬੀ ਤੁਹਾਡੇ ਹਿਸਾਬ ਨਾਲ ਝੂਠੀ ਹੈ ਤਾ ਚਾਵਲਾ ਜਿਸ ਡਰਾਈਵਰ ਦੀ ਗੱਲ ਕਰ ਰਿਹਾ ਉਹ ਡਰਾਈਵਰ ਕੀ ਸਾਈਕਲ ਚਲਾਉਣ ਲਈ ਦਿੱਤਾ ਸੀ ??

ਸਵਾਲ ਹਾਲੇ ਹੋਰ ਵੀ ਨੇ ਫਿਲਹਾਲ ਤੁਹਾਡੀ ਵੱਡੀ ਪ੍ਰਾਪਤੀ ਵਜੋਂ ਪੇਸ਼ ਕੀਤੀ ਤੱਥ ਖੋਜ ਰਿਪੋਰਟ ਅਤੇ ਤੁਹਾਡੇ ਮੀਡੀਆ ਬਿਆਨਾਂ ਵਿੱਚੋ ਹਾਲੇ ਇੰਨੇ ਕੁ ਸਵਾਲਾਂ ਦੇ ਜਵਾਬ ਦੀ ਉਡੀਕ ਵਿੱਚ

ਪੰਥ ਦੀਆ ਸੰਸਥਾਵਾਂ ਨੂੰ ਹਮੇਸ਼ਾ ਚੜਦੀ ਕਲਾ ਵਿੱਚ ਦੇਖਣ ਦਾ ਚਾਹਵਾਨ

**-ਸੁਖਦੇਵ ਸਿੰਘ ਫਗਵਾੜਾ**

**ਅਲਾਇੰਸ ਆਫ਼ ਸਿੱਖ ਆਰਗੇਨਾਈਜ਼ੇਸ਼ਨ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243

## ਸ਼੍ਰੋਮਣੀ ਕਮੇਟੀ ਮੈਂਬਰ ਖਿਲਾਫ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੇ

# ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਲਿਖਤੀ ਸ਼ਿਕਾਇਤ ਦਿੱਤੀ ਗਈ





ਮਾਨਯੋਗ,

ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ,
ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀਓ।

ਵਿਸ਼ਾ - ਸ਼੍ਰੋਮਣੀ ਕਮੇਟੀ ਹਲਕਾ ਜੰਡਿਆਲਾ ਗੁਰੂ ਸੀਟ ਤੇ ਮੌਜੂਦਾਂ ਮੈਂਬਰ ਸ੍ਰ. ਬਿਕਰਮਜੀਤ ਸਿੰਘ ਕੋਟਲਾ ਵਲੋਂ ਦਾਹੜਾ ਰੰਗਣ ਦੀ ਸ਼ਕਾਇਤ ਬਾਬਤ।

ਸ੍ਰੀ ਮਾਨ ਜੀ,

ਆਪ ਜੀ ਅੱਗੇ ਸਨਿਮਰ ਬੇਨਤੀ ਕੀਤੀ ਜਾਂਦੀ ਹੈ ਕੇ ਸਿੱਖ ਰਹਿਤ ਮਰਿਯਾਦਾ ਅਨੁਸਾਰ ਹਰ ਸਿੱਖ ਦਾ ਫਰਜ ਹੈ ਕਿ ਉਹ ਦਾਹੜਾ ਕੇਸਾਂ ਨਾਲ ਕੋਈ ਵੀ ਛੇੜਛਾੜ ਨਾ ਕਰਨ। ਅੰਮ੍ਰਿਤਧਾਰੀ ਸਿੱਖ ਲਈ ਤਾਂ ਗੁਰੂ ਹੁਕਮਾਂ ਮੁਤਾਬਕ ਇਹ ਅਸੂਲ ਬਿਲਕੁਲ ਲਾਜ਼ਮੀ ਲਾਗੂ ਹੈ। ਜੇਕਰ ਕੋਈ ਵਿਅਕਤੀ ਧਾਰਮਿਕ ਸੰਸਥਾਂ ਦਾ ਅਹੁਦੇਦਾਰ ਹੋਵੇ ਤਾਂ ਉਸ ਵਲੋਂ ਇਹ ਬੱਜਰ ਕੁਰਹਿਤ ਹੈ। ਉਪਰੋਕਤ ਲਿਖੇ ਨਾਮ ਵਾਲਾ ਵਿਅਕਤੀ ਸਿੱਖ ਪੰਥ ਦੀ ਸਿਰਮੌਰ ਧਾਰਮਿਕ ਸੰਸਥਾ ਦਾ ਚੁਣੰਤ ਮੈਂਬਰ ਹੈ। ਜੋ ਆਪਣਾ ਦਾਹੜਾ ਰੰਗ ਕਿ ਗੁਰੂ ਰਹਿਤ ਮਰਿਆਦਾ ਦੀ ਘੋਰ ਉਲੰਘਣਾ ਕਰ ਰਿਹਾ ਹੈ।

ਆਪ ਜੀ ਨੂੰ ਬੇਨਤੀ ਹੈ ਕੇ ਤੁਸੀਂ ਆਪਣੇ ਪੱਧਰ ਤੇ ਵੀ ਜਾਂਚ ਕਰਵਾ ਕੇ ਪਤਾ ਕਰ ਸਕਦੇ ਹੋ। ਸੋ ਕਿਰਪਾ ਕਰਕੇ ਇਸ ਸ਼ਕਾਇਤ ਤੇ ਜਲਦੀ ਕਾਰਵਾਈ ਕਰਕੇ ਸਿੱਖ ਰਹਿਤ ਮਰਿਆਦਾ ਮੁਤਾਬਕ ਉਚਿਤ ਧਾਰਮਿਕ ਸਜਾ ਦੇਵੋ।

6/10/26 ਆਪ ਜੀ ਦੇ ਅਤਿ ਧੰਨਵਾਦੀ ਹੋਵਾਂਗੇ।

(ਦਾਸ)
ਸਮੂਹ ਸਿੱਖ ਸੰਗਤਾਂ,
ਹਲਕਾ ਜੰਡਿਆਲਾ ਗੁਰੂ
ਸ੍ਰੀ ਅੰਮ੍ਰਿਤਸਰ ਸਾਹਿਬ।

**ਜੰਡਿਆਲਾ ਗੁਰੂ 6 ਅਕਤੂਬਰ ( ਕੁਲਵੰਤ ਸਿੰਘ ਵਿਰਦੀ )** -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਲਕਾ ਜੰਡਿਆਲਾ ਗੁਰੂ ਨਾਲ ਸਬੰਧਤ ਇੱਕ ਮੈਂਬਰ ਵੱਲੋਂ ਦਾਹੜੇ ਨੂੰ ਰੰਗ ਕਰਨ ਸਬੰਧੀ ਸ਼ਿਕਾਇਤ ਕਰਦਿਆਂ ਮਾਮਲੇ ਦੀ ਜਾਂਚ ਕਰਵਾਕੇ ਸਿੱਖ ਰਹਿਤ ਮਰਿਆਦਾ ਅਨੁਸਾਰ ਉਚਿਤ ਧਾਰਮਿਕ ਕਾਰਵਾਈ ਕਰਨ ਦੀ ਮੰਗ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਕੋਲੋਂ ਕੀਤੀ ਗਈ ਹੈ।ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ ਸਿੱਖ ਰਹਿਤ ਮਰਿਆਦਾ ਅਨੁਸਾਰ ਹਰ ਸਿੱਖ ਦਾ ਫਰਜ਼ ਹੈ ਕਿ ਉਹ ਆਪਣੇ ਕੇਸਾਂ ਅਤੇ ਦਾਹੜੇ ਨਾਲ ਕਿਸੇ ਤਰ੍ਹਾਂ ਦੀ ਛੇੜਛਾੜ ਨਾ ਕਰੇ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਹੈ ਕਿ ਸਬੰਧਤ ਵਿਅਕਤੀ ਵੱਲੋਂ ਦਾਹੜੇ ਨੂੰ ਰੰਗ ਕਰਵਾਇਆ ਗਿਆ ਹੈ, ਜੋ ਸਿੱਖ ਰਹਿਤ ਮਰਿਆਦਾ ਦੇ ਉਲਟ ਹੈ।ਸ਼ਿਕਾਇਤ ਵਿੱਚ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਅਪੀਲ ਕੀਤੀ ਗਈ ਹੈ ਕਿ ਮਾਮਲੇ ਦੀ ਪੂਰੀ ਜਾਂਚ ਕਰਵਾਈ ਜਾਵੇ ਅਤੇ ਜੇਕਰ ਦੋਸ਼ ਸਹੀ ਪਾਏ ਜਾਂਦੇ ਹਨ ਤਾਂ ਸਿੱਖ ਰਹਿਤ ਮਰਿਆਦਾ ਮੁਤਾਬਕ ਬਣਦੀ ਕਾਰਵਾਈ ਕੀਤੀ ਜਾਵੇ ।ਸ਼ਿਕਾਇਤ ਕਰਤਾ ਨੇ ਦਸਿਆ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਦਫਤਰ ਵਲੋ ਓਹਨਾਂ ਨੂੰ 1410 ਸ਼ਿਕਾਇਤ ਨੰਬਰ ਮਿਤੀ 6 ਅਕਤੂਬਰ ਦਰਜ ਕਰਕੇ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ ।ਇਸ ਸਬੰਧੀ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੋਬਾਇਲ ਤੇ ਸੰਪਰਕ ਕਰਨਾ ਚਾਹਿਆ ਤਾਂ ਜਰੂਰੀ ਰੁਝੇਵਿਆਂ ਕਰਕੇ ਸ਼ਾਇਦ ਉਹ ਵਿਅਸਤ ਸਨ । ਉਨਾਂ ਦੇ ਸਹਾਇਕ ਸਰਦਾਰ ਬਗੀਚਾ ਸਿੰਘ ਨੇ ਦੱਸਿਆ ਕਿ ਸ਼ਿਕਾਇਤ ਆਈ ਹੈ ਅਤੇ ਇੱਕ ਦੋ ਦਿਨਾਂ ਵਿੱਚ ਇਸ ਸਬੰਧੀ ਜਾਂਚ ਪੜਤਾਲ ਉਪਰੰਤ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

**ਮਾਮਲਾ ਸਿੱਖ ਰਹਿਤ ਮਰਿਯਾਦਾ ਨੂੰ ਛਿੱਕੇ ਟੰਗ ਕਿ ਦਾਹੜਾ ਰੰਗਣ ਦਾ**

## ਜੰਡਿਆਲਾ ਗੁਰੂ ਵਿਖੇ ਆਚਾਰਿਆ ਸ਼੍ਰੀਮਦ ਵਿਜੈ ਵੱਲਭ ਸੂਰੀਸ਼ਵਰ ਜੀ ਮਹਾਰਾਜ ਦੀ

# 72ਵੀਂ ਪੁਣਯ ਤਿਥੀ 'ਤੇ ਦੀਪ ਪ੍ਰਜਵਲਨ ਅਤੇ ਸਿੱਖਿਆ ਪ੍ਰਭਾਵਨਾ



**ਜੰਡਿਆਲਾ ਗੁਰੂ, 6 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਆਚਾਰਿਆ ਸ਼੍ਰੀਮਦ ਵਿਜੈ ਵੱਲਭ ਸੂਰੀਸ਼ਵਰ ਜੀ ਮਹਾਰਾਜ ਦੀ 72ਵੀਂ ਪੁਣਯ ਤਿਥੀ ਸ਼ਰਧਾ ਅਤੇ ਭਗਤੀ ਭਾਵਨਾ ਨਾਲ ਮਨਾਈ ਗਈ। ਪ੍ਰੈਸ ਸਕੱਤਰ ਗੁਲਸ਼ਨ ਜੈਨ ਨੇ ਦੱਸਿਆ ਕਿ ਇਸ ਮੌਕੇ ਸਵੇਰੇ ਸ਼੍ਰੀ ਆਦਿਨਾਥ ਜੈਨ ਮੰਦਰ ਵਿਖੇ ਜੈਨ ਸਮਾਜ, ਸਮੁੱਚੇ ਸੰਘ ਅਤੇ ਮਹਿਲਾ ਮੰਡਲ ਵੱਲੋਂ ਦੀਪ ਪ੍ਰਜਵਲਿਤ ਕਰਕੇ ਆਚਾਰਿਆ ਸ਼੍ਰੀ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਉਪਰੰਤ ਜੈਨ ਸਮਾਜ ਦੇ ਮੈਂਬਰ ਇਕੱਠੇ ਹੋ ਕੇ ਸਭ ਤੋਂ ਪਹਿਲਾਂ ਗੁਰੂ ਮੰਦਰ ਵਿਖੇ ਪਹੁੰਚੇ, ਜਿੱਥੇ ਆਚਾਰਿਆ ਸ਼੍ਰੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਤੋਂ ਬਾਅਦ ਸਮੁੱਚਾ ਜੈਨ ਸਮਾਜ ਐਸ. ਏ. ਜੈਨ ਸੀਨੀਅਰ ਸੈਕੰਡਰੀ ਸਕੂਲ, ਜੰਡਿਆਲਾ ਗੁਰੂ ਵਿਖੇ ਪਹੁੰਚਿਆ। ਸਕੂਲ ਦੇ ਵਿਹੜੇ ਵਿੱਚ ਵੀ ਆਚਾਰਿਆ ਸ਼੍ਰੀਮਦ ਵਿਜੈ ਵੱਲਭ ਸੂਰੀਸ਼ਵਰ ਜੀ ਮਹਾਰਾਜ ਦੀ ਯਾਦ ਵਿੱਚ ਦੀਪ ਪ੍ਰਜਵਲਿਤ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਸਕੂਲ ਕਮੇਟੀ ਵੱਲੋਂ ਵਿਦਿਆਰਥੀਆਂ ਵਿੱਚ ਸਿੱਖਿਆ ਦੀ ਪ੍ਰਭਾਵਨਾ ਕੀਤੀ ਗਈ।ਬੱਚਿਆਂ ਨੂੰ ਸਿੱਖਿਆ ਦੀ ਮਹੱਤਤਾ ਦੇ ਨਾਲ-ਨਾਲ ਆਚਾਰਿਆ ਸ਼੍ਰੀ ਵੱਲੋਂ ਸਿੱਖਿਆ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਪਾਏ ਗਏ ਮਹੱਤਵਪੂਰਨ ਯੋਗਦਾਨ ਬਾਰੇ ਜਾਣਕਾਰੀ ਦਿੱਤੀ ਗਈ।ਸਮਾਜ ਦੇ ਮੈਂਬਰਾਂ ਨੇ ਕਿਹਾ ਕਿ ਆਚਾਰਿਆ ਸ਼੍ਰੀਮਦ ਵਿਜੈ ਵੱਲਭ ਸੂਰੀਸ਼ਵਰ ਜੀ ਮਹਾਰਾਜ ਨੇ ਸਿੱਖਿਆ ਨੂੰ ਸਮਾਜ ਦੇ ਉਥਾਨ ਦਾ ਇੱਕ ਮਜ਼ਬੂਤ ਸਾਧਨ ਬਣਾਇਆ। ਉਨ੍ਹਾਂ ਦੇ ਆਦਰਸ਼ਾਂ ਅਤੇ ਵਿਚਾਰਾਂ ਨੂੰ ਅੱਗੇ ਵਧਾਉਣਾ ਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੈ।ਇਸ ਮੌਕੇ ਜੈਨ ਸਭਾ ਦੇ ਪ੍ਰਧਾਨ ਰਾਕੇਸ਼ ਜੈਨ ਸਾਬਣ ਵਾਲੇ, ਵਾਈਸ ਪ੍ਰਧਾਨ ਰਾਜੇਸ਼ ਜੈਨ (ਕਾਲੂ ਸਰਾਫ), ਵਾਈਸ ਪ੍ਰਧਾਨ ਰਿੱਪੂ ਜੈਨ, ਐਸ. ਏ. ਜੈਨ ਸੀਨੀਅਰ ਸੈਕੰਡਰੀ ਸਕੂਲ ਦੇ ਮੈਨੇਜਰ ਹੇਮਰ ਜੈਨ (ਬੰਟੀ), ਵਾਈਸ ਮੈਨੇਜਰ ਸੁਭਾਸ਼ ਜੈਨ,ਪ੍ਰਿੰਸੀਪਲ ਨੇਹਾ ਕਾਲੜਾ,ਕਾਲੇ ਸ਼ਾਹ, ਵਰੁਣ ਜੈਨ, ਬੱਬੀ ਜੈਨ, ਰਾਜੇਸ਼ ਜੈਨ, ਵਾਈਟ ਜੈਨ, ਵਿਕਾਸ ਜੈਨ, ਇੰਦਰਪਾਲ ਜੈਨ, ਤਰੁਣ ਜੈਨ, ਦਰਪਣ ਜੈਨ ਸਮੇਤ ਵੱਡੀ ਗਿਣਤੀ ਵਿੱਚ ਜੈਨ ਸਮਾਜ ਦੇ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# 'ਮਾਨ ਦੇਵ ਮੁਨਾਫੇ' ਸਕੀਮ ਤਹਿਤ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਰਾਏਪੁਰ ਕਲਾਂ ਵਿਖੇ ਡੋਰ-ਟੂ-ਡੋਰ ਮੁਹਿੰਮ



**ਜੰਡਿਆਲਾ ਗੁਰੂ 6 ਅਕਤੂਬਰ ( ਕੁਲਵੰਤ ਸਿੰਘ ਵਿਰਦੀ )** : 'ਮਾਨ ਦੇਵ ਮੁਨਾਫੇ' ਸਕੀਮ ਤਹਿਤ ਪੰਜਾਬ ਸਰਕਾਰ ਦੇ ਮੰਤਰੀਆਂ ਅਤੇ ਵਿਧਾਇਕਾਂ ਵੱਲੋਂ ਘਰ-ਘਰ ਜਾ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਲੋਕ-ਭਲਾਈ ਸਕੀਮਾਂ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।ਇਸੇ ਲੜੀ ਤਹਿਤ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਰਾਏਪੁਰ ਕਲਾਂ ਵਿਖੇ ਡੋਰ-ਟੂ-ਡੋਰ ਮੁਹਿੰਮ ਚਲਾਈ ਗਈ। ਇਸ ਦੌਰਾਨ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਪੰਜਾਬ ਸਰਕਾਰ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੇ ਗਏ ਲੋਕ-ਭਲਾਈ ਕਾਰਜਾਂ ਅਤੇ ਉਪਲਬਧ ਕਰਵਾਈਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਆਮ ਲੋਕਾਂ ਦੀ ਬਿਹਤਰੀ ਅਤੇ ਸੂਬੇ ਦੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਦਾ ਭਰਪੂਰ ਲਾਭ ਉਠਾਉਣ ਅਤੇ ਸਰਕਾਰੀ ਸਹੂਲਤਾਂ ਸਬੰਧੀ ਜਾਣਕਾਰੀ ਹਾਸਲ ਕਰਨ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਪਿਛਲੇ ਸਮੇਂ ਦੌਰਾਨ ਸੂਬਾ ਵਾਸੀਆਂ ਨੂੰ ਦਿੱਤੇ ਗਏ ਲਾਭਾਂ ਅਤੇ ਕੀਤੇ ਗਏ ਕੰਮਾਂ ਤੋਂ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਨੂੰ ਆਪਣਾ ਸਮਰਥਨ ਦੇਣਗੇ ਅਤੇ ਸੂਬੇ ਦੀ ਸੇਵਾ ਦਾ ਮੌਕਾ ਦੇਣਗੇ।ਇਸ ਮੌਕੇ ਸ. ਹਰਭਜਨ ਸਿੰਘ ਈ.ਟੀ.ਓ. ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਵੀ ਸੁਣੇ ਅਤੇ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਜਾਇਜ਼ ਸਮੱਸਿਆਵਾਂ ਦੇ ਹੱਲ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਦੀਵਾਲੀ/ਗੁਰਪੁਰਬ ਮੌਕੇ ਪਟਾਕਿਆਂ ਦੀ ਵਿਕਰੀ ਲਈ ਆਰਜ਼ੀ ਲਾਇਸੈਂਸ ਵਾਸਤੇ 8 ਤੋਂ 10 ਅਕਤੂਬਰ ਤੱਕ ਅਰਜ਼ੀਆਂ ਮੰਗੀਆਂ



**ਜੰਡਿਆਲਾ ਗੁਰੂ 6 ਅਕਤੂਬਰ ( ਕੁਲਵੰਤ ਸਿੰਘ ਵਿਰਦੀ )** -ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਦੀਵਾਲੀ/ਗੁਰਪੁਰਬ ਦੇ ਤਿਉਹਾਰਾਂ ਮੌਕੇ ਪਟਾਕਿਆਂ ਦੀ ਵਿਕਰੀ ਲਈ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਆਰਜ਼ੀ (Temporary) ਲਾਇਸੈਂਸ ਜਾਰੀ ਕੀਤੇ ਜਾਣੇ ਹਨ। ਇਸ ਸਬੰਧੀ ਚਾਹਵਾਨ ਵਿਅਕਤੀ 8 ਤੋਂ 10 ਅਕਤੂਬਰ 2026 ਨੂੰ ਸ਼ਾਮ 5:00 ਵਜੇ ਤੱਕ ਆਪਣੀਆਂ ਦਰਖਾਸਤਾਂ ਜ਼ਿਲ੍ਹੇ ਦੇ ਸਮੂਹ ਸੇਵਾ ਕੇਂਦਰਾਂ ਵਿੱਚ ਜਮ੍ਹਾਂ ਕਰਵਾ ਸਕਦੇ ਹਨ।ਉਨ੍ਹਾਂ ਦੱਸਿਆ ਕਿ ਨਿਰਧਾਰਤ ਸਮੇਂ ਅੰਦਰ ਪ੍ਰਾਪਤ ਹੋਣ ਵਾਲੀਆਂ ਦਰਖਾਸਤਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਨਿਯਮਾਂ ਅਨੁਸਾਰ ਯੋਗ ਪਾਈਆਂ ਗਈਆਂ ਅਰਜ਼ੀਆਂ ਵਿੱਚੋਂ ਆਰਜ਼ੀ ਲਾਇਸੈਂਸ ਜਾਰੀ ਕਰਨ ਲਈ ਡਰਾਅ ਕੱਢਿਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਲਾਇਸੈਂਸ ਜਾਰੀ ਕਰਨ ਲਈ ਡਰਾਅ 13 ਅਕਤੂਬਰ 2026 ਨੂੰ ਦੁਪਹਿਰ 2:00 ਵਜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਅੰਮ੍ਰਿਤਸਰ ਦੇ ਕਮਰਾ ਨੰਬਰ 168, ਮੀਟਿੰਗ ਹਾਲ ਵਿਖੇ ਕੱਢਿਆ ਜਾਵੇਗਾ। ਸ੍ਰੀ ਦਲਵਿੰਦਰਜੀਤ ਸਿੰਘ ਨੇ ਚਾਹਵਾਨ ਵਿਅਕਤੀਆਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਤ ਮਿਤੀ ਅਤੇ ਸਮੇਂ ਅੰਦਰ ਆਪਣੀਆਂ ਦਰਖਾਸਤਾਂ ਸੇਵਾ ਕੇਂਦਰਾਂ ਰਾਹੀਂ ਜਮ੍ਹਾਂ ਕਰਵਾਉਣ। ਉਨ੍ਹਾਂ ਕਿਹਾ ਕਿ ਪਟਾਕਿਆਂ ਦੀ ਵਿਕਰੀ ਅਤੇ ਲਾਇਸੈਂਸ ਸਬੰਧੀ ਸਾਰੇ ਨਿਰਧਾਰਤ ਨਿਯਮਾਂ ਅਤੇ ਸ਼ਰਤਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇਗੀ।ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਜ਼ਿਲ੍ਹਾ ਪ੍ਰਸ਼ਾਸਨ ਦੀ ਵੈੱਬਸਾਈਟ amritsar.nic.in 'ਤੇ ਉਪਲਬਧ ਕਰਵਾਈ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਲਖਵਿੰਦਰ ਸਿੰਘ ਪ੍ਰਿੰਗੜੀ ਤੇ ਬਿੱਲਾ ਸਿੰਘ ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਤੇ ਸਕੱਤਰ ਚੁਣੇ ਗਏ

**ਭਿੱਖੀਵਿੰਡ (ਖਾਲੜਾ), 6 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਦਿਹਾਤੀ ਮਜ਼ਦੂਰ ਸਭਾ ਵਲੋਂ ਪਿੰਡ ਪ੍ਰਿੰਗੜੀ ਵਿਖੇ ਮਜ਼ਦੂਰਾ ਦੀ ਭਰਵੀਂ ਮੀਟਿੰਗ ਕੀਤੀ ਗਈ ਮੀਟਿੰਗ ਦੀ ਪ੍ਰਧਾਨਗੀ ਲਖਵਿੰਦਰ ਸਿੰਘ ਨੇ ਕੀਤੀ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਮਜ਼ਦੂਰ ਔਰਤਾਂ ਤੇ ਮਰਦ ਸ਼ਾਮਲ ਹੋਏ ਮੀਟਿੰਗ ਨੂੰ ਸੰਬੋਧਨ ਕਰਦਿਆ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲਾ ਸਕੱਤਰ ਚਮਨ ਲਾਲ ਦਰਾਜਕੇ ਨੇ ਪੰਜਾਬ ਸਰਕਾਰ ਤੋ ਮੰਗ ਕਰਦਿਆ ਕਿਹਾ ਕਿ ਗਰੀਬ ਲੋਕਾਂ ਨੂੰ ਪੰਚਾਇਤੀ ਜਮੀਨ ਵਿੱਚੋ ਦਸ ਦਸ ਮਰਲੀਆ ਦੇ ਪਲਾਟ ਅਲਾਟ ਕਰਕੇ ਦਿੱਤੇ ਜਾਣ ਅਤੇ ਘਰ ਬਣਾਉਣ ਲਈ ਪੰਜ ਲੱਖ ਦੀ ਗਰਾਂਟ ਦਿੱਤੀ ਜਾਵੇ ਬੁਡਾਪਾ, ਅੰਗਹੀਣ ,ਵਿਧਵਾ ਪੈਨਸ਼ਨ ਘੱਟੋ ਘੱਟ ਪੰਜ ਹਜ਼ਾਰ ਕੀਤੀ ਜਾਵੇ ਅਤੇ ਨਾਲ ਹੀ ਉਮਰ ਦੀ ਹੱਦ ਮਰਦ ਦੀ 65 ਸਾਲ ਤੋਂ ਘਟਾ ਕੇ 58 ਸਾਲ ਅਤੇ ਔਰਤ ਦੀ 60 ਤੋਂ ਘਟਾ ਕੇ 55 ਸਾਲ ਕੀਤੀ ਜਾਵੇ ਮਨਰੇਗਾ ਸਕੀਮ ਤਹਿਤ ਸਾਰੇ ਪਰਿਵਾਰ ਨੂੰ ਸਾਰੇ ਸਾਲ ਕੰਮ ਦਿੱਤਾ ਜਾਵੇ ਅਤੇ ਦਿਹਾੜੀ 700 ਰਰੁਪਏ ਦਿੱਤੀ ਜਾਵੇ ਅਤੇ 51000 ਹਜ਼ਾਰ ਸ਼ਗਨ ਸਕੀਮ ਲੜਕੀ ਦੇ ਵਿਆਹ ਵੇਲੇ ਦਿੱਤੀ ਜਾਂਦੀ ਹੈ ਉਹ ਰਕਮ ਲੜਕੀ ਦੇ ਜਨਮ ਵੇਲੇ ਦਿੱਤੀ ਜਾਵੇ ਜੇਕਰ ਪੰਜਾਬ ਸਰਕਾਰ ਨੇ ਮਜ਼ਦੂਰਾਂ ਦੀਆ ਭਖਦੀਆ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਦਿਹਾਤੀ ਮਜ਼ਦੂਰ ਸਭਾ ਵਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਮੀਟਿੰਗ ਦੇ ਅੰਤ ਵਿੱਚ ਦਿਹਾਤੀ ਮਜ਼ਦੂਰ ਸਭਾ ਵਲੋਂ ਬਰਾਂਚ ਪ੍ਰਿੰਗੜੀ ਦੀ ਚੋਣ ਕੀਤੀ ਗਈ ਜਿਸ ਵਿੱਚ ਲਖਵਿੰਦਰ ਸਿੰਘ ਪ੍ਰਧਾਨ ਬਿੱਲਾ ਸਿੰਘ ਸਕੱਤਰ ਚੁਣੇ ਜਾਣ ਤੋ ਇਲਾਵਾ ਇਕੀ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਇਆ ਮੀਟਿੰਗ ਵਿੱਚ ਹੋਰਨਾਂ ਤੋ ਇਲਾਵਾ ਜਥੇਬੰਦੀ ਦੇ ਸੀਨੀਅਰ ਆਗੂ ਜਸਵੰਤ ਸਿੰਘ ਭਿੱਖੀਵਿੰਡ ਅਤੇ ਸੰਤੋਖ ਸਿੰਘ ਮਖੀਕਲਾਂ ਆਦਿ ਆਗੂ ਸ਼ਾਮਲ ਸਨ । ਉਹ ਰਕਮ ਲੜਕੀ ਦੇ ਜਨਮ ਵੇਲੇ ਦਿੱਤੀ ਜਾਵੇ ਜੇਕਰ ਪੰਜਾਬ ਸਰਕਾਰ ਨੇ ਮਜ਼ਦੂਰਾਂ ਦੀਆ ਭਖਦੀਆ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਦਿਹਾਤੀ ਮਜ਼ਦੂਰ ਸਭਾ ਵਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਮੀਟਿੰਗ ਦੇ ਅੰਤ ਵਿੱਚ ਦਿਹਾਤੀ ਮਜ਼ਦੂਰ ਸਭਾ ਵਲੋਂ ਬਰਾਂਚ ਪ੍ਰਿੰਗੜੀ ਦੀ ਚੋਣ ਕੀਤੀ ਗਈ.

ਆਵਾਜ਼ਿ ਕੌਮ AWAZE QAUM International Newspaper & WEB TV